ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum** (ਯੂ. ਕੇ. ਤੋਂ ਪ੍ਰਕਾਸ਼ਿਤ)

**International Daily Newspaper & WEB TV**

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਵੀਰਵਾਰ, 22 ਮਈ 2025 (ਨਾਨਕਸ਼ਾਹੀ ਸੰਮਤ : ੫੫੭, ੯ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

## ਪੰਜ ਪਿਆਰਿਆਂ ਵੱਲੋਂ ਸੁਖਬੀਰ ਸਿੰਘ ਬਾਦਲ ਨੂੰ ਤਖ਼ਤ ਸ੍ਰੀ ਪਟਨਾ ਸਾਹਿਬ ਪੇਸ਼ ਹੋਣ ਦੇ ਆਦੇਸ਼

# ਜਥੇਦਾਰ ਕੁਲਦੀਪ ਸਿੰਘ ਗੜਗੱਜ, ਟੇਕ ਸਿੰਘ ਧਨੌਲਾ ਤਨਖਾਹੀਆ ਕਰਾਰ

**ਸ੍ਰੀ ਅੰਮ੍ਰਿਤਸਰ ਸਾਹਿਬ, 21 ਮਈ (ਆਵਾਜ਼ਿ ਕੌਮ ਬਿਊਰੋ)**-ਤਖ਼ਤ ਸ੍ਰੀ ਪਟਨਾ ਸਾਹਿਬ ਦੇ 5 ਪਿਆਰਿਆਂ ਵੱਲੋਂ ਜਥੇਦਾਰ ਕੁਲਦੀਪ ਸਿੰਘ ਗੜਗੱਜ ਤੇ ਜਥੇਦਾਰ ਟੇਕ ਸਿੰਘ ਧਨੌਲਾ ਨੂੰ ਤਨਖਾਹੀਆ ਕਰਾਰ ਦਿੱਤਾ ਗਿਆ ਹੈ। ਪੰਜ ਪਿਆਰਿਆਂ ਦੀ ਵਿਸ਼ੇਸ਼ ਇਕੱਤਰਤਾ ਦੇ ਵਿੱਚ ਇਹ ਫੈਸਲਾ ਲਿਆ ਗਿਆ ਹੈ। ਇਸ ਤੋਂ ਇਲਾਵਾ ਸੁਖਬੀਰ ਬਾਦਲ ਨੂੰ ਤਖ਼ਤ ਸਾਹਿਬ ਉੱਤੇ 10 ਦਿਨਾਂ ਦੇ ਅੰਦਰ ਪੇਸ਼ ਹੋਣ ਦੇ ਆਦੇਸ਼ ਜਾਰੀ ਕੀਤੇ ਗਏ ਹਨ। ਇਸ ਦੇ ਨਾਲ ਹੀ ਕਿਹਾ ਗਿਆ ਹੈ ਕਿ ਜੇਕਰ ਕੋਈ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਸਤਿਕਾਰ ਯੋਗ ਪੰਜ ਪਿਆਰੇ ਸਿੰਘ ਸਾਹਿਬਾਨ ਵੱਲੋਂ ਜਾਰੀ ਹੁਕਮਨਾਮਾ ਦਾ ਵਿਰੋਧ ਕਰਦਾ ਹੈ ਜਾਂ ਮੰਨਣ ਤੋਂ ਇਨਕਾਰ ਕਰਦਾ ਹੈ ਤਾਂ ਉਨ੍ਹਾਂ ਉਤੇ ਵੀ ਪੰਥਕ ਰਵਾਇਤ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ। ਇਸ ਨੂੰ ਲੈ ਕੇ ਤਖ਼ਤ ਸ੍ਰੀ ਪਟਨਾ ਸਾਹਿਬ ਵੱਲੋਂ ਹੁਕਮਨਾਮਾ ਜਾਰੀ ਕੀਤਾ ਗਿਆ ਹੈ ਜਿਸ ਵਿੱਚ ਲਿਖਿਆ ਗਿਆ ਹੈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਕਥਿਤ ਤੇ ਆਪੋਥਾਪੀ ਜਥੇਦਾਰ ਜਿਸ ਨੂੰ ਪੰਥ ਵੱਲੋਂ ਅਸਵੀਕਾਰ ਕਰਦੇ ਹੋਏ ਨਕਾਰ ਦਿਤਾ ਗਿਆ ਹੈ, ਉਨ੍ਹਾਂ ਵੱਲੋਂ ਰਾਜਨੀਤੀ ਤੋਂ ਪ੍ਰੇਰੀਤ ਹੋਕੇ ਅੱਜ ਜਾਰੀ ਕੀਤੇ ਗਏ ਹੁਕਮਨਾਮਾ ਜਿਸ ਰਾਹੀਂ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਸਤਿਕਾਰ ਯੋਗ ਪੰਜ ਪਿਆਰੇ ਸਿੰਘ ਸਾਹਿਬ ਵੱਲੋਂ ਜਾਰੀ ਹੁਕਮਨਾਮਾ ਤੇ ਆਦੇਸ਼ ਦੀ ਉਲੰਘਨਾ ਕਰਨ ਦਾ ਦੋਸ਼ੀ ਮਨਦੇ ਹੋਏ, ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਸੰਵਿਧਾਨ ਤੇ ਉਪਨਿਯਮ ਨੂੰ ਚੁਣੌਤੀ ਦਿੰਦੇ ਹੋਏ ਇਥੇ ਦੇ ਪ੍ਰਬੰਧਕ ਕਮੇਟੀ ਦੇ ਅਧੀਕਾਰ ਅਤੇ ਸ਼ਕਤੀ ਵਿੱਚ ਦਖ਼ਲਅੰਦਾਜ਼ੀ ਕਰਕੇ ਉਸ ਦੇ ਨਿਰਣੈ ਖਿਲਾਫ ਹੁਕਮਨਾਮਾ ਜਾਰੀ ਕਰਨ ਦਾ ਦੋਸ਼ੀ ਮਨਦੇ ਹੋਏ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਸਤਿਕਾਰ ਯੋਗ ਪੰਜ ਪਿਆਰੇ ਸਿੰਘ ਸਾਹਿਬਾਨ ਵੱਲੋਂ ਗਿਆਨੀ ਕੁਲਦੀਪ ਸਿੰਘ ਗੜਗੱਜ ਤੇ ਗਿਆਨੀ ਟੇਕ ਸਿੰਘ ਨੂੰ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਮਾਨ-ਸਨਮਾਨ, ਮਰਿਆਦਾ, ਪਰੰਪਰਾ, ਸੰਪ੍ਰਭੂਤਾ ਆਦਿ ਨੂੰ ਠੇਸ ਪਹੁੰਚਾਨ ਦਾ ਗੰਭੀਰ ਦੋਸ਼ੀ ਮਨਦੇ ਹੋਏ ਤਨਖਾਹੀਆ ਘੋਸ਼ੀਤ ਕੀਤਾ ਜਾਂਦਾ ਹੈ। ਇਸ ਘਟਨਾਕਰਮ ਵਿੱਚ ਸੁਖਬੀਰ ਸਿੰਘ ਬਾਦਲ ਦੇ ਦਖ਼ਲਅੰਦਾਜ਼ੀ ਤੇ ਸਾਜਿਸਕਰਤਾ ਦੇ ਰੂਪ ਵਿਚ ਸ਼ਾਮਲ ਹੋਣ ਦੀ ਜਾਣਕਾਰੀ ਵੀ ਪੁੱਜ ਰਹੀਂ ਹੈ, ਇਸ ਲਈ ਸੁਖਬੀਰ ਸਿੰਘ ਬਾਦਲ ਨੂੰ 10 ਦਿਨ ਦੇ ਅੰਦਰ-ਅੰਦਰ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਸਤਿਕਾਰ ਯੋਗ ਪੰਜ ਪਿਆਰੇ ਸਿੰਘ ਸਾਹਿਬਾਨ ਦੇ ਸਾਹਮਣੇ ਸਰੀਰਕ ਰੂਪ ਵਿਚ ਪੇਸ਼ ਹੋਕੇ ਆਪਣਾ ਪੱਖ ਰਖਣ ਲਈ ਆਦੇਸ਼ ਦਿਤਾ ਜਾਂਦਾ ਹੈ, ਇਸ ਆਦੇਸ਼ ਦੀ ਉਲੰਘਣਾ ਹੋਣ ਤੇ ਪੰਥਕ





ਰਵਾਇਤ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ। ਨਾਲ ਹੀਂ ਪ੍ਰਬੰਧਕ ਕਮੇਟੀ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਪ੍ਰਬੰਧਕੀ ਬੋਰਡ ਦੇ ਸਾਰੇ ਅਹੁਦੇਦਾਰ ਤੇ ਮੈਂਬਰ ਸਾਹਿਬਾਨ ਨੂੰ ਸਖ਼ਤ ਆਦੇਸ਼ ਦਿਤਾ ਜਾਂਦਾ ਹੈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਕਥਿਤ ਅਤੇ ਆਪੋਥਾਪੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਅਤੇ ਗਿਆਨੀ ਟੇਕ ਸਿੰਘ ਵੱਲੋਂ ਅੱਜ ਜਾਰੀ ਕੀਤੇ ਗਏ ਮਤਾ ਜਿਸ ਰਾਹੀਂ ਪ੍ਰਬੰਧਕੀ ਬੋਰਡ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਤਲਬ ਕੀਤਾ ਗਿਆ ਹੈ, ਇਸ ਹੁਕਮ ਨੂੰ ਮਨਣ ਤੋਂ ਸਖ਼ਤ ਮਨਾ ਕੀਤਾ ਜਾਂਦਾ ਹੈ ਤੇ ਰੋਕ ਲਾਈ ਜਾਂਦੀ ਹੈ। ਜੇਕਰ ਕੋਈ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਸਤਿਕਾਰ ਯੋਗ ਪੰਜ ਪਿਆਰੇ ਸਿੰਘ ਸਾਹਿਬਾਨ ਵੱਲੋਂ ਜਾਰੀ ਹੁਕਮਨਾਮਾ ਦਾ ਵਿਰੋਧ ਕਰਦਾ ਹੈ ਜਾਂ ਮੰਨਣ ਤੋਂ ਇਨਕਾਰ ਕਰਦਾ ਹੈ ਤਾਂ ਉਨ੍ਹਾਂ ਉਤੇ ਵੀ ਪੰਥਕ ਰਵਾਇਤ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ। ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਸਤਿਕਾਰ ਯੋਗ ਪੰਜ ਪਿਆਰੇ ਸਿੰਘ ਸਾਹਿਬਾਨ ਵੱਲੋਂ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਤੋਂ ਸੰਬੰਧੀਤ ਜਾਰੀ ਕੀਤੇ ਗਏ ਹੁਕਮਨਾਮਾ ਜਾਂ ਆਦੇਸ਼ ਨੂੰ ਰੱਦ ਕੀਤੀ ਜਾਂਦਾ ਹੈ ਅਤੇ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਸਤਿਕਾਰ ਯੋਗ ਪੰਜ ਪਿਆਰੇ ਸਿੰਘ ਸਾਹਿਬਾਨ ਵੱਲੋਂ ਪਹਿਲਾ ਜਾਰੀ ਹੁਕਮਨਾਮਾ ਅਨੁਸਾਰ ਗਿਆਨੀ ਰਣਜੀਤ ਸਿੰਘ ਗੌਹਰ ਦੇ ਉਤੇ ਲਗੇ ਤਨਖਾਹੀਆ ਅਤੇ ਪੰਥ ਤੋਂ ਛੇਕੇ ਹੋਣ ਦਾ ਆਦੇਸ਼ ਪੁਰੀ ਤਰ੍ਹਾਂ ਲਾਗੂ ਰਵੇਗਾ। ਨਾਲ ਨੀਂ ਇਹ ਆਦੇਸ਼ ਦਿਤਾ ਜਾਂਦਾ ਹੈ ਕਿ ਅੱਜ ਤੋਂ ਸ੍ਰੀ ਅਕਾਲ ਤਖ਼ਤ ਸਾਹਿਬ ਜਾਂ ਬਾਹਰੀ ਕਿਸੇ ਵੀ ਤਖ਼ਤ ਦੇ ਪੰਜ ਪਿਆਰੇ ਸਿੰਘ ਸਾਹਿਬਾਨ ਦਾ ਕਿਸੇ ਵੀ ਤਰ੍ਹਾਂ ਦਾ ਕੋਈ ਵੀ ਆਦੇਸ਼ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿਖੇ ਨਾ ਲਾਗੂ ਕੀਤਾ ਜਾਵੇਗਾ ਅਤੇ ਨਾ ਹੀਂ ਮਨਿਆ ਜਾਵੇਗਾ, ਇਸ ਆਦੇਸ਼ ਦਾ ਸਖ਼ਤੀ ਨਾਲ ਪਾਲਨ ਕੀਤਾ ਜਾਵੇ।

## ਸਿੰਘ ਸਾਹਿਬਾਨਾਂ ਨੇ ਰਣਜੀਤ ਸਿੰਘ ਢੱਡਰੀਆਂ ਵਾਲੇ ਨੂੰ ਪ੍ਰਚਾਰ ਕਰਨ ਦੀ ਦਿੱਤੀ ਇਜਾਜ਼ਤ, ਸਾਬਕਾ ਜਥੇਦਾਰ ਨੂੰ ਲਾਈ ਧਾਰਮਿਕ ਸਜ਼ਾ

**ਸ੍ਰੀ ਅੰਮ੍ਰਿਤਸਰ ਸਾਹਿਬ, 21 ਮਈ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੰਜ ਸਿੰਘ ਸਾਹਿਬਾਨ ਦੀ ਮੀਟਿੰਗ ਹੋਈ ਜਿਸ ਵਿੱਚ ਕਈ ਪੰਥਕ ਮੁੱਦਿਆਂ ਉੱਤੇ ਵਿਚਾਰ ਕਰਕੇ ਅਹਿਮ ਫੈਸਲੇ ਲਏ ਗਏ ਹਨ। ਇਸ ਮੌਕੇ ਸਾਬਕਾ ਜਥੇਦਾਰ ਗਿਆਨੀ ਗੁਰਮੁਖ ਸਿੰਘ, ਦਿੱਲੀ ਕਮੇਟੀ ਦੇ ਸਾਬਕਾ ਪ੍ਰਧਾਨ ਹਰਵਿੰਦਰ ਸਿੰਘ ਸਰਨਾ, ਤਖਤ ਸ੍ਰੀ ਪਟਨਾ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਰਣਜੀਤ ਸਿੰਘ ਗੌਹਰ ਤੇ ਹੋਰ ਸਿੱਖ ਆਗੂ ਵੀ ਪੇਸ਼ ਹੋਏ ਹਨ। ਦੱਸ ਦਈਏ ਕਿ ਅਕਾਲ ਤਖਤ ਵਿਖੇ ਹੋਈ ਅੱਜ ਦੀ ਇਕੱਤਰਤਾ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਗਿਆਨੀ ਰਾਜਦੀਪ ਸਿੰਘ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਬਾਬਾ ਟੇਕ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜੁਗਿੰਦਰ ਸਿੰਘ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਗ੍ਰੰਥੀ ਗਿਆਨੀ ਗੁਰਬਖਸ਼ੀਸ਼ ਸਿੰਘ ਹਾਜ਼ਰ ਹਨ। ਇਸ ਮੌਕੇ ਸਿੱਖ ਪ੍ਰਚਾਰਕ ਰਣਜੀਤ ਸਿੰਘ ਢੱਡਰੀਆਂਵਾਲੇ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਗੁਰਮੁਖ ਸਿੰਘ ਤੇ ਦਿੱਲੀ ਦੇ ਸਿੱਖ ਆਗੂ ਹਰਵਿੰਦਰ ਸਿੰਘ ਨੂੰ ਧਾਰਮਿਕ ਸਜ਼ਾ ਸੁਣਾਈ ਗਈ ਹੈ। ਤਖ਼ਤ ਪਟਨਾ ਸਾਹਿਬ ਦੇ ਸਾਬਕਾ ਜਥੇਦਾਰ ਰਣਜੀਤ ਸਿੰਘ ਵਿਰੁੱਧ ਦੋਸ਼ ਸਾਬਤ ਨਹੀਂ ਹੋਏ, ਜਿਸ ਕਾਰਨ ਉਨ੍ਹਾਂ ਨੂੰ ਮੁਆਫ਼ ਕਰ ਦਿੱਤਾ ਗਿਆ। ਹੁਣ ਉਹ ਧਰਮ ਦਾ ਪ੍ਰਚਾਰ ਕਰ ਸਕਦੇ ਹਨ। ਇਸ ਮੌਕੇ ਰਣਜੀਤ ਸਿੰਘ ਢੱਡਰੀਆਂ ਵਾਲੇ ਨੇ ਵੀ ਆਪਣੀ ਖਿਮਾ ਯਾਚਨਾ ਕੀਤੀ ਹੈ ਅਤੇ ਅਕਾਲ ਤਖ਼ਤ ਵੱਲੋਂ ਇਸ ਖਿਮਾ ਯਾਚਨਾ ਨੂੰ ਪ੍ਰਵਾਨ ਕਰਦਿਆਂ ਉਨ੍ਹਾਂ ਨੂੰ ਪ੍ਰਚਾਰ ਕਰਨ ਦੀ ਆਗਿਆ ਦਿੱਤੀ ਗਈ ਹੈ।



## ਪੰਜਾਬ ’ਚ ਹੋਈ ਗੜੇਮਾਰੀ ਨਾਲ ਮੌਸਮ ਹੋਇਆ ਖੁਸ਼ਗਵਾਰ

**ਚੰਡੀਗੜ੍ਹ/ਨਵੀਂ ਦਿੱਲੀ, 21 ਮਈ (ਆਵਾਜ਼ਿ ਕੌਮ ਬਿਊਰੋ)**-ਤਪਾ ਦੇਣ ਵਾਲੀ ਗਰਮੀ ਤੋਂ ਅੱਜ ਜਨਜੀਵਨ ਨੂੰ ਉਸ ਵੇਲੇ ਵੱਡੀ ਰਾਹਤ ਮਿਲੀ ਜਦੋਂ ਸ਼ਾਮ ਦੇ ਸਮੇਂ ਅਚਾਨਕ ਚਲੀ ਤੇਜ ਹਵਾ ਨਾਲ ਆਏ ਮੀਂਹ ਅਤੇ ਗੜੇਮਾਰੀ ਹੋਣ ਨਾਲ ਗਰਮੀ ਦਾ ਪਾਰਾ ਥੱਲੇ ਡਿੱਗ ਪਿਆ। ਬੀਤੇ ਕਈ ਦਿਨਾਂ ਤੋਂ ਗਰਮੀ ਦੇ ਤਾਪਮਾਨ ਵਿੱਚ ਕਾਫ਼ੀ ਵਾਧਾ ਦੇਖਣ ਨੂੰ ਮਿਲਿਆ, ਜਿਸ ਦੇ ਕਰਕੇ ਸਵੇਰੇ ਲਗਭਗ 12 ਵਜੇ ਤੋਂ ਸ਼ਾਮ 3-4 ਵਜੇ ਤੱਕ ਲੋਕਾਂ ਵੱਲੋਂ ਬਾਹਰ ਨਿਕਲਣ ਤੋਂ ਗੁਰੇਜ਼ ਕੀਤਾ ਜਾ ਰਿਹਾ ਸੀ। ਸਿਹਤ ਵਿਭਾਗ ਵੱਲੋਂ ਵੀ ਐਡਵਾਇਜਰੀ ਜਾਰੀ ਕਰਦੇ ਹੋਏ ਲੋਕਾਂ ਨੂੰ ਅਤੇ ਪਾਲਤੂ ਜਾਨਵਰਾਂ ਨੂੰ ਗਰਮੀ ਤੋਂ ਬਚਣ-ਬਚਾਉਣ ਲਈ ਸੁਚੇਤ ਕੀਤਾ ਜਾ ਰਿਹਾ ਹੈ। ਅੱਜ ਅਚਾਨਕ ਆਏ ਮੀਂਹ ਨੇ ਲੋਕਾਂ ਦੇ ਚਿਹਰਿਆਂ ’ਤੇ ਰੌਣਕ ਲੈ ਆਉਂਦੀ। ਦੇਖਣਾ ਹੋਵੇਗਾ ਕਿ ਅਉਣ ਵਾਲੇ ਦਿਨਾਂ ਵਿੱਚ ਗਰਮੀ ਕੀ ਗੁਲ ਖਿਲਾਉਂਦੀ ਹੈ।



## ਉੱਡਦੇ ਜਹਾਜ਼ ’ਤੇ ਡਿੱਗੀ ਬਿਜਲੀ !

ਦਿੱਲੀ-ਐੱਨਸੀਆਰ ਵਿੱਚ ਬੁੱਧਵਾਰ ਸ਼ਾਮ ਨੂੰ ਆਏ ਤੇਜ਼ ਤੂਫ਼ਾਨ ਦੌਰਾਨ ਦਿੱਲੀ ਤੋਂ ਸ਼੍ਰੀਨਗਰ ਜਾ ਰਹੀ ਇੰਡੀਗੋ ਦੀ ਫਲਾਈਟ ਵਿੱਚ ਯਾਤਰੀਆਂ ਵਿੱਚ ਹਫੜਾ-ਦਫੜੀ ਮਚ ਗਈ। ਇਸ ਦੌਰਾਨ ਜਹਾਜ਼ ਕੁਝ ਸਮੇਂ ਲਈ ਤੂਫਾਨ ਦੇ ਵਿਚਕਾਰ ਹਵਾ ਵਿੱਚ ਫਸਿਆ ਰਿਹਾ। ਦੱਸਿਆ ਜਾ ਰਿਹਾ ਹੈ ਕਿ ਪਾਇਲਟ ਨੇ ਆਪਣੀ ਸਮਝਦਾਰੀ ਦਿਖਾਉਂਦੇ ਹੋਏ ਫਾਲਈਟ ਦੀ ਸ਼੍ਰੀਨਗਰ ਵਿੱਚ ਸੁਰੱਖਿਅਤ ਲੈਂਡਿੰਗ ਕਰਵਾ ਦਿੱਤੀ। ਜਿਸ ਤੋਂ ਬਾਅਦ ਯਾਤਰੀਆਂ ਨੇ ਸੁੱਖ ਦਾ ਸਾਹ ਲਿਆ। ਦੱਸ ਦੇਈਏ ਕਿ ਦਿੱਲੀ ਤੋਂ ਸ਼੍ਰੀਨਗਰ ਜਾ ਰਹੀ ਇੰਡੀਗੋ ਦੀ ਫਲਾਈਟ 652142 ਨੂੰ ਰਸਤੇ ਵਿੱਚ ਖਰਾਬ ਮੌਸਮ ਦਾ ਸਾਹਮਣਾ ਕਰਨਾ ਪਿਆ। ਉਡਾਣ ਦੌਰਾਨ ਦਿੱਲੀ ਅਤੇ ਸ਼੍ਰੀਨਗਰ ਵਿਚਕਾਰ ਭਾਰੀ ਮੀਂਹ ਅਤੇ ਗੜੇਮਾਰੀ ਹੋਈ, ਜਿਸ ਕਾਰਨ ਜਹਾਜ਼ ਵਿੱਚ ਹਫੜਾ-ਦਫੜੀ ਮਚ ਗਈ। ਇਸ ਦੌਰਾਨ, ਪਾਇਲਟ ਨੇ ਏਟੀਸੀ ਸ਼੍ਰੀਨਗਰ ਨੂੰ ਐਮਰਜੈਂਸੀ ਬਾਰੇ ਸੂਚਿਤ ਕੀਤਾ ਅਤੇ ਫਿਰ ਕੁਝ ਸਮੇਂ ਬਾਅਦ ਹਵਾਈ ਅੱਡੇ ’ਤੇ ਸੁਰੱਖਿਅਤ ਲੈਂਡਿੰਗ ਕੀਤੀ ਗਈ। ਫਲਾਈਟ ਵਿੱਚ ਕੁੱਲ 227 ਯਾਤਰੀ ਮੌਜੂਦ ਸਨ। ਖਰਾਬ ਮੌਸਮ ਦੇ ਬਾਵਜੂਦ, ਪਾਇਲਟ ਅਤੇ ਕਰੂ ਮੈਂਬਰਾਂ ਦੀ ਸਮਝਦਾਰੀ ਕਾਰਨ ਜਹਾਜ਼ ਸ਼ਾਮ 6.30 ਵਜੇ ਸ਼੍ਰੀਨਗਰ ਹਵਾਈ ਅੱਡੇ ’ਤੇ ਸੁਰੱਖਿਅਤ ਲੈਂਡ ਕਰ ਗਿਆ। ਸਾਰੇ ਯਾਤਰੀ ਅਤੇ ਹਵਾਈ ਅਮਲਾ ਪੂਰੀ ਤਰ੍ਹਾਂ ਸੁਰੱਖਿਅਤ ਹਨ। ਹਾਲਾਂਕਿ, ਜਹਾਜ਼ ਦੇ ਨੌਜ਼ ਵਾਲੇ ਹਿੱਸੇ ਨੂੰ ਨੁਕਸਾਨ ਪਹੁੰਚਿਆ ਹੈ।

## ਅੰਮ੍ਰਿਤਪਾਲ ਸਿੰਘ ’ਤੇ ਤੀਜੀ ਵਾਰ ਐਨ. ਐਸ. ਏ., ਪਰਿਵਾਰ ਜਾਵੇਗਾ ਹਾਈਕੋਰਟ, ਕਿਹਾ-‘ਲੋਕਪ੍ਰਿਯਤਾ ਤੋਂ ਰਾਜਨੀਤਿਕ ਪਾਰਟੀਆਂ ਡਰ ਗਈਆਂ’

**ਚੰਡੀਗੜ੍ਹ/ਨਵੀਂ ਦਿੱਲੀ, 21 ਮਈ (ਆਵਾਜ਼ਿ ਕੌਮ ਬਿਊਰੋ)**-ਅਸਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਖਾਲਿਸਤਾਨ ਸਮਰਥਕ ਅਤੇ ਖਡੂਰ ਸਾਹਿਬ ਦੇ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ’ਤੇ ਤੀਜੀ ਵਾਰ ਰਾਸ਼ਟਰੀ ਸੁਰੱਖਿਆ ਕਾਨੂੰਨ (NSA) ਲਾਗੂ ਕੀਤਾ ਗਿਆ ਹੈ। ਹੁਣ ਇਸ ਨੂੰ ਹਾਈਕੋਰਟ ਵਿੱਚ ਚੁਣੌਤੀ ਦਿੱਤੀ ਜਾਵੇਗੀ। ਇਸ ਲਈ ਪਰਿਵਾਰ ਵੱਲੋਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਪਰਿਵਾਰ ਦਾ ਦਲੀਲ ਹੈ ਕਿ ਇੱਕ ਸਾਜਿਸ਼ ਰਾਹੀਂ ਅਮ੍ਰਿਤਪਾਲ ਸਿੰਘ ਨੂੰ ਜੇਲ੍ਹ ਤੋਂ ਬਾਹਰ ਨਹੀਂ ਆਉਣ ਦਿੱਤਾ ਜਾ ਰਿਹਾ। ਅੰਮ੍ਰਿਤਪਾਲ ਸਿੰਘ ਦੀ ਵਧ ਰਹੀ ਲੋਕਪ੍ਰਿਯਤਾ ਕਾਰਨ ਸਾਰੀਆਂ ਪਾਰਟੀਆਂ ਚਿੰਤਿਤ ਹਨ। ਉਹਨਾਂ ਦੇ ਸਾਰੇ ਸਾਥੀਆਂ ਤੋਂ NSA ਹਟਾ ਦਿੱਤਾ ਗਿਆ ਹੈ। ਇਹ ਸਾਰੇ ਸਾਥੀ ਪਿਛਲੇ ਮਹੀਨੇ ਹੀ ਪੰਜਾਬ ਲਿਆਉਂਦੇ ਗਏ ਸਨ। ਨਾਲ ਹੀ ਉਨ੍ਹਾਂ ਉੱਤੇ ਕਾਨੂੰਨੀ ਮਾਮਲੇ ਵੀ ਚੱਲ ਰਹੇ ਹਨ। ਪਰਿਵਾਰ ਦਾ ਕਹਿਣਾ ਹੈ ਕਿ ਇੱਕ ਵਾਰ ਜੇ ਅੰਮ੍ਰਿਤਪਾਲ ਨੂੰ ਜੇਲ੍ਹ ਵਿੱਚ ਬੰਦ ਕਰ ਦਿੱਤਾ, ਤਾਂ ਹੁਣ ਜੇਲ੍ਹ ਦੇ ਅੰਦਰ ਬੈਠੇ ਵਿਅਕਤੀ ਉੱਤੇ ਵੱਖ-ਵੱਖ ਆਰੋਪ ਲਗਾਏ ਜਾ ਰਹੇ ਹਨ। ਉਹਨਾਂ ਨੇ ਕਿਹਾ ਕਿ ਉਹ ਸਰਕਾਰ ਨੂੰ ਦੱਸਣਾ ਚਾਹੁੰਦੇ ਹਨ ਕਿ ਇਸ ਹਾਲਤ ਵਿੱਚ ਜੇਲ੍ਹ ਦੇ ਅੰਦਰ ਰੱਖਣ ਦਾ ਕੀ ਫਾਇਦਾ ਹੈ। ਇਹ ਗੱਲਾਂ ਬਹੁਤ ਹੀ ਅਸੰਵਿਧਾਨਕ ਹਨ। ਫਿਰ ਉਹਨਾਂ ਨੇ ਕਿਹਾ ਕਿ ਉਹ ਬਹੁਤ ਖਤਰਨਾਕ ਹੈ। ਜੇ ਉਹ ਜੇਲ੍ਹ ਤੋਂ ਬਾਹਰ ਆਉਂਦਾ ਹੈ ਤਾਂ ਬਹੁਤ ਨੁਕਸਾਨ ਹੋਵੇਗਾ। ਜਦਕਿ ਉਹ ਸਾਰੇ ਪੰਜਾਬ ਵਿੱਚ ਸਭ ਤੋਂ ਵੱਧ ਵੋਟਾਂ ਨਾਲ ਚੋਣ ਜਿੱਤਿਆ ਹੈ। ਪਰਿਵਾਰ ਨੇ ਕਿਹਾ ਕਿ ਉਹ ਕਿਸੇ ਹੋਰ ਲਈ ਨਹੀਂ, ਬਲਕਿ ਰਾਜਨੀਤਕ ਪਾਰਟੀਆਂ ਲਈ ਖਤਰਾ ਹੈ। ਉਹਨਾਂ ਦੀ ਰਾਜਨੀਤਕ ਜ਼ਮੀਨ ਖਿਸਕ ਰਹੀ ਹੈ। ਇਸ ਲਈ ਉਹ ਇਸ ਤਰ੍ਹਾਂ ਦੀ ਜ਼ਮੀਨ ਤਿਆਰ ਕਰ ਰਹੇ ਹਨ। ਅੰਮ੍ਰਿਤਪਾਲ ਦੇ ਵਕੀਲ ਨੇ ਕਿਹਾ ਕਿ ਅੰਮ੍ਰਿਤਪਾਲ ਦਾ ਕੇਸ ਜਿੱਥੇ ਵੀ ਸ਼ੁਰੂ ਹੋਇਆ ਹੋਵੇ, ਪਰ ਹੁਣ ਇਹ ਅਭਿਵਿਆਕਤੀ ਦੀ ਆਜ਼ਾਦੀ ਦਾ ਮਾਮਲਾ ਬਣ ਚੁੱਕਾ ਹੈ। ਅੰਮ੍ਰਿਤਪਾਲ ਸਿੰਘ 23 ਅਪ੍ਰੈਲ 2023 ਤੋਂ ਹਿਰਾਸਤ ਵਿੱਚ ਹੈ। ਗ੍ਰਿਫਤਾਰੀ ਦੇ ਤੁਰੰਤ ਬਾਅਦ ਉਸ ’ਤੇ NSA ਲਗਾ ਦਿੱਤਾ ਗਿਆ ਸੀ ਅਤੇ ਉਸਨੂੰ ਅਸਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਭੇਜ ਦਿੱਤਾ ਗਿਆ ਸੀ। ਸਰਕਾਰ ਨੇ ਉਸ ਦੀਆਂ ਗਤੀਵਿਧੀਆਂ ਨੂੰ ਰਾਜ ਦੀ ਸੁਰੱਖਿਆ ਲਈ ਖਤਰਾ ਮੰਨਦੇ ਹੋਏ NSA ਲਗਾਇਆ ਸੀ, ਜੋ ਸਮੇਂ-ਸਮੇਂ ’ਤੇ ਦੋ ਸਾਲ ਤੱਕ ਵਧਾਇਆ ਜਾਂਦਾ ਰਿਹਾ ਹੈ।



## ਸੁਪਰੀਮ ਕੋਰਟ ਵਿੱਚ ਜਥੇਦਾਰ ਹਵਾਰਾ ਦੀ ਜੇਲ੍ਹ ਤਬਦੀਲੀ ਮਾਮਲੇ ਦੀ ਸੁਣਵਾਈ 15 ਜੁਲਾਈ ਤੱਕ ਟਲ੍ਹੀ

**ਲੰਡਨ, 21 ਮਈ (ਸਰਬਜੀਤ ਸਿੰਘ ਬਨੂੜ)**-ਸੁਪਰੀਮ ਕੋਰਟ ਵਿੱਚ ਜਥੇਦਾਰ ਜਗਤਾਰ ਸਿੰਘ ਹਵਾਰਾ ਦੀ ਜੇਲ੍ਹ ਤਬਦੀਲੀ ਮਾਮਲੇ ਦੀ ਸੁਣਵਾਈ 15 ਜੁਲਾਈ ਤੱਕ ਟੱਲ ਗਈ ਹੈ। ਕੋਰਟ ਵਿੱਚ ਵਕ਼ਫ ਬੋਰਡ ਦੇ ਕੇਸ ਵਿੱਚ ਲੰਬੀ ਬਹਿਸ ਹੋਣ ਕਾਰਨ ਅਨੇਕਾਂ ਕੇਸਾਂ ਦੀ ਕਾਰਵਾਈ ਅਗਲੇ ਦਿਨਾਂ ਲਈ ਟਾਲ ਦਿੱਤੀ ਗਈ। ਹੁਣ ਅਗਲੀ ਸੁਣਵਾਈ 15 ਜੁਲਾਈ 2025 ਨੂੰ ਨਿਰਧਾਰਤ ਕੀਤੀ ਗਈ ਹੈ। ਜਥੇਦਾਰ ਜਗਤਾਰ ਸਿੰਘ ਹਵਾਰਾ ਨੂੰ ਦਿੱਲੀ ਤੋਂ ਪੰਜਾਬ ਦੀ ਜੇਲ੍ਹ ਵਿੱਚ ਤਬਦੀਲ ਕਰਨ ਲਈ 2024 ਤੋਂ ਚੱਲ ਰਹੀ ਅਰਜ਼ੀ ਦੀ ਸੁਣਵਾਈ ਅੱਜ ਭਾਰਤ ਦੀ ਮਾਣਯੋਗ ਸੁਪਰੀਮ ਕੋਰਟ ਵਿੱਚ ਹੋਣੀ ਸੀ, ਪਰ ਅਣਜਾਣੇ ਕਾਰਨਾਂ ਕਰਕੇ ਇਹ ਸੁਣਵਾਈ ਨਹੀਂ ਹੋ ਸਕੀ। ਜਥੇਦਾਰ ਹਵਾਰਾ, ਜੋ ਕਿ 2001 ਵਿੱਚ ਦਿੱਲੀ ’ਚ ਹੋਏ ਬੰਬ ਧਮਾਕਿਆਂ ਦੇ ਮਾਮਲੇ ਵਿੱਚ ਦੋਸ਼ੀ ਠਹਿਰਾਇਆ ਗਿਆ ਸੀ, ਇਸ ਸਮੇਂ ਦਿੱਲੀ ਦੀ ਤਿਹਾੜ ਜੇਲ੍ਹ ਵਿੱਚ ਬੰਦ ਹੈ। ਉਸ ਦੀ ਪੰਜਾਬ ਦੀ ਕਿਸੇ ਜੇਲ੍ਹ ਵਿੱਚ ਤਬਦੀਲੀ ਦੀ ਮੰਗ ਕਈ ਸਮੇਂ ਤੋਂ ਚੱਲ ਰਹੀ ਹੈ। ਇਸ ਮਾਮਲੇ ’ਚ ਦਲੀਲ ਦਿੱਤੀ ਜਾ ਰਹੀ ਹੈ ਕਿ ਦਿੱਲੀ ਵਿੱਚ ਉਨ੍ਹਾਂ ਖ਼ਿਲਾਫ ਹੁਣ ਕੋਈ ਨਵਾਂ ਕੇਸ ਲਾਗੂ ਨਹੀਂ ਹੈ, ਅਤੇ ਉਨ੍ਹਾਂ ਦੀ ਤਬਦੀਲੀ ਰਾਹਤਮਈ ਅਤੇ ਕਾਨੂੰਨੀ ਦ੍ਰਿਸ਼ਟੀਕੋਣ ਤੋਂ ਉਚਿਤ ਹੈ। ਇਸ ਮਾਮਲੇ ਵਿੱਚ ਪੰਜਾਬ, ਦਿੱਲੀ ਅਤੇ ਚੰਡੀਗੜ੍ਹ ਪ੍ਰਸ਼ਾਸਨ ਵੱਲੋਂ ਵਿਰੋਧ ਦਰਜ ਕਰਵਾਇਆ ਗਿਆ ਹੈ। ਦਲੀਲ ਦਿੱਤੀ ਗਈ ਹੈ ਕਿ ਉਨ੍ਹਾਂ ਦੀ ਤਬਦੀਲੀ ਨਾਲ ਕਾਨੂੰਨੀ ਜਾਂ ਪ੍ਰਬੰਧਕੀ ਚੁਣੌਤੀਆਂ ਆ ਸਕਦੀਆਂ ਹਨ। ਵਰਲਡ ਸਿੱਖ ਪਾਰਲੀਮੈਂਟ ਦੇ ਜਨਰਲ ਸਕੱਤਰ ਮਨਪ੍ਰੀਤ ਸਿੰਘ ਖਾਲਸਾ ਵੱਲੋਂ ਦਾਅਵਾ ਕੀਤਾ ਗਿਆ ਹੈ ਕਿ ਇਹ ਕੇਵਲ ਇਕ ਵਿਅਕਤੀ ਦੇ ਹੱਕਾਂ ਦਾ ਮਾਮਲਾ ਨਹੀਂ, ਸਗੋਂ ਇਹ ਬੰਦ ਸਿੱਖਾਂ ਨਾਲ ਚੱਲ ਰਹੇ ਵਿਅਕਤੀਗਤ ਵਿਤਕਰੇ ਦਾ ਹਿੱਸਾ ਹੈ। ਕਈ ਜਥੇਬੰਦੀਆਂ ਵੱਲੋਂ ਸਵਾਲ ਉਠਾਇਆ ਗਿਆ ਕਿ ਜੇਕਰ ਕਿਸੇ ਜੇਲ੍ਹ ਵਿੱਚ ਖਤਰਨਾਕ ਦੱਸੇ ਜਾ ਰਹੇ ਕੈਦੀ ਰੱਖਣਾ ਸੰਭਵ ਨਹੀਂ, ਤਾਂ ਅਜਿਹੀ ਅਸਮਰਥਤਾ ਕਿਸ ਹੱਦ ਤੱਕ ਕਾਨੂੰਨੀ ਪੱਖ ਠੀਕ ਹੈ ? ਜਿਕਰਯੋਗ ਹੈ ਕਿ ਪੰਜਾਬ ਭਾਰਤ ਦੀਆਂ ਜੇਲਾਂ ਵਿੱਚ 35 -35 ਸਾਲਾ ਤੇ ਬੰਦੀ ਸਿੰਘ ਕੈਦ ਹਨ ਤੇ ਅਨੇਕਾਂ ਸਰਕਾਰਾਂ ਵੱਲੋ ਰਿਹਾਅ ਕਰਨ ਦੇ ਦਾਅਵੇ ਅੱਜ ਤੱਕ ਵਫਾ ਨਾ ਹੋਏ। ਅੱਜ ਦੀ ਅਦਾਲਤੀ ਕਾਰਵਾਈ ਦੌਰਾਨ ਕਰਨਾਲ ਤੋਂ ਹਰਪਾਲ ਸਿੰਘ ਅਤੇ ਐਡਵੋਕੇਟ ਗੁਰਸ਼ਰਨ ਸਿੰਘ ਧਾਲੀਵਾਲ ਵੀ ਹਾਜ਼ਰ ਰਹੇ।



# Nankana Sahib Yatra Committe Uk



# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

✶-- ਗੁਰੂ ਪੰਥ ਦੇ ਸੇਵਾਦਾਰ --✶

**ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK**

- **ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall**

  **+447976210161**

- **ਭਾਈ ਬਲਜੀਤ ਸਿਘ ਕੰਗ/Bhai Baljit Singh Kang**

  **+44 7780 605230**

- **ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)**

  **+44 7568 517223**


# ਯੂ-ਵੀਜ਼ਾ ਲੈਣ ਲਈ ਅਮਰੀਕਾ ਵਿੱਚ ਝੂਠੀਆਂ ਲੁੱਟਾਂ ਕਰਨ ਵਾਲੇ 2 ਭਾਰਤੀ ਗ੍ਰਿਫ਼ਤਾਰ

**☛ ਪਟੇਲ ਇੱਕ ਝੂਠੀ ਲੁੱਟ ਦੀ ਘਟਨਾ ਕਰਨ ਲਈ ਲਗਭਗ 17.4 ਲੱਖ ਲੈਂਦਾ ਸੀ ☛**

## ਰੰਭਾਈ ਪਟੇਲ ਨੇ ਆਪਣਾ ਦੋਸ਼ ਕਬੂਲਿਆ, ਲੰਬੀ ਜੇਲ ਨਾਲ, ਹੋਵੇਗਾ ਭਾਰੀ ਜੁਰਮਾਨਾ

**ਨਿਊਯਾਰਕ, 21 ਮਈ (ਸਰਬਜੀਤ ਸਿੰਘ ਬਨੂੜ)**-ਅਮਰੀਕਾ ਵਿੱਚ ਯੂ-ਵੀਜ਼ਾ ਲੈਣ ਲਈ ਝੂਠੀਆਂ ਲੁੱਟਾਂ ਕਰਨ ਵਾਲੇ 2 ਭਾਰਤੀਆਂ ਨੂੰ ਸੰਘੀ ਅਦਾਲਤ ਵੱਲੋਂ ਗ੍ਰਿਫ਼ਤਾਰ ਕੀਤਾ ਗਿਆ ਹੈ, ਦੋਸ਼ੀਆਂ ਨੂੰ ਭਲਕੇ ਸਜ਼ਾਵਾਂ ਸੁਣਾਈਆਂ ਜਾਣਗੀਆਂ। ਇਸ ਮਾਮਲੇ ਵਿੱਚ 37 ਸਾਲਾ ਰੰਭਾਈ ਪਟੇਲ ਨੇ ਅਮਰੀਕਾ ਦੇ ਕਈ ਰਾਜਾਂ ਵਿੱਚ ਆਪਣੀ ਸਾਜ਼ਿਸ਼ ਦੇ ਤਹਿਤ 9 ਝੂਠੀਆਂ ਲੁੱਟਾਂ ਕਰਵਾਈਆਂ, ਜਿਸ ਵਿੱਚੋਂ 5 ਕੇਸ ਮਾਸਾਚੂਸੇਟਸ ਰਾਜ ਦੇ ਹਨ ਜਿਸ ਦੌਰਾਨ ਉਸ ਨੇ ਆਪਣੇ ਸਾਥੀ ਬਲਵਿੰਦਰ ਸਿੰਘ ਨਾਲ ਮਿਲ ਕੇ ਅਜਿਹੀ ਦਿਖਾਵਟੀ ਘਟਨਾ ਦਾ ਨਾਟਕ ਕੀਤਾ ਜਿਸ ਵਿੱਚ ਦੁਕਾਨਦਾਰਾਂ ਜਾਂ ਕਰਮਚਾਰੀਆਂ ਨੂੰ ਹਥਿਆਰ ਨਾਲ ਧਮਕਾ ਕੇ ਨਕਦੀ ਲੁੱਟੀ ਜਾਂਦੀ ਦਿਖਾਈ ਜਾਂਦੀ ਸੀ। ਇਹ ਸਾਰੀ ਕਾਰਵਾਈ ਇਸ ਲਈ ਕੀਤੀ ਗਈ ਤਾਂ ਜੋ "ਪੀੜਤਾਂ" ਨੂੰ ਯੂ-ਵੀਜ਼ਾ ਮਿਲ ਸਕੇ - ਇੱਕ ਐਸਾ ਵੀਜ਼ਾ ਜੋ ਅਮਰੀਕਾ ਸਰਕਾਰ ਵੱਲੋਂ ਉਨ੍ਹਾਂ ਵਿਅਕਤੀਆਂ ਨੂੰ ਦਿੱਤਾ ਜਾਂਦਾ ਹੈ ਜੋ ਕਿਸੇ ਗੰਭੀਰ ਜੁਰਮ ਦੇ ਪੀੜਤ ਬਣੇ ਹੋਣ ਅਤੇ ਪੁਲਿਸ ਜਾਂ ਅਦਾਲਤ ਦੀ ਜਾਂਚ ਵਿੱਚ ਨਿੱਜੀ ਸਹਿਯੋਗ ਦੇ ਰਹੇ ਹੋਣ।





ਆਵਾਜ਼ਿ ਕੌਮ AWAZE QAUM International Newspaper & WEB TV

ਮਾਮਲੇ ਦੀ ਜਾਂਚ ਦੌਰਾਨ ਖੁਲਾਸਾ ਹੋਇਆ ਕਿ ਇੱਕ ਝੂਠੀ ਲੁੱਟ ਦੀ ਘਟਨਾ ਕਰਨ ਦੀ ਕੀਮਤ £20,000 (ਭਾਰਤੀ ਮੁਦਰਾ ਵਿੱਚ ਲਗਭਗ (17.4 ਲੱਖ) ਤੱਕ ਰੱਖੀ ਗਈ ਸੀ। ਪਟੇਲ ਨੇ ਇਨ੍ਹਾਂ ਘਟਨਾਵਾਂ ਲਈ ਦੁਕਾਨ ਮਾਲਕਾਂ ਨੂੰ ਰਕਮ ਦਿੱਤੀ ਅਤੇ ਵਿਡੀਓ ਰਿਕਾਰਡਿੰਗਾਂ ਦੀ ਵਰਤੋਂ ਕਰਕੇ ਝੂਠੇ ਕੇਸ ਦਾਖਲ ਕਰਵਾਏ। ਅਮਰੀਕਾ ਦੇ ਨਿਆਂ ਵਿਭਾਗ ਅਨੁਸਾਰ, ਰੰਭਾਈ ਪਟੇਲ ਨੇ ਆਪਣਾ ਦੋਸ਼ ਕਬੂਲ ਕਰ ਲਿਆ ਹੈ। ਉਸ ਨੂੰ ਵੱਧ ਤੋਂ ਵੱਧ 5 ਸਾਲ ਦੀ ਜੇਲ੍ਹ, 3 ਸਾਲ ਦੀ ਨਿਗਰਾਨੀ ਅਤੇ £250,000 ਜੁਰਮਾਨਾ ਹੋ ਸਕਦਾ ਹੈ। ਉਸਦੀ ਸਜ਼ਾ ਸੁਣਵਾਈ 20 ਅਗਸਤ 2025 ਨੂੰ ਹੋਣੀ ਨਿਰਧਾਰਤ ਹੈ। ਬਲਵਿੰਦਰ ਸਿੰਘ ਦੀ ਸੁਣਵਾਈ 22 ਮਈ ਨੂੰ ਹੋਵੇਗੀ। ਇਹ ਮਾਮਲਾ ਇਮੀਗ੍ਰੇਸ਼ਨ ਨੀਤੀਆਂ ਦੇ ਘਾਟਿਆਂ ਅਤੇ ਵਿਦੇਸ਼ਾਂ ਵਿੱਚ ਨਾਜਾਇਜ਼ ਤਰੀਕਿਆਂ ਰਾਹੀਂ ਰਹਿਣ ਦੀ ਕੋਸ਼ਿਸ਼ਾਂ 'ਤੇ ਵੱਡਾ ਪ੍ਰਸ਼ਨ ਚਿੰਨ੍ਹ ਲਾਉਂਦਾ ਹੈ। ਯੂ-ਵੀਜ਼ਾ ਜਿਵੇਂ ਸੰਵੇਦਨਸ਼ੀਲ ਪ੍ਰਬੰਧਾਂ ਦੀ ਗੰਭੀਰਤਾ ਨੂੰ ਲੈ ਕੇ ਨਵਾਂ ਕਾਨੂੰਨ ਲਾਗੂ ਹੋਣ ਦੀਆਂ ਸੰਭਾਵਨਾਵਾਂ ਹਨ।






ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7l
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV

ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ




ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com

E-mail : gnstuk@hotmail.com



ਦਮਦਮੀ ਟਕਸਾਲ ਜੱਥਾ ਭਿੰਡਰਾਂ ਮਹਿਤਾ ਵੱਲੋਂ
ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਅਤੇ ਜੂਨ 1984 (ਘੱਲੂਘਾਰੇ) ਦੇ ਸਮੂਹ ਸ਼ਹੀਦਾਂ ਦੀ 41ਵੀਂ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ
ਸ਼ਬਦ ਕੀਰਤਨ ਅਤੇ ਕਥਾ ਸਮਾਗਮ
1 ਮਈ ਤੋਂ 31 ਮਈ 2025 ਤੱਕ
ਰੋਜ਼ਾਨਾ ਸ਼ਾਮ 6 ਤੋਂ 8 ਵਜੇ ਤੱਕ
ਮਹਿਤਾ ਚੌਂਕ ਤੇ ਆਸ ਪਾਸ ਦੇ ਪਿੰਡਾਂ ਵਿੱਚ ਆਯੋਜਿਤ ਕੀਤੇ ਜਾ ਰਹੇ ਹਨ। ਜਿਸ ਵਿੱਚ ਦਮਦਮੀ ਟਕਸਾਲ ਦੇ ਮੁਖੀ
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ 'ਭਿੰਡਰਾਂਵਾਲੇ' ਸ਼ਬਦ ਵਿਚਾਰ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।
1 ਮਈ ਵੀਰਵਾਰ ਜਬੋਵਾਲ ਸ਼ਾਮ 6 ਤੋਂ 8 ਵਜੇ ਤੱਕ
2 ਮਈ ਸ਼ੁੱਕਰਵਾਰ ਜੱਫਰਵਾਲ ਸ਼ਾਮ 6 ਤੋਂ 8 ਵਜੇ ਤੱਕ
3 ਮਈ ਸ਼ਨੀਵਾਰ ਗੁ: ਭਗਤਾਂ ਦਾ ਡੇਰਾ ਤਰਸਿੱਕਾ ਸ਼ਾਮ 6 ਤੋਂ 8 ਵਜੇ ਤੱਕ
4 ਮਈ ਐਤਵਾਰ ਕੋਟਲਾ ਮੂਸਾ ਨੇੜੇ ਕਾਦੀਆਂ ਡੱਲਾ ਮੋੜ ਸ਼ਾਮ 6 ਤੋਂ 8 ਵਜੇ ਤੱਕ
5 ਮਈ ਸੋਮਵਾਰ ਸੱਦਾਰੰਗ ਸ਼ਾਮ 6 ਤੋਂ 8 ਵਜੇ ਤੱਕ
6 ਮਈ ਮੰਗਲਵਾਰ ਸਹਾਇਪੁਰ ਸ਼ਾਮ 6 ਤੋਂ 8 ਵਜੇ ਤੱਕ
7 ਮਈ ਬੁੱਧਵਾਰ ਧਰਦਿਓ ਸ਼ਾਮ 6 ਤੋਂ 8 ਵਜੇ ਤੱਕ
8 ਮਈ ਵੀਰਵਾਰ ਬਾਬੋਵਾਲ ਸ਼ਾਮ 6 ਤੋਂ 8 ਵਜੇ ਤੱਕ
9 ਮਈ ਸ਼ੁੱਕਰਵਾਰ ਭਲਾਈਪੁਰ ਪੁਰਬਾ ਸ਼ਾਮ 6 ਤੋਂ 8 ਵਜੇ ਤੱਕ
10 ਮਈ ਸ਼ਨੀਵਾਰ ਗੁ: ਕੰਧ ਸਾਹਿਬ ਬਟਾਲਾ ਸ਼ਾਮ 6 ਤੋਂ 8 ਵਜੇ ਤੱਕ
11 ਮਈ ਐਤਵਾਰ ਗੁਰੂ ਕੀ ਬੇਰ ਸਾਹਿਬ ਮੱਤੇਵਾਲ ਸ਼ਾਮ 6 ਤੋਂ 8 ਵਜੇ ਤੱਕ
12 ਮਈ ਸੋਮਵਾਰ ਲੀਲ ਕਲਾਂ ਸ਼ਾਮ 6 ਤੋਂ 8 ਵਜੇ ਤੱਕ
13 ਮਈ ਮੰਗਲਵਾਰ ਸੂਸਾ ਸ਼ਾਮ 6 ਤੋਂ 8 ਵਜੇ ਤੱਕ
14 ਮਈ ਬੁੱਧਵਾਰ ਸਿਆਲਕਾ ਸ਼ਾਮ 6 ਤੋਂ 8 ਵਜੇ ਤੱਕ
15 ਮਈ ਵੀਰਵਾਰ ਚੌਣੇ ਸ਼ਾਮ 6 ਤੋਂ 8 ਵਜੇ ਤੱਕ
16 ਮਈ ਸ਼ੁੱਕਰਵਾਰ ਨਵਾਂ ਪਿੰਡ ਸ਼ਾਮ 6 ਤੋਂ 8 ਵਜੇ ਤੱਕ
17 ਮਈ ਸ਼ਨੀਵਾਰ ਗੁ: ਸੰਗਤਪੁਰਾ ਬਥਵਾਲਾ ਗੁਰਦਾਸਪੁਰ ਸ਼ਾਮ 6 ਤੋਂ 8 ਵਜੇ ਤੱਕ
18 ਮਈ ਐਤਵਾਰ ਧਰਮੂਚੱਕ ਸ਼ਾਮ 6 ਤੋਂ 8 ਵਜੇ ਤੱਕ
19 ਮਈ ਸੋਮਵਾਰ ਕਾਹਲਵਾਂ ਸ਼ਾਮ 6 ਤੋਂ 8 ਵਜੇ ਤੱਕ
20 ਮਈ ਮੰਗਲਵਾਰ ਉੱਦੋ ਨੰਗਲ ਖੁਰਦ ਸ਼ਾਮ 6 ਤੋਂ 8 ਵਜੇ ਤੱਕ
21 ਮਈ ਬੁੱਧਵਾਰ ਸਠਿਆਲਾ ਸ਼ਾਮ 6 ਤੋਂ 8 ਵਜੇ ਤੱਕ
22 ਮਈ ਵੀਰਵਾਰ ਢਪਈਆ ਸ਼ਾਮ 6 ਤੋਂ 8 ਵਜੇ ਤੱਕ
23 ਮਈ ਸ਼ੁੱਕਰਵਾਰ ਵੀਲਾ/ਮੀਕੇ ਸ਼ਾਮ 6 ਤੋਂ 8 ਵਜੇ ਤੱਕ
24 ਮਈ ਸ਼ਨੀਵਾਰ ਬੁਤਾਲਾ ਸ਼ਾਮ 6 ਤੋਂ 8 ਵਜੇ ਤੱਕ
25 ਮਈ ਐਤਵਾਰ ਖੱਬੇ ਰਾਜਪੂਤਾਂ ਸਵੇਰੇ 10 ਤੋਂ 12 ਵਜੇ ਤੱਕ ਚੌਧਰੀਵਾਲ
26 ਮਈ ਸੋਮਵਾਰ ਜਲਾਲ ਉਸਮਾਂ ਸ਼ਾਮ 6 ਤੋਂ 8 ਵਜੇ ਤੱਕ
27 ਮਈ ਮੰਗਲਵਾਰ ਜੇਠੂਵਾਲ ਸ਼ਾਮ 6 ਤੋਂ 8 ਵਜੇ ਤੱਕ
28 ਮਈ ਬੁੱਧਵਾਰ ਗੁ: ਰਾਮ ਥੰਮਣ ਸਾਹਿਬ ਮਨੇਸ਼ ਸ਼ਾਮ 6 ਤੋਂ 8 ਵਜੇ ਤੱਕ
29 ਮਈ ਵੀਰਵਾਰ ਮੈਹਣੀਆ ਕੁਹਾਰਾ ਸ਼ਾਮ 6 ਤੋਂ 8 ਵਜੇ ਤੱਕ
30 ਮਈ ਸ਼ੁੱਕਰਵਾਰ ਮਹਿਤਾ ਚੌਂਕ ਸ਼ਾਮ 6 ਤੋਂ 8 ਵਜੇ ਤੱਕ
31 ਮਈ ਸ਼ਨੀਵਾਰ ਚਾਟੀਵਿੰਡ ਸ਼ਾਮ 6 ਤੋਂ 8 ਵਜੇ ਤੱਕ
1-2-3-4-5 ਜੂਨ 2025 ਰੋਜ਼ਾਨਾ ਸ਼ਾਮ 4.00 ਤੋਂ 6.00 ਵਜੇ ਤੱਕ ਦਮਦਮੀ ਟਕਸਾਲ ਦੇ ਹੈਡਕੁਆਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਕਥਾ ਕੀਰਤਨ ਦਾ ਨਿਰੰਤਰ ਪ੍ਰਵਾਹ ਚੱਲੇਗਾ।
ਸੰਗਤਾਂ ਨੂੰ ਬੇਨਤੀ ਹੈ ਕਿ 6 ਜੂਨ 2025, ਸ਼ੁੱਕਰਵਾਰ ਨੂੰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਪਹੁੰਚੋ ਜੀ
ਪ੍ਰੋਫੈਸ਼ਨਲ ਕਾਲਜ ਆਫ ਗੁਰਮਤਿ ਦਮਦਮੀ ਟਕਸਾਲ ਵਿਖੇ 9ਵੀਂ, 10ਵੀਂ, +1 +2, ਬੀ.ਏ., ਐੱਮ.ਏ. ਦਾਖਲੇ ਸ਼ੁਰੂ ਹਨ ਫਰੀ ਵਿੱਦਿਆ ਪ੍ਰਾਪਤ ਕਰੋ
ਸੰਪਰਕ: 99158-00904, 97793-10040, 95171-76191, 84376-91626




ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ
ਪਿੰਡ ਰੋਡੇ
ਪਹੁੰਚੋ
ਸਮਾਗਮ ਦਾ ਸਮਾ
ਸਵੇਰੇ 10 ਤੋਂ
3 ਵਜੇ
ਤੱਕ
ਆਵਾਜ਼ਿ ਕੌਮ
AWAZE QAUM
International Newspaper & WEB TV
ਵੱਲੋਂ :- ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, (98140-13915)

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



ਪੀਓ ਪਾਹੁਲ ਖੰਡਧਾਰ ਹੋਇ ਜਨਮ ਸੁਹੇਲਾ ॥

# ਅੰਮ੍ਰਿਤ ਸੰਚਾਰ

☛ ਦਿਨ ਸ਼ਨਿੱਚਰਵਾਰ 14 ਜੂਨ 2025 ☛ ਜੂਨ 1984 ਦੇ ਸਮੂਹ ਸ਼ਹੀਦਾਂ ਨੂੰ ਸਮਰਪਿਤ ਅੰਮ੍ਰਿਤ ਸੰਚਾਰ ਕਰਵਾਏ ਜਾ ਰਹੇ ਹਨ।



ਕੱਕਾਰ ਗੁਰਦੁਆਰਾ ਸਾਹਿਬ ਵੱਲੋਂ ਭੇਟਾ ਰਹਿਤ ਮਿਲਣਗੇ

ਸਮਾਂ ਦੁਪਹਿਰ 12 :00 ਵਜੇ ਅੰਮ੍ਰਿਤ ਅਭਿਲਾਖੀ ਨੇ ਗੁਰਦੁਵਾਰਾ ਸਾਹਿਬ ਪਹੁੰਚਣ ਦੀ ਕੋਸ਼ਿਸ਼ ਕਰਨੀ

☛ ਅੰਮ੍ਰਿਤ ਅਭਿਲਾਖੀ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

⋆ ਗੁਰੂ ਪੰਥ ਦੇ ਦਾਸਰੇ ⋆

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਅੰਮ੍ਰਿਤ ਅਭਿਲਾਖੀ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ੴ ਸਤਿਗੁਰ ਪ੍ਰਸਾਦਿ

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥

## ਭੋਗ ਅਤੇ ਅੰਤਿਮ ਅਰਦਾਸ



ਆਪ ਜੀ ਨੂੰ ਬਹੁਤ ਹੀ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਬਹੁਤ ਹੀ ਸਤਿਕਾਰਯੋਗ

**ਸਰਦਾਰ ਮਨਜਿੰਦਰ ਸਿੰਘ ਅਰਸ਼ੀ**

ਆਪਣੀ ਸੰਸਾਰਿਕ ਯਾਤਰਾ ਨੂੰ ਪੂਰਾ ਕਰਦੇ ਹੋਏ ਮਿਤੀ: 27 ਅਪ੍ਰੈਲ 2025 ਨੂੰ ਅਚਾਨਕ ਸਦੀਵੀ ਵਿਛੋੜਾ ਦੇ ਕੇ ਗੁਰੂ ਚਰਨਾਂ ਵਿੱਚ ਜਾ ਵਿਰਾਜੇ ਹਨ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ

**ਸ੍ਰੀ ਅਖੰਡ ਸਾਹਿਬ ਪਾਠ ਦੇ ਭੋਗ**

**ਮਿਤੀ 24 ਮਈ, 2025 ਸ਼ਨੀਵਾਰ ਦਿਨ ਨੂੰ**

**ਘਰ ਨਜ਼ਦੀਕ ਗੁਰੂਦਵਾਰਾ ਭਾਈ ਸੁਲ੍ਹਾ ਸਾਹਿਬ ਜੀ (ਕਨਵਰ ਐਵੀਨਿਊ )**

ਸਮਾਂ 12 ਤੋਂ 2 ਵਜੇ ਤੱਕ ਪਵੇਗਾ।
ਸੋ ਆਪ ਨੂੰ ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣ ਲਈ ਨਿਮਰਤਾ ਸਹਿਤ ਬੇਨਤੀ ਕੀਤੀ ਜਾਂਦੀ ਹੈ।

**ਦੁਖੀ ਹਿਰਦੇ**

ਸਰਦਾਰ ਪੂਰਨ ਸਿੰਘ ਅਰਸ਼ੀ(ਪਿਤਾ)9876607150।
ਸਰਦਾਰ ਲਖਵਿੰਦਰ ਸਿੰਘ ਅਰਸ਼ੀ (ਭਰਾ) 9872733030।
ਸ: ਜਸਕੀਰਤ ਸਿੰਘ ਅਰਸ਼ੀ (ਪੁੱਤਰ)

ਆਵਾਜ਼ਿ ਕੌਮ AWAZE QAUM International Newspaper & WEB TV



ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਂ 10 ਵਜੇ ਤੋਂ ਸ਼ਾਮ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਸੰਤ ਬਾਬਾ ਨਰਿੰਦਰ ਸਿੰਘ ਜੀ ਕਾਰਸੇਵਾ ਸ੍ਰੀ ਹਜ਼ੂਰ ਸਾਹਿਬ
ਸੰਤ ਬਾਬਾ ਬਲਵਿੰਦਰ ਸਿੰਘ ਜੀ ਕਾਰਸੇਵਾ ਸ੍ਰੀ ਹਜ਼ੂਰ ਸਾਹਿਬ
ਸ੍ਰੀ ਮਹੰਤ ਬਾਬਾ ਰੇਸ਼ਮ ਸਿੰਘ ਜੀ ਨਿਰਮਲ ਸੰਪਰਦਾਏ
ਮਹੰਤ ਹਾਕਮ ਸਿੰਘ ਜੀ ਕੋਠਾ ਗੁਰੂ ਵਾਲੇ
ਸੰਤ ਗਿਆਨੀ ਸੁਰਜੀਤ ਸਿੰਘ ਜੀ ਮਹਿਰੋਂ ਵਾਲੇ
ਮਹੰਤ ਚਮਕੌਰ ਸਿੰਘ ਜੀ ਪੰਜਗਰਾਈਆਂ ਵਾਲੇ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਗਿਆਨੀ ਸੁਰਜੀਤ ਸਿੰਘ ਸੋਢੀ ਜੀ ਦਮਦਮੀ ਟਕਸਾਲ ਵਾਲੇ
ਡਾ. ਸੰਤ ਗੁਰਨਾਮ ਸਿੰਘ ਜੀ ਡਰੋਲੀ ਭਾਈਕੇ
ਬਾਬਾ ਸਾਧੂ ਸਿੰਘ ਲੰਡੇਆਣੇ ਵਾਲੇ
ਸੰਤ ਬੀਬੀ ਜਸਪ੍ਰੀਤ ਕੌਰ ਮਾਹਿਲਪੁਰ ਬੁੰਗੇ ਵਾਲੇ
ਬਾਬਾ ਹਰਨਾਮ ਸਿੰਘ ਸੁਆਮੀ ਜੀ ਮਾਹਿਲਪੁਰ ਬੁੰਗੇ ਵਾਲੇ
ਸੰਤ ਬਾਬਾ ਬੋਹੜ ਸਿੰਘ ਜੀ ਚੂਤਾਂ ਵਾਲੇ
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915




ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਂ 10 ਵਜੇ ਤੋਂ ਸ਼ਾਮ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਸ. ਹਰਮੀਤ ਸਿੰਘ ਕਾਲਕਾ, ਪ੍ਰਧਾਨ ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ
ਜਥੇਦਾਰ ਬਾਬਾ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਕਮੇਟੀ ਹਰਿਆਣਾ
ਸਿੰਘ ਸਾਹਿਬ ਗਿਆਨੀ ਰਣਜੀਤ ਸਿੰਘ ਜੀ ਹੈੱਡ ਗ੍ਰੰਥੀ ਗੁਰਦੁਆਰਾ ਬੰਗਲਾ ਸਾਹਿਬ
ਭਾਈ ਗੁਰਦੀਪ ਸਿੰਘ ਬਠਿੰਡਾ ਪ੍ਰਧਾਨ ਸ਼ੇਰ-ਏ-ਪੰਜਾਬ ਅਕਾਲੀ ਦਲ
ਭਾਈ ਮੋਹਕਮ ਸਿੰਘ ਜੀ ਦਮਦਮੀ ਟਕਸਾਲ ਵਾਲੇ
ਭਾਈ ਮੁਖਤਿਆਰ ਸਿੰਘ ਜੀ ਮੁਖੀ ਦਮਦਮੀ ਟਕਸਾਲ ਵਾਲੇ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਜਥੇਦਾਰ ਬੂਟਾ ਸਿੰਘ ਰਣਸੀਂਹ ਸ਼ੇਰ-ਏ-ਪੰਜਾਬ ਅਕਾਲੀ ਦਲ
ਜਥੇਦਾਰ ਸਤਨਾਮ ਸਿੰਘ ਜੀ ਮਨਾਵਾਂ
ਜਥੇਦਾਰ ਮਨਜੀਤ ਸਿੰਘ ਭੋਮਾ ਚੇਅਰਮੈਨ ਧਰਮ ਪ੍ਰਚਾਰ ਕਮੇਟੀ ਦਿੱਲੀ
ਭਾਈ ਸਤਵੰਤ ਸਿੰਘ ਸਪੁੱਤਰ ਸ਼ਹੀਦ ਭਾਈ ਕੇਹਰ ਸਿੰਘ
ਸ. ਤਰਸੇਮ ਸਿੰਘ (ਪਿਤਾ ਜੀ) ਐਮ.ਪੀ. ਭਾਈ ਅੰਮ੍ਰਿਤਪਾਲ ਸਿੰਘ
ਭਾਈ ਬਲਵਿੰਦਰ ਸਿੰਘ ਲੋਕ ਅਧਿਕਾਰ ਲਹਿਰ ਵਾਲੇ
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915



ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਂ 10 ਵਜੇ ਤੋਂ ਸ਼ਾਮ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਬਾਬਾ ਸਰਬਜੋਤ ਸਿੰਘ ਜੀ ਬੇਦੀ ਅੰਸ਼-ਵੰਸ਼ ਸ੍ਰੀ ਗੁਰੂ ਨਾਨਕ ਦੇਵ ਜੀ
ਭਾਈ ਈਸ਼ਰ ਸਿੰਘ ਜੀ ਸਪੁੱਤਰ ਸੰਤ ਭਿੰਡਰਾਂਵਾਲੇ
ਜਥੇਦਾਰ ਬਾਬਾ ਬਲਬੀਰ ਸਿੰਘ ਜੀ ਮੁਖੀ ਬੁੱਢਾ ਦਲ 96 ਕਰੋੜੀ
ਜਥੇਦਾਰ ਬਾਬਾ ਅਵਤਾਰ ਸਿੰਘ ਜੀ ਮੁਖੀ ਦਲ ਪੰਥ ਬਾਬਾ ਬਿਧੀ ਚੰਦ ਜੀ
ਜਥੇਦਾਰ ਬਾਬਾ ਜੋਗਾ ਸਿੰਘ ਜੀ ਮੁਖੀ ਮਿਸਲ ਸ਼ਹੀਦਾਂ ਤਰਨਾ ਦਲ ਬਾਬਾ ਬਕਾਲਾ
ਸੰਤ ਬਾਬਾ ਗੁਰਦੇਵ ਸਿੰਘ ਜੀ ਗੁ. ਸ਼ਹੀਦੀ ਬਾਗ ਸ੍ਰੀ ਅਨੰਦਪੁਰ ਸਾਹਿਬ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਜੀ
ਜਥੇਦਾਰ ਬਾਬਾ ਨਾਗਰ ਸਿੰਘ ਜੀ ਤਰਨਾ ਦਲ ਹਰੀਆਂ ਵੇਲਾਂ
ਜਥੇਦਾਰ ਬਾਬਾ ਜਗਜੀਤ ਸਿੰਘ ਜੀ ਗੁਰੂ ਨਾਨਕ ਦਲ ਮੜੀਆਂ ਵਾਲੇ
ਜਥੇਦਾਰ ਬਾਬਾ ਮੇਜਰ ਸਿੰਘ ਜੀ ਸੋਢੀ ਮੁਖੀ ਦਸ਼ਮੇਸ਼ ਤਰਨਾ ਦਲ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਜਥੇਦਾਰ ਸਵਰਨਜੀਤ ਸਿੰਘ ਮੁਖੀ ਤਰਨਾ ਦਲ ਦੋਆਬਾ
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915




ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਂ 10 ਵਜੇ ਤੋਂ ਸ਼ਾਮ 3 ਵਜੇ ਤੱਕ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦਬਾਗ ਵਾਲੇ ਕਾਰਜਕਾਰੀ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ
ਬਾਬਾ ਸੁਖਵਿੰਦਰ ਸਿੰਘ ਅਗਵਾਨ ਭਤੀਜੇ ਸ਼ਹੀਦ ਭਾਈ ਸਤਵੰਤ ਸਿੰਘ
ਬਾਬਾ ਸੁੱਖਾ ਸਿੰਘ ਜੀ ਕਾਰਸੇਵਾ ਸਰਹਾਲੀ ਸਾਹਿਬ
ਬਾਬਾ ਹਾਕਮ ਸਿੰਘ ਜੀ ਕਾਰਸੇਵਾ ਸਰਹਾਲੀ ਸਾਹਿਬ
ਜਥੇਦਾਰ ਬਾਬਾ ਹਰੀ ਸਿੰਘ ਜੀ ਹਰੀ ਸਿੰਘ ਨਲੂਆ ਦਲ
ਜਥੇਦਾਰ ਬਾਬਾ ਸਰਵਣ ਸਿੰਘ ਜੀ ਰਸਾਲਦਾਰ ਬੁੱਢਾ ਦਲ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਸੰਤ ਬਾਬਾ ਹਰੀ ਸਿੰਘ ਜੀ ਨਾਨਕਸਰ ਹਰੀਕੇ ਵਾਲੇ
ਸੰਤ ਬਾਬਾ ਸੁਰਜੀਤ ਸਿੰਘ ਕੈਰੋਂ ਵਾਲੇ
ਸੰਤ ਬਾਬਾ ਜਸਵੰਤ ਸਿੰਘ ਜੀ ਸੋਢੀ ਵਿਦਿਆਲਾ ਆਸਲ ਉਤਾੜ ਵਾਲੇ
ਜਥੇਦਾਰ ਬਾਬਾ ਰਾਜਾ ਰਾਜ ਸਿੰਘ ਜੀ ਅਰਬਾਂ ਖਰਬਾਂ ਵਾਲੇ
ਜਥੇਦਾਰ ਬਾਬਾ ਕੁਲਵਿੰਦਰ ਸਿੰਘ ਜੀ ਚਮਕੌਰ ਸਾਹਿਬ ਵਾਲੇ
ਜਥੇਦਾਰ ਬਾਬਾ ਗੁਰਦੇਵ ਸਿੰਘ ਜੀ ਦਸੂਹੇ ਵਾਲੇ ਸ਼੍ਰੋਮਣੀ ਭਗਤ ਧੰਨਾ ਜੀ ਤਰਨਾ ਦਲ
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਜੂਨ 1984 ਦੇ ਘੱਲੂਘਾਰੇ ਨੂੰ ਸਮਰਪਿਤ ਸਮਾਗਮ



ਦਮਦਮੀ ਟਕਸਾਲ ਦੇ 14ਵੇਂ ਮੁਖੀ ਸ੍ਰੀ ਮਾਨ ਸੰਤ ਗਿਆਨੀ ਜਰਨੈਲ ਸਿੰਘ ਭਿੰਡਰਾਂਵਾਲੇ ਅਤੇ ਭਾਈ ਅਮਰੀਕ ਸਿੰਘ ਜੀ ਖਾਲਸਾ, ਜਰਨਲ ਸਰਦਾਰ ਸੁਬੇਗ ਸਿੰਘ ਜੀ ਅਤੇ ਬਾਬਾ ਠਾਹਰਾ ਸਿੰਘ ਜੀ ਦੀਆਂ ਸ਼ਹੀਦੀਆ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ ਅਤੇ ਇਹ ਸਮਾਗਮ 75 ਵੀਂ ਸਲਾਨਾ ਬਰਸੀ ਸ਼੍ਰੀਮਾਨ ਸੰਤ ਬਾਬਾ ਪ੍ਰੇਮ ਸਿੰਘ ਮੁਰਾਲੇ ਵਾਲਿਆਂ ਨੂੰ ਵੀ ਸਮਰਪਿਤ ਹੋਣਗੇ।

☛ ਤਿੰਨੋਂ ਦਿਨ ਸ੍ਰੀ ਅਖੰਡ ਪਾਠ ਸਾਹਿਬ ਜੀ ਸਿੱਖ ਚੈਨਲ ਯੂ ਕੇ ਤੇ ਲਾਈਵ ਟੈਲੀਕਾਸਟ ਹੋਵੇਗਾ। ☛ ਸ਼ੁੱਕਰਵਾਰ 6 ਜੂਨ 2025 ਨੂੰ 9:00 ਵਜੇ ਸ਼੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ 5 ਤੋ 8 ਸ਼ਾਮ ਨੂੰ ਦੀਵਾਨ ਵੀ ਸਜਣਗੇ

☛ 8 ਜੂਨ ਐਤਵਾਰ ਨੂੰ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣਗੇ ☛ ਸ਼ਨਿੱਚਰਵਾਰ 7 ਜੂਨ ਸ਼ਾਮ 5 ਤੋਂ 8 ਵਜ਼ੇ ਤੱਕ ਦੀਵਾਨ ਸੱਜਣਗੇ। ☛ ਐਤਵਾਰ 8 ਜੂਨ 6:00 ਵਜੇ ਸਵੇਰੇ ਚੁਪਹਿਰਾ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਅਤੇ ਸਮੇਤ ਸੁਖਮਨੀ ਸਾਹਿਬ ਦੇ 9: 00 ਵਜੇ ਭੋਗ ਪੈਣਗੇ ਉਪੰਰਤ 1:00 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਅਤੇ ਰਾਗੀ ਸਿੰਘ ਕੀਰਤਨ ਰਾਹੀਂ, ਗੁਰਬਾਣੀ ਕਥਾ, ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ ☛ ਸਟਾਲ ਵੀ ਲੱਗਣਗੇ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

### ⭑ ਗੁਰੂ ਪੰਥ ਦੇ ਦਾਸਰੇ ⭑

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

# GURDWARA BABA SANG JI SMETHWICK, BIRMINGHAM

# 6TH - 8TH JUNE












**Naujawan Sewak Sabha Birmingham UK**

## COMMEMORATING THE SHAHEEDI DIVAS OF DHAN DHAN SRI GURU ARJAN DEV MAHARAJ JI AND ALL SHAHEEDS OF JUNE 1984

Arambh Sri Akhand Path Sahib : **Friday 6th June 2025 (11AM)**

Bhog Sri Akhand Path Sahib : **Sunday 8th June 2025 (10AM)**

# ਮਹਾਨ ਅੰਮ੍ਰਿਤ ਸੰਚਾਰ



## MAHAAN AMRIT SANCHAR



## Sunday 8th June 2025 (12PM)

ਆਵਾਜ਼ਿ ਕੌਮ AWAZE QAUM International Newspaper & WEB TV

**Kakaars will be provided by**

**GURDWARA BABA SANG JI SMETHWICK, BIRMINGHAM**

7-9 St Paul's Rd, Smethwick B66 1EE

**For more information contact:** Devinder Singh: **07452 765165** Manjinder Singh: **07848460728**

Design & Printed by Star Signs & Displays - 0121 572 0909

IT IS WITH OUR DEEPEST SORROW, THAT WE WOULD LIKE TO INFORM YOU OF THE PASSING OF

# Mr Teja Singh Sandhu

Husband of the late Mrs Kulwant Kaur Sandhu



ਆਵਾਜ਼ਿ ਕੌਮ AWAZE QAUM International Newspaper & WEB TV

## on Friday 16th May 2025

You are welcome to pay respects at 511 Brook Lane, B13 0BU on Saturday 24th May 2025 and Sunday 25th May 2025 between 10.30am-7pm

## Funeral Service Details:

## Tuesday May 27th 2025

Arrival of the hearse at residence: 10.15am
Departure of cortège: 11.00am

**511 Brook Lane, Kings Heath, B13 0BU**

Cremation service at 11.30am

**Robin Hood Cemetery, Streetsbrook Road, Shirley, B90 3NL**

Bhog Ceremony at Guru Nanak Gurdwara: 12.30pm, Hall 2, First Floor

**629-631, Stratford Road, Birmingham, B11 4LS**

To attend virtually: https://watch.obitus.com
Username duja7937
Password 192142

ਦਮਦਮੀ ਟਕਸਾਲ ਤੇ ਸੰਤ ਸਮਾਜ ਦੇ ਮੁਖੀ ਸ੍ਰੀਮਾਨ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਕੋਲੋਂ

# ਹਰਦੀਪ ਸਿੰਘ ਗਿੱਲ ਨੇ ਲਿਆ ਆਸ਼ੀਰਵਾਦ



**ਜੰਡਿਆਲਾ ਗੁਰੂ, 21ਮਈ( ਕੁਲਵੰਤ ਸਿੰਘ ਵਿਰਦੀ** )- ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਭਾਜਪਾ ਇੰਚਾਰਜ ਹਰਦੀਪ ਸਿੰਘ ਗਿੱਲ ਨੇ ਦਮਦਮੀ ਟਕਸਾਲ ਅਤੇ ਸੰਤ ਸਮਾਜ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਨਾਲ ਮੁਲਾਕਾਤ ਕੀਤੀ ਤੇ ਆਸ਼ੀਰਵਾਦ ਲਿਆ। ਇਸ ਦੌਰਾਨ ਹਰਦੀਪ ਸਿੰਘ ਗਿੱਲ ਨੇ ਧਾਰਮਿਕ ਅਤੇ ਸਮਾਜਿਕ ਕਾਰਜਾਂ ਵਿੱਚ ਹਰ ਤਰ੍ਹਾਂ ਦੇ ਸਹਿਯੋਗ ਦੇਣ ਦੀ ਗੱਲ ਆਖੀ। ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਹਰਦੀਪ ਸਿੰਘ ਗਿੱਲ ਨੇ ਕਿਹਾ ਕਿ ਸਿੱਖੀ ਦੇ ਪ੍ਰਚਾਰ ਤੇ ਪ੍ਰਸਾਰ ਵਿੱਚ ਦਮਦਮੀ ਟਕਸਾਲ ਵੱਲੋਂ ਸ਼ਲਾਘਾਯੋਗ ਕੰਮ ਕੀਤਾ ਜਾ ਰਿਹਾ ਹੈ। ਵਿਦਿਆ ਦੇ ਖੇਤਰ ਵਿੱਚ ਵੀ ਲੋੜਵੰਦ ਤੇ ਗਰੀਬ ਬੱਚਿਆਂ ਦੀ ਸਹਾਇਤਾ ਕਰਨ ਨਾਲ ਮਾਝੇ ਖੇਤਰ ਵਿੱਚ ਸਿੱਖਿਆ ਤੋਂ ਵਾਂਝੇ ਰਹਿਣ ਵਾਲੇ ਬੱਚਿਆਂ ਨੂੰ ਟਕਸਾਲ ਵੱਲੋਂ ਪੜ੍ਹਨ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਹਰਦੀਪ ਸਿੰਘ ਗਿੱਲ ਨੇ ਕਿਹਾ ਕਿ ਕਾਂਗਰਸ ਨੇ ਸ੍ਰੀ ਅਕਾਲ ਤਖਤ ਸਾਹਿਬ ਨੂੰ ਟੈਂਕਾਂ ਤੇ ਤੋਪਾਂ ਨਾਲ ਢਹਿ ਢੇਰੀ ਕੀਤਾ ਅਤੇ ਦਿੱਲੀ ਦੰਗਿਆਂ ਵਿਚ ਨਿਰਦੋਸ਼ ਸਿੱਖਾਂ ਦਾ ਕਤਲੇਆਮ ਕਰਨ ਦਾ ਪਾਪ ਕੀਤਾ। ਕਾਂਗਰਸ ਦੇ ਚੋਟੀ ਦੇ ਆਗੂ ਜਗਦੀਸ਼ ਟਾਈਟਲਰ ਤੇ ਸੱਜਣ ਕੁਮਾਰ ਨੂੰ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਯਤਨਾਂ ਸਦਕਾ ਅਦਾਲਤ ਵੱਲੋਂ ਸਜਾਵਾਂ ਸੁਣਾਈਆਂ ਗਈਆਂ ਹਨ ਪਰ ਕਾਂਗਰਸ ਨੇ ਅਜੇ ਤੱਕ ਦੋਵਾਂ ਆਗੂਆਂ ਨੂੰ ਆਪਣੀ ਪਾਰਟੀ ਤੋਂ ਬਾਹਰ ਦਾ ਰਸਤਾ ਨਹੀਂ ਦਿਖਾਇਆ। ਕਾਂਗਰਸ ਅੱਜ ਤੱਕ ਦਿੱਲੀ ਦੰਗਿਆਂ ਦੇ ਦੋਸ਼ੀਆਂ ਨੂੰ ਬਚਾਉਂਦੀ ਰਹੀ ਸੀ 41 ਸਾਲ ਬਾਅਦ ਸਿੱਖਾਂ ਨੂੰ ਮੋਦੀ ਸਰਕਾਰ ਦੇ ਯਤਨਾਂ ਸਦਕਾ ਇਨਸਾਫ ਮਿਲਿਆ ਹੈ। ਉਨਾਂ ਆਖਿਆ ਕਿ ਅਮਰੀਕਾ ਫੇਰੀ ਦੌਰਾਨ ਰਾਹੁਲ ਗਾਂਧੀ ਨੇ ਇਹ ਗੱਲ ਮੰਨੀ ਕਿ ਉਹਨਾਂ ਦੇ ਵਡੇਰਿਆਂ ਕੋਲੋਂ ਗਲਤੀਆਂ ਹੋਈਆਂ ਹਨ ਪਰ ਅੱਜ ਤੱਕ ਰਾਹੁਲ ਗਾਂਧੀ ਨੇ ਕਦੀ ਵੀ ਇਸ ਲਈ ਮਾਫੀ ਨਹੀਂ ਮੰਗੀ। ਪੰਜਾਬ ਕਾਂਗਰਸ ਦੇ ਆਗੂ ਵੀ ਇਸ ਮੁੱਦੇ 'ਤੇ ਚੁੱਪ ਹਨ। ਹਰਦੀਪ ਸਿੰਘ ਗਿੱਲ ਨੇ ਚੱਲ ਰਹੇ ਸ਼ਹੀਦੀ ਸਮਾਗਮ ਵਿੱਚ ਵੱਧ ਚੜ ਕੇ ਯੋਗਦਾਨ ਪਾਉਣ ਦਾ ਭਰੋਸਾ ਵੀ ਦਵਾਇਆ। ਇਸ ਮੌਕੇ 'ਤੇ ਗੁਲਜਿੰਦਰ ਸਿੰਘ ਲਾਡੀ ਨੰਬਰਦਾਰ, ਸਰਕਲ ਪ੍ਰਧਾਨ ਕੇਵਲ ਸਿੰਘ, ਸਰਕਲ ਪ੍ਰਧਾਨ ਮਨਜੀਤ ਸਿੰਘ ਤਰਸਿਕਾ, ਬਿਕਰਮਜੀਤ ਸਿੰਘ ਫੌਜੀ, ਰਾਜਵੀਰ ਸਿੰਘ ਮਹਿਤਾ, ਸਰਬਜੀਤ ਸਿੰਘ ਖਾਨਕੋਟ, ਹਰਜੋਤ ਸਿੰਘ ਮਹਿਤਾ, ਹਰਭਜਨ ਸਿੰਘ ਮੈਂਬਰ ਪੰਚਾਇਤ, ਹਰਪਾਲ ਸਿੰਘ ਸੈਦੋਕੇ, ਕੰਵਲਜੀਤ ਸਿੰਘ ਸੈਦੋਕੇ, ਸੁਖਦੇਵ ਸਿੰਘ ਰਜਧਾਨ, ਸ਼ੇਰ ਸਿੰਘ ਜੋਧਾ ਨਗਰੀ, ਸਤਨਾਮ ਸਿੰਘ ਤਰਸਿੱਕਾ, ਗੁਰਦਿਆਲ ਸਿੰਘ ਬੇਰੀਆ ਵਾਲਾ, ਗੁਰਮੇਲ ਸਿੰਘ, ਜਸਵਿੰਦਰ ਸਿੰਘ ਰੁਮਾਣਾ ਚੱਕ ਤੋਂ ਇਲਾਵਾ ਹੋਰ ਵੀ ਇਲਾਕਾ ਨਿਵਾਸੀ ਹਾਜ਼ਰ ਸਨ।

ਪੰਜਾਬ ਸਰਕਾਰ ਨੇ ਡੋਰਸਟੈਪ ਡਿਲੀਵਰੀ ਸੇਵਾ ਫੀਸ ਨੂੰ ਘਟਾਇਆ - ਡਿਪਟੀ ਕਮਿਸ਼ਨਰ

# ਹੁਣ ਪ੍ਰਤੀ ਸੇਵਾ 120 ਦੀ ਬਜਾਏ ਸਿਰਫ਼ 50 ਰੁਪਏ ਹੀ ਦੇਣੇ ਪੈਣਗੇ



**ਜੰਡਿਆਲਾ ਗੁਰੂ 21 ਮਈ( ਕੁਲਵੰਤ ਸਿੰਘ ਵਿਰਦੀ** )-ਨਾਗਰਿਕ ਕੇਂਦਰਿਤ ਸੇਵਾਵਾਂ ਨੂੰ ਸਾਰੇ ਨਾਗਰਿਕਾਂ ਲਈ ਵਧੇਰੇ ਪਹੁੰਚਯੋਗ ਬਣਾਉਂਦਿਆਂ ਪੰਜਾਬ ਸਰਕਾਰ ਨੇ ਡੋਰਸਟੈਪ ਡਿਲੀਵਰੀ ਫੀਸ 120 ਰੁਪਏ ਤੋਂ ਘਟਾ ਕੇ 50 ਰੁਪਏ ਕਰ ਦਿੱਤੀ ਹੈ। ਡਿਪਟੀ ਕਮਿਸ਼ਨਰ ਸ੍ਰੀਮਤੀ ਸਾਕਸ਼ੀ ਸਾਹਨੀ ਨੇ ਦੱਸਿਆ ਕਿ ਇਸ ਕਦਮ ਤਹਿਤ ਸੂਬੇ ਦੇ ਵਸਨੀਕ ਹੈਲਪਲਾਈਨ ਨੰਬਰ-1076 'ਤੇ ਕਾਲ ਕਰਕੇ ਘਰ ਬੈਠੇ 406 ਸੇਵਾਵਾਂ ਦਾ ਲਾਹਾ ਲੈ ਸਕਦੇ ਹਨ। ਡਿਲੀਵਰੀ ਫੀਸ ਵਿੱਚ ਕਟੌਤੀ ਕਰਨ ਦਾ ਮਕਸਦ ਇਹ ਯਕੀਨੀ ਬਣਾਉਣਾ ਹੈ ਕਿ ਕਮਜ਼ੋਰ ਵਿੱਤੀ ਹਾਲਾਤ ਵਾਲੇ ਨਾਗਰਿਕ ਵੀ ਇਨ੍ਹਾਂ ਸੇਵਾਵਾਂ ਦਾ ਲਾਭ ਉਠਾ ਸਕਣ ਉਨ੍ਹਾਂ ਦੱਸਿਆ ਕਿ "ਭਗਵੰਤ ਮਾਨ ਸਰਕਾਰ, ਤੁਹਾਡੇ ਦੁਆਰ" ਸਕੀਮ ਤਹਿਤ ਦਰ ਉਤੇ ਜਾ ਕੇ ਸੇਵਾਵਾਂ ਪ੍ਰਦਾਨ ਕਰਨ (ਡੋਰ ਸਟੈਪ ਡਲਿਵਰੀ) ਦੀ ਸ਼ੁਰੂਆਤ ਕੀਤੀ ਹੋਈ ਹੈ ਜਿਸ ਨਾਲ ਸਰਕਾਰ ਤੋਂ ਨਾਗਰਿਕ ਤੱਕ ਸੇਵਾਵਾਂ (ਗਵਰਮੈਂਟ-ਟੂ-ਸਿਟੀਜ਼ਨ) ਨਿਰਵਿਘਨ ਮੁਹੱਈਆ ਹੋ ਰਹੀਆਂ ਹਨ ।ਇਹ ਪਹਿਲਕਦਮੀ ਸੂਬੇ ਦੇ ਨਾਗਰਿਕਾਂ ਨੂੰ ਉਨ੍ਹਾਂ ਦੀਆਂ ਬਰੂਹਾਂ ਉਤੇ ਮਹੱਤਵਪੂਰਨ ਜੀ2ਸੀ ਸੇਵਾਵਾਂ-ਜਿਵੇਂ ਜਨਮ ਅਤੇ ਮੌਤ ਦੇ ਸਰਟੀਫਿਕੇਟ, ਆਮਦਨ, ਰਿਹਾਇਸ਼, ਜਾਤੀ, ਪੈਨਸ਼ਨ, ਬਿਜਲੀ ਬਿੱਲ ਭੁਗਤਾਨ ਅਤੇ ਹੋਰ ਸੇਵਾਵਾਂ ਪ੍ਰਦਾਨ ਕਰਦੀ ਹੈ। ਸੂਬੇ ਦੇ ਨਾਗਰਿਕ ਇੱਕ ਸਮਰਪਿਤ ਹੈਲਪਲਾਈਨ ਨੰਬਰ 1076 ਉਤੇ ਕਾਲ ਕਰਕੇ ਆਪਣੀ ਸਹੂਲਤ ਅਨੁਸਾਰ ਪੂਰਵ-ਮੁਲਾਕਾਤ ਦਾ ਸਮਾਂ ਤੈਅ ਕਰਕੇ ਇਨ੍ਹਾਂ ਸੇਵਾਵਾਂ ਦਾ ਲਾਭ ਲੈ ਸਕਦੇ ਹਨ। ਇਕ ਵੇਲੇ ਇਕ ਸਿਟੀਜ਼ਨ ਵੱਧ ਤੋਂ ਵੱਧ ਚਾਰ ਸੇਵਾਵਾਂ ਹਾਸਲ ਕਰ ਸਕਦਾ ਹੈ। ਉਨ੍ਹਾਂ ਦੱਸਿਆ ਕਿ ਕੋਈ ਨਾਗਰਿਕ ਸੇਵਾਵਾਂ ਵਿੱਚ ਜਨਮ/ਐਨ.ਏ.ਸੀ. ਸਰਟੀਫਿਕੇਟ, ਜਨਮ ਸਰਟੀਫਿਕੇਟ ਵਿੱਚ ਨਾਮ ਜੋੜਨਾ, ਮੌਤ ਸਰਟੀਫਿਕੇਟ ਦੀਆਂ ਕਾਪੀਆਂ, ਜਨਮ ਸਰਟੀਫਿਕੇਟ ਵਿੱਚ ਐਂਟਰੀ ਵਿੱਚ ਸੋਧ, ਮੌਤ/ਐਨ.ਏ.ਸੀ. ਸਰਟੀਫਿਕੇਟ ਜਾਰੀ ਕਰਨਾ, ਜਨਮ ਸਰਟੀਫਿਕੇਟ ਦੀਆਂ ਕਈ ਕਾਪੀਆਂ, ਜਨਮ ਸਰਟੀਫਿਕੇਟ ਦੀ ਦੇਰੀ ਨਾਲ ਰਜਿਸਟ੍ਰੇਸ਼ਨ, ਮੌਤ ਸਰਟੀਫਿਕੇਟ ਦੀ ਦੇਰੀ ਨਾਲ ਰਜਿਸਟ੍ਰੇਸ਼ਨ, ਮੌਤ ਦੇ ਸਰਟੀਫਿਕੇਟ (ਸਿਹਤ) ਵਿੱਚ ਸੋਧ, ਆਮਦਨ ਦਾ ਸਰਟੀਫਿਕੇਟ, ਹਲਫੀਆ ਬਿਆਨ ਤਸਦੀਕ ਕਰਨਾ, ਮਾਲ ਰਿਕਾਰਡ ਦੀ ਜਾਂਚ, ਰਜਿਸਟਰਡ ਅਤੇ ਗੈਰ-ਰਜਿਸਟਰਡ ਦਸਤਾਵੇਜ਼ਾਂ ਦੀਆਂ ਪ੍ਰਮਾਣਿਤ ਕਾਪੀਆਂ (ਨਕਲ ਪ੍ਰਦਾਨ ਕਰਨਾ), ਫਰਦ ਤਿਆਰ ਕਰਨ, ਦਸਤਾਵੇਜ਼ਾਂ ਦੇ ਕਾਊਂਟਰ ਸਾਈਨ, ਬੈਕਵਰਡ ਏਰੀਆ ਸਰਟੀਫਿਕੇਟ, ਦਸਤਾਵੇਜ਼ਾਂ ਦੇ ਕਾਊਂਟਰ ਸਾਈਨ, ਕਾਊਂਟਰ ਸਾਈਨ, ਲਾਭਪਾਤਰੀਆਂ ਦੇ ਬੱਚਿਆਂ ਨੂੰ ਵਜ਼ੀਫ਼ਾ, ਉਸਾਰੀ ਕਾਮੇ ਦੀ ਰਜਿਸਟ੍ਰੇਸ਼ਨ ਅਤੇ ਉਸਾਰੀ ਮਜ਼ਦੂਰ (ਲੇਬਰ) ਦੀ ਰਜਿਸਟ੍ਰੇਸ਼ਨ ਦਾ ਨਵੀਨੀਕਰਨ, ਰਿਹਾਇਸ਼ੀ ਸਰਟੀਫਿਕੇਟ, ਅਨੁਸੂਚਿਤ ਜਾਤੀ ਸਰਟੀਫਿਕੇਟ ਅਤੇ ਬੀ.ਸੀ. ਸਰਟੀਫਿਕੇਟ, ਜਨਰਲ ਜਾਤੀ ਸਰਟੀਫਿਕੇਟ, ਹੋਰ ਪਛੜੀ ਸ਼੍ਰੇਣੀਆਂ ਸਬੰਧੀ ਸਰਟੀਫਿਕੇਟ (ਓ.ਬੀ.ਸੀ.), ਆਮਦਨ ਅਤੇ ਸੰਪਤੀ ਦਾ ਸਰਟੀਫਿਕੇਟ (ਈ.ਡਬਲਿਊ.ਐਸ.) ਅਤੇ ਸ਼ਗਨ ਸਕੀਮ (ਕੇਸ ਨੂੰ ਮਨਜ਼ੂਰੀ ਲਈ) (ਸਮਾਜਿਕ ਨਿਆਂ), ਬਜ਼ੁਰਗਾਂ ਨੂੰ ਪੈਨਸ਼ਨ, ਵਿਧਵਾ/ਬੇਸਹਾਰਾ ਨਾਗਰਿਕਾਂ ਨੂੰ ਪੈਨਸ਼ਨ, ਅਪਾਹਜ ਨਾਗਰਿਕਾਂ ਨੂੰ ਪੈਨਸ਼ਨ, ਅਪੰਗਤਾ ਸਰਟੀਫਿਕੇਟ ਯੀ.ਡੀ.ਆਈ.ਡੀ. ਕਾਰਡ ਲਈ ਅਰਜ਼ੀ ਅਤੇ ਨਿਰਭਰ ਬੱਚਿਆਂ ਲਈ ਪੈਨਸ਼ਨ (ਸਮਾਜਿਕ ਸੁਰੱਖਿਆ), ਬਿਜਲੀ ਦੇ ਬਿੱਲ ਦਾ ਭੁਗਤਾਨ (ਪਾਵਰ), ਵਿਆਹ ਦੀ ਰਜਿਸਟ੍ਰੇਸ਼ਨ (ਲਾਜ਼ਮੀ), ਵਿਆਹ (ਆਨੰਦ) ਦੀ ਰਜਿਸਟ੍ਰੇਸ਼ਨ ਅਤੇ ਪੇਂਡੂ ਖੇਤਰ ਦਾ ਸਰਟੀਫਿਕੇਟ (ਪੇਂਡੂ) ਘਰ ਬੈਠੇ ਹਾਸਿਲ ਕਰਨ ਆਦਿ ਸੇਵਾਵਾਂ ਲਈ ਟੋਲ ਫ੍ਰੀ ਨੰਬਰ 1076 'ਤੇ ਕਾਲ ਕਰਕੇ ਪੂਰਵ-ਮੁਲਾਕਾਤ ਦਾ ਸਮਾਂ ਤੈਅ ਕਰਕੇ ਇਨ੍ਹਾਂ ਸੇਵਾਵਾਂ ਦਾ ਲਾਭ ਲੈ ਸਕਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਪੰਜਾਬੀ ਯੂਨੀਵਰਸਿਟੀ ਕੈਂਪਸ ਤਲਵੰਡੀ ਸਾਬੋ ਵਿਖੇ ਪੁਸਤਕ ਚਰਚਾ ਸਾਂਝਾ ਮੰਚ ਦੀ ਸ਼ੁਰੂਆਤ



ਤਲਵੰਡੀ ਸਾਬੋ 21 ਮਈ (ਗੁਰਜੰਟ ਸਿੰਘ ਨਥੇਹਾ)- ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਦੇ ਭਾਸ਼ਾਵਾਂ ਵਿਭਾਗ ਅਤੇ ਸੋਸ਼ਲ ਸਾਇੰਸਜ਼ ਵਿਭਾਗ ਵੱਲੋਂ ਸਾਂਝੀ ਪੁਸਤਕ ਚਰਚਾ ਲੜੀ ਦੀ ਸ਼ੁਰੂਆਤ ਕੀਤੀ ਗਈ। ਇਸ ਚਰਚਾ ਵਿੱਚ ਕਿਤਾਬਾਂ ਦੇ ਸੰਗ ਗੁਫ਼ਤਗੂ ਤਹਿਤ ਦੋਨੋ ਵਿਭਾਗਾਂ ਦੇ ਫੈਕਲਟੀ ਮੈਂਬਰ ਕਿਸੇ ਇੱਕ ਕਿਤਾਬ ਨੂੰ ਵੱਖ-ਵੱਖ ਦ੍ਰਿਸ਼ਟੀਕੋਣਾ ਸਮਝਣ ਦੀ ਕੋਸ਼ਿਸ਼ ਕਰਨਗੇ। ਪਲੇਠੀ ਪੁਸਤਕ ਚਰਚਾ ਸ਼ੁਰੂਆਤ ਪ੍ਰੋਫੈਸਰ ਕੁਮਾਰ ਸੁਸ਼ੀਲ ਸਾਬਕਾ ਮੁਖੀ ਭਾਸ਼ਾਵਾਂ ਵਿਭਾਗ ਨੇ ਹਰਲੀਨ ਸਿੰਘ ਦੀ ਕਿਤਾਬ "ਦ ਲੋਸਟ ਹੀਰ: ਵੋਮੈਨ ਇਨ ਦ ਕਲੋਨਿਅਲ ਪੰਜਾਬ" TThe Lost Heer: Woman in the Colonial Punjab' 'ਤੇ ਵਿਸਥਾਰਿਤ ਚਰਚਾ ਕੀਤੀ। ਕੁਮਾਰ ਸੁਸ਼ੀਲ ਨੇ ਉਪਰੋਕਤ ਪੁਸਤਕ ਚਰਚਾ 'ਤੇ ਗੱਲ ਕਰਦਿਆਂ ਇਤਿਹਾਸ ਤੇ ਸਾਹਿਤ ਹਵਾਲੇ ਸਮੇਤ ਕਿਹਾ ਕਿ 1761 ਤੋਂ 1947 ਤੱਕ ਦੀਆਂ ਔਰਤਾਂ ਦਾ ਬਹੁਤ ਘੱਟ ਜਿਕਰ ਹੋਇਆ ਹੈ ਪ੍ਰੰਤੂ ਤਸ਼ਦਦ ਸਭ ਤੋਂ ਵੱਧ ਔਰਤਾਂ ਦੁਆਰਾ ਸਹਿਣ ਕੀਤਾ ਗਿਆ। ਨਾਲ ਹੀ ਉਹਨਾਂ ਕਿਹਾ ਕਿ ਇਸ਼ਕ, ਇਲਮ ਅਸਲ ਚ ਔਰਤ ਦਾ ਬਾਗੀਪਣ ਹੈ। ਜਿਸ ਨੂੰ ਸਮਾਜ ਸਵਕਾਰਿਤ ਨਹੀਂ ਕਰਦਾ। ਡਾ. ਬਲਦੇਵ ਸਿੰਘ ਸ਼ੇਰਗਿੱਲ ਮੁਖੀ ਸੋਸ਼ਲ ਸਾਇੰਸ ਵਿਭਾਗ ਸਾਰਿਆਂ ਨੂੰ ਜੀ ਆਇਆ ਕਿਹਾ ਤੇ ਨਾਲ ਹੀ ਖੋਜ ਨਾਲ ਸੰਬੰਧਤ ਦਿੱਲੀ ਤੇ ਪੱਛਮੀ ਯੂਨੀਵਰਸਿਟੀਆਂ ਦੇ ਹਵਾਲੇ ਨਾਲ ਕਿਹਾ ਕਿ ਸਾਨੂੰ ਕਿਤਾਬਾਂ ਨੂੰ ਚਰਚਾ ਦਾ ਵਿਸ਼ਾ ਬਨਾਉਣਾ ਚਾਹੀਦਾ ਹੈ। ਡਾ. ਸੰਦੀਪ ਰਾਣਾ ਮੁਖੀ ਭਾਸ਼ਾਵਾਂ ਵਿਭਾਗ ਸਾਰੀ ਫੈਕਲਟੀ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਸਾਨੂੰ ਇਸ ਕਿਤਾਬ ਬਾਰੇ ਹੋਰ ਚਰਚਾ ਕਰਨ ਦੀ ਲੋੜ ਹੈ ।ਕੈਂਪਸ ਡਾਇਰੈਕਟਰ ਡਾ. ਕਮਲਜੀਤ ਸਿੰਘ ਨੇ ਪੁਸਤਕ ਚਰਚਾ ਸ਼ੁਰੂਆਤ ਕਰਨ 'ਤੇ ਸ਼ਲਾਘਾ ਕੀਤੀ ਤੇ ਅੱਗੇ ਹੋਰ ਚਰਚਾ ਕਰਨ ਲਈ ਹੱਲਾਸ਼ੇਰੀ ਦਿਤੀ ।ਇਸ ਦੌਰਾਨ ਮੰਚ ਸੰਚਾਲਨ ਦੀ ਭੂਮਿਕਾ ਸਹਾਇਕ ਪ੍ਰੋਫੈਸਰ ਹਰਪ੍ਰੀਤ ਕੁਮਾਰ ਨੇ ਬਾਖੂਬੀ ਨਿਭਾਈ। ਇਸ ਚਰਚਾ ਵਿੱਚ ਸਮੂਹ ਅਧਿਆਪਕ ਹਾਜ਼ਰ ਸਨ।

# ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਮੌਕੇ ਉਨਾਂ ਦੇ ਚਰਨ ਛੋਹ ਪ੍ਰਾਪਤ ਸਥਾਨਾਂ ਉੱਤੇ ਕਰਵਾਏ ਜਾਣਗੇ ਵੱਡੇ ਸਮਾਗਮ -ਧਾਲੀਵਾਲ

## ਨੌਜਵਾਨ ਪੀੜ੍ਹੀ ਤੱਕ ਗੁਰੂ ਸਾਹਿਬ ਦੀ ਸ਼ਾਨਦਾਰ ਵਿਰਾਸਤ ਨੂੰ ਪਹੁੰਚਾਉਣ ਲਈ ਸੂਬਾ ਸਰਕਾਰ ਵਚਨਬੱਧ



**ਅੰਮ੍ਰਿਤਸਰ 21 ਮਈ ( ਕੁਲਵੰਤ ਸਿੰਘ ਵਿਰਦੀ** )-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਵੱਡੇ ਪੱਧਰ 'ਤੇ ਮਨਾਉਣ ਲਈ ਸੂਬਾ ਸਰਕਾਰ ਵੱਲੋਂ ਫੈਸਲਾ ਲਿਆ ਗਿਆ ਹੈ ਅਤੇ ਉਨਾਂ ਦੇ ਚਰਨ ਛੋਹ ਪ੍ਰਾਪਤ ਸਥਾਨਾਂ ਉੱਤੇ ਵੱਡੇ ਸਮਾਗਮ ਕਰਵਾਏ ਜਾਣਗੇ। ਅਜਨਾਲਾ ਹਲਕੇ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਸ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਸੂਬਾ ਸਰਕਾਰ ਨੌਵੇਂ ਗੁਰੂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਵੱਡੇ ਪੱਧਰ 'ਤੇ ਮਨਾਉਣ ਲਈ ਲੜੀਵਾਰ ਸਮਾਗਮ ਕਰਵਾਉਣ ਲਈ ਪੂਰੀ ਤਰ੍ਹਾਂ ਸਮਰਪਿਤ ਹੈ ।ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਬੇਮਿਸਾਲ ਅਤੇ ਵਿਲੱਖਣ ਕੁਰਬਾਨੀ, ਜੋ ਆਉਣ ਵਾਲੀਆਂ ਪੀੜ੍ਹੀਆਂ ਲਈ ਹਮੇਸ਼ਾ ਪ੍ਰੇਰਨਾ ਸਰੋਤ ਰਹੇਗੀ, ਨੂੰ ਸਿਜਦਾ ਕਰਨ ਲਈ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਸੈਮੀਨਾਰ ਵੀ ਕਰਵਾਏ ਜਾਣਗੇ ।ਉਨਾਂ ਨੇ ਕਿਹਾ ਕਿ ਇਸ ਦੇ ਨਾਲ-ਨਾਲ ਰਾਜ ਭਰ ਵਿੱਚ ਲੜੀਵਾਰ ਸਮਾਗਮ ਕਰਵਾਏ ਜਾਣਗੇ ਅਤੇ ਗੁਰੂ ਸਾਹਿਬ ਦੀਆਂ ਚਰਨ-ਛੋਹ ਪ੍ਰਾਪਤ ਥਾਵਾਂ ਦਾ ਵਿਆਪਕ ਵਿਕਾਸ ਯਕੀਨੀ ਬਣਾਇਆ ਜਾਵੇਗਾ। ਉਹਨਾਂ ਦੱਸਿਆ ਕਿ ਸਾਡੇ ਹਲਕੇ ਵਿੱਚ ਗੁਰਦੁਆਰਾ ਗੁਰੂ ਕਾ ਬਾਗ ਵਿਖੇ ਗੁਰੂ ਸਾਹਿਬ ਨੇ ਚਰਨ ਪਾਏ ਹਨ ਅਤੇ ਅਸੀਂ ਉਥੋਂ ਦੇ ਸਕੂਲ ਲਈ ਦੋ ਕਰੋੜ ਰੁਪਏ ਤੋਂ ਵੱਧ ਦੀ ਰਾਸ਼ੀ ਜਾਰੀ ਕਰ ਦਿੱਤੀ ਹੈ। ਉਨਾਂ ਨੇ ਕਿਹਾ ਕਿ ਸੂਬਾ ਸਰਕਾਰ ਇਨ੍ਹਾਂ ਪਵਿੱਤਰ ਸਥਾਨਾਂ ਦੀ ਇਤਿਹਾਸਕ ਮਹੱਤਤਾ ਨੂੰ ਉਜਾਗਰ ਕਰਦਿਆਂ ਬਾਖੂਬੀ ਢੰਗ ਨਾਲ ਸਜਾਏਗੀ ਅਤੇ ਇਹਨਾਂ ਸਥਾਨਾਂ ਲਈ ਜੋ ਵੀ ਲੋੜ ਹੋਈ ਉਹ ਕੰਮ ਕਰਵਾਏ ਜਾਣਗੇ।

# ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਹਰੇਕ ਨੌਜਵਾਨ ਇਸ ਅੰਦੋਲਨ ਨਾਲ ਜੁੜੇ-ਵਿਧਾਇਕ ਸ਼ੈਰੀ ਕਲਸੀ

**ਬਟਾਲਾ, 21 ਮਈ (ਆਵਾਜ਼ਿ ਕੌਮ ਬਿਊਰੋ)**-ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵਲੋਂ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਜਿੱਥੇ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ ਉਥੇ ਹੀ ਆਮ ਲੋਕਾਂ ਵਲੋਂ ਨਸ਼ਾ ਮੁਕਤੀ ਯਾਤਰਾ ਵਿੱਚ ਭਰਵੀਂ ਸ਼ਮੂਲੀਅਤ ਕੀਤੀ ਜਾ ਰਹੀ ਹੈ। ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵਲੋਂ ਹਲਕੇ ਅੰਦਰ ਕੀਤੀ ਜਾ ਰਹੀ ਨਸ਼ਾ ਮੁਕਤੀ ਯਾਤਰਾ ਤਹਿਤ ਉਨਾਂ ਵਲੋਂ ਪਿੰਡ ਬਹਿਲੂਵਾਲ, ਵਡਾਲਾ ਗ੍ਰੰਥੀਆਂ ਤੇ ਚਾਹਗਿੱਲ ਵਿਖੇ ਜਨ ਸਭਾਵਾਂ ਕੀਤੀਆਂ ਗਈਆਂ ਤੇ ਪਿੰਡ ਵਾਸੀਆਂ ਨੂੰ ਨਸ਼ੇ ਖਿਲਾਫ ਇੱਕਜੁੱਟ ਹੋ ਕੇ ਲੜਨ ਦੀ ਸਹੁੰ ਚੁਕਾਈ। ਵਿਧਾਇਕ ਸ਼ੈਰੀ ਕਲਸੀ ਨੇ ਪਿੰਡ ਵਾਸੀਆਂ ਨੂੰ ਸੰਬੋਧਨ ਹੁੰਦਿਆਂ ਕਿਹਾ ਕਿ ਸਾਨੂੰ ਪਾਰਟੀਬਾਜੀ ਤੋ ਉਪਰ ਉਠ ਕੇ ਆਪਣੇ ਪਿੰਡ, ਕਸਬੇ, ਸ਼ਹਿਰ ਤੇ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ। ਉਨਾਂ ਕਿਹਾ ਕਿ ਨਸ਼ਾ ਇਕ ਗੰਭੀਰ ਬਿਮਾਰੀ ਹੈ ਜੋ ਸਾਡੇ ਨੌਜਵਾਨਾਂ ਨੂੰ ਘੁਣ ਵਾਂਗ ਖਾ ਰਿਹਾ ਹੈ ਅਤੇ ਇਸ ਬਿਮਾਰੀ ਤੋ ਛੁਟਕਾਰਾ ਤਾਂ ਹੀ ਮਿਲ ਸਕਦਾ ਹੈ ਜੇਕਰ ਅਸੀਂ ਸਾਰੇ ਇਕਜੁੱਟ ਹੋ ਕੇ ਨਸ਼ਿਆਂ ਦਾ ਡਟਕੇ ਮੁਕਾਬਲਾ ਕਰੀਏ। ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਜੇਕਰ ਹਰੇਕ ਵਾਰਡ ਜਾਂ ਪਿੰਡਾਂ ਦੀਆਂ ਪੰਚਾਇਤਾਂ ਨਸ਼ਾ ਮੁਕਤੀ ਦਾ ਪ੍ਰਣ ਲੈ ਲੈਣਗੀਆਂ ਤਾਂ ਨਸ਼ਾ ਜਾਂ ਨਸ਼ਾ ਤਸਕਰਾਂ ਦਾ ਨਾਮੋ ਨਿਸ਼ਾਨ ਵੀ ਨਹੀਂ ਰਹੇਗਾ। ਉਨਾਂ ਕਿਹਾ ਕਿ ਪੰਜਾਬ ਨੂੰ ਨਸ਼ਾ ਮੁਕਤ ਕਰਨਾ ਭਵਿੱਖ ਦੀ ਲੜਾਈ ਹੈ ਅਤੇ ਸਾਨੂੰ ਆਪਣੀਆਂ ਆਉਣ ਵਾਲੀਆਂ ਨਸਲਾਂ ਨੂੰ ਬਚਾਉਣ ਲਈ ਜਾਗਰੂਕ ਹੋਣਾ ਪਵੇਗਾ ਉਨਾਂ ਨੌਜਵਾਨਾਂ ਨੂੰ ਕਿਹਾ ਕਿ ਉਹ ਇਸ ਜਨ ਅੰਦੋਲਨ ਦਾ ਹਿੱਸਾ ਬਣਨ ਤਾਂ ਜੋ ਪੰਜਾਬ ਨੂੰ ਨਸ਼ਾ ਮੁਕਤ ਕੀਤਾ ਜਾ ਸਕੇ। ਉਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਉਨ੍ਹਾਂ ਨੌਜਵਾਨਾਂ ਨੂੰ ਇੱਕ ਨਵਾਂ ਰਸਤਾ ਦਿਖਾ ਰਹੀ ਹੈ ਜੋ ਨਸ਼ਿਆਂ ਦੀ ਦਲਦਲ ਵਿੱਚ ਫਸ ਕੇ ਆਪਣੀ ਜ਼ਿੰਦਗੀ ਬਰਬਾਦ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲਗਾਤਾਰ ਨਸ਼ਾ ਤਸਕਰਾਂ ਖਿਲਾਫ ਕਾਰਵਾਈ ਕੀਤੀ ਗਈ ਹੈ ਅਤੇ ਨਸ਼ਿਆਂ ਦੀ ਸਪਲਾਈ ਨੂੰ ਤੋੜਿਆ ਗਿਆ ਹੈ। ਉਨ੍ਹਾਂ ਕਿਹਾ ਕੀ ਸਰਕਾਰ ਵੱਲੋਂ ਜ਼ਿਲ੍ਹਾ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਸਮੇਤ ਸਮਾਜਿਕ ਸੰਗਠਨਾਂ ਦੇ ਸਹਿਯੋਗ ਨਾਲ ਨਸ਼ਾ ਮੁਕਤੀ ਲਈ ਚਲਾਏ ਜਾ ਰਹੇ ਇਸ ਸਾਂਝੇ ਯਤਨ ਨੂੰ ਲੋਕਾਂ ਦਾ ਵੀ ਪੂਰਨ ਸਮਰਥਨ ਮਿਲ ਰਿਹਾ ਹੈ।

# ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੰਜ ਸਿੰਘ ਸਾਹਿਬਾਨ ਦੀ ਮੀਟਿੰਗ ਹੋਈ ਜਿਸ ਵਿੱਚ ਕਈ ਪੰਥਕ ਮੁੱਦਿਆਂ ਉੱਤੇ ਵਿਚਾਰ ਕਰਕੇ ਅਹਿਮ ਫੈਸਲੇ ਲਏ ਗਏ ਹਨ

## ਇਸ ਮੌਕੇ ਪ੍ਰਵਾਨਤ ਮਤਿਆਂ ਦੀਆਂ ਹੂਬਹੂ ਕਾਪੀਆਂ ਅਸੀਂ ਆਪਣੇ ਪਾਠਕਾਂ ਲਈ ਪ੍ਰਕਾਸ਼ਤ ਕਰ ਰਹੇ ਹਾਂ।

ੴ ਵਾਹਿਗੁਰੂ ਜੀ ਕੀ ਫ਼ਤਹ ॥

**ਸ੍ਰੀ ਅਕਾਲ ਤਖ਼ਤ ਸਾਹਿਬ**

ਸ੍ਰੀ ਅੰਮ੍ਰਿਤਸਰ ਸਾਹਿਬ

Sri Akal Takhat Sahib, Sri Amritsar Sahib

ਨੰਬਰ ਅ:3/220 ਮਿਤੀ 21-05-2025

ਮਤਾ ਨੰਬਰ ੦੧

ਅੱਜ ਮਿਤੀ ੦੮ ਜੇਠ ਨਾਨਕਸ਼ਾਹੀ ਸੰਮਤ ੫੫੭ ਮੁਤਾਬਿਕ ੨੧ ਮਈ ੨੦੨੫ ਦਿਨ ਬੁੱਧਵਾਰ ਨੂੰ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਈ, ਜਿਸ ਵਿੱਚ ਸਿੱਖ ਪ੍ਰਚਾਰਕ ਭਾਈ ਰਣਜੀਤ ਸਿੰਘ ਢੱਡਰੀਆਂ ਵਾਲੇ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੰਜ ਸਿੰਘ ਸਾਹਿਬਾਨ ਦੇ ਸਨਮੁਖ ਆਪਣਾ ਪੱਖ ਰੱਖਣ ਲਈ ਪੇਸ਼ ਹੋਣ ਉੱਤੇ ਬੀਤੇ ਸਮੇਂ ਗੁਰਮਤਿ ਪ੍ਰਤੀ ਕੀਤੀਆਂ ਗਈਆਂ ਗਲਤ ਬਿਆਨੀਆਂ ਦੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਤੇ ਗੁਰੂ ਪੰਥ ਪਾਸੋਂ ਖਿਮਾ ਜਾਚਨਾ ਕੀਤੀ ਗਈ ਹੈ। ਪੰਜ ਸਿੰਘ ਸਾਹਿਬਾਨ ਨੇ ਇਨ੍ਹਾਂ ਦਾ ਪੱਖ ਸੁਣ ਕੇ ਕੀਤੀ ਗਈ ਖਿਮਾ ਜਾਚਨਾ ਦੇ ਤਹਿਤ ਪੁੱਜੇ ਪੱਖ ਨੂੰ ਪ੍ਰਵਾਨ ਕਰਦਿਆਂ ਅਗਾਂਹ ਤੋਂ ਇਨ੍ਹਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ, ਸ੍ਰੀ ਅਕਾਲ ਤਖ਼ਤ ਸਾਹਿਬ ਦੀ ਪੰਥ ਪ੍ਰਵਾਣਿਤ ਸਿੱਖ ਰਹਿਤ ਮਰਯਾਦਾ, ਪੰਥਕ ਰਵਾਇਤਾਂ ਤੇ ਪਰੰਪਰਾਵਾਂ ਅਨੁਸਾਰ ਕੇਵਲ ਸਿੱਖੀ ਪ੍ਰਚਾਰ ਕਰਨ ਲਈ ਆਦੇਸ਼ ਕੀਤਾ ਹੈ। ਭਾਈ ਰਣਜੀਤ ਸਿੰਘ ਨੂੰ ਇਹ ਵੀ ਆਦੇਸ਼ ਕੀਤਾ ਗਿਆ ਹੈ ਕਿ ਗੁਰੂ ਅਸਥਾਨ ਸਿੱਖ ਜੀਵਨ ਜਾਚ ਨੂੰ ਘੜਣ ਦੇ ਸੋਮੇ ਹਨ, ਗੁਰੂ ਸਾਹਿਬ ਵੱਲੋਂ ਆਪ ਬਣਵਾਏ ਪਵਿੱਤਰ ਸਰੋਵਰ ਸਮੁੱਚੀ ਮਾਨਵਤਾ ਨੂੰ ਸਾਂਝੀਵਾਲਤਾ ਦਾ ਸਨੇਹਾ ਦਿੰਦੇ ਹਨ। ਇਸ ਲਈ ਗੁਰੂ ਦੇ ਸਰੋਵਰਾਂ ਵਿਰੁੱਧ ਕੋਈ ਬਿਆਨੀ ਨਾ ਕੀਤੀ ਜਾਵੇ। ਗੁਰੂ ਪ੍ਰਤੀ ਸ਼ਰਧਾ ਭਾਵਨਾ ਪੈਦਾ ਕਰਨ ਵਾਲੀਆਂ ਸਾਖੀਆਂ ਅਤੇ ਗੁਰੂ ਇਤਿਹਾਸ ਸੁਣਾਇਆ ਜਾਵੇ। ਸਿੱਖੀ ਪ੍ਰਚਾਰ ਦੇ ਮੰਚ ਰਾਹੀਂ ਸਮੁੱਚੀ ਸਿੱਖ ਕੌਮ ਨੂੰ ਇਕਜੁੱਟ ਕਰਨ ਦੇ ਉਪਰਾਲੇ ਹੀ ਕੀਤੇ ਜਾਣ ਅਤੇ ਕਿਸੇ ਵੀ ਜਥੇਬੰਦੀ ਦੇ ਖ਼ਿਲਾਫ਼ ਕੋਈ ਨਿੱਜੀ ਟਿੱਪਣੀ ਨਾ ਕੀਤੀ ਜਾਵੇ। ਇਨ੍ਹਾਂ ਦੇ ਪ੍ਰਚਾਰ ਉੱਤੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਲੱਗੀ ਰੋਕ ਅੱਜ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਵਿੱਚ ਹਟਾਈ ਜਾਂਦੀ ਹੈ ਅਤੇ ਜੇਕਰ ਇਨ੍ਹਾਂ ਨੂੰ ਪ੍ਰਚਾਰ ਸਬੰਧੀ ਕੋਈ ਸਮੱਸਿਆ ਆਉਂਦੀ ਹੈ ਤਾਂ ਇਹ ਮਾਮਲਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁਖ ਪੇਸ਼ ਕਰ ਸਕਦੇ ਹਨ।

(ਜੋਗਿੰਦਰ ਸਿੰਘ)
ਮੁੱਖ ਗ੍ਰੰਥੀ,
ਤਖ਼ਤ ਸ੍ਰੀ ਕੇਸਗੜ੍ਹ ਸਾਹਿਬ,
ਸ੍ਰੀ ਅਨੰਦਪੁਰ ਸਾਹਿਬ, ਰੋਪੜ।

(ਕੁਲਦੀਪ ਸਿੰਘ)
ਕਾਰਜਕਾਰੀ ਜਥੇਦਾਰ,
ਸ੍ਰੀ ਅਕਾਲ ਤਖ਼ਤ ਸਾਹਿਬ,
ਜਥੇਦਾਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ।

(ਗੁਰਬਖਸ਼ੀਸ਼ ਸਿੰਘ)
ਗ੍ਰੰਥੀ,
ਸ੍ਰੀ ਅਕਾਲ ਤਖ਼ਤ ਸਾਹਿਬ,
ਸ੍ਰੀ ਅੰਮ੍ਰਿਤਸਰ।

(ਬਾਬਾ ਟੇਕ ਸਿੰਘ)
ਜਥੇਦਾਰ,
ਤਖ਼ਤ ਸ੍ਰੀ ਦਮਦਮਾ ਸਾਹਿਬ,
ਤਲਵੰਡੀ ਸਾਬ੍ਹੋ, ਬਠਿੰਡਾ।

(ਰਾਜਦੀਪ ਸਿੰਘ)
ਗ੍ਰੰਥੀ,
ਸੱਚਖੰਡ ਸ੍ਰੀ ਹਰਿਮੰਦਰ ਸਾਹਿਬ,
ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ।

Phone/Fax : 0183-2540820 | E-Mail : akaltakhatsahib84@gmail.com

---

ਨੰਬਰ ਅ:3/221 ਮਿਤੀ 21-05-2025

ਮਤਾ ਨੰਬਰ ੦੨

ਅੱਜ ਮਿਤੀ ੦੮ ਜੇਠ ਨਾਨਕਸ਼ਾਹੀ ਸੰਮਤ ੫੫੭ ਮੁਤਾਬਿਕ ੨੧ ਮਈ ੨੦੨੫ ਦਿਨ ਬੁੱਧਵਾਰ ਨੂੰ ਪੰਜ ਸਿੰਘ ਸਾਹਿਬਾਨ ਦੀ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਈ ਇਕੱਤਰਤਾ ਵਿੱਚ ਮਾਮਲਾ ਪੇਸ਼ ਹੋਣ ਉੱਤੇ ਵਿਚਾਰ ਕੀਤਾ ਗਿਆ ਕਿ ਗੁਰਦੁਆਰਾ ਸਾਹਿਬ ਬਾਬਾ ਬੁੱਢਾ ਜੀ, ਹੈਮਿਲਟਨ (ਕੈਨੇਡਾ) ਦੀ ਪ੍ਰਬੰਧਕ ਕਮੇਟੀ ਵੱਲੋਂ ਉੱਥੇ ਗੁਰਦੁਆਰਾ ਸਾਹਿਬ ਵਿਖੇ ਰਹਿ ਰਹੇ ਸਿੱਖ ਸ਼ਹੀਦ ਡਾ. ਗੁਰਪ੍ਰੀਤ ਸਿੰਘ ਵਾਸੀ ਲੁਧਿਆਣਾ ਦੀ ਸੁਪਤਨੀ ਬੀਬੀ ਪਰਮਿੰਦਰਪਾਲ ਕੌਰ ਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਤੰਗ ਪਰੇਸ਼ਾਨ ਕੀਤਾ ਜਾ ਰਿਹਾ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੁੱਜੀਆਂ ਸ਼ਿਕਾਇਤਾਂ ਵਿੱਚ ਸਾਹਮਣੇ ਆਇਆ ਹੈ ਕਿ ਇਸ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਮੈਂਬਰ ਪਤਿਤ ਹਨ, ਜੋ ਕਿ ਬੀਤੇ ਸਮੇਂ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਹੋਏ ਆਦੇਸ਼ਾਂ ਦੀ ਉਲੰਘਣਾ ਹੈ।

ਪੰਜ ਸਿੰਘ ਸਾਹਿਬਾਨ ਦੀ ਅੱਜ ਦੀ ਇਕੱਤਰਤਾ ਵਿੱਚ ਫੈਸਲਾ ਕੀਤਾ ਗਿਆ ਹੈ ਕਿ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸੰਤ ਸਿੰਘ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਪੇਸ਼ ਹੋ ਕੇ ਆਪਣਾ ਪੱਖ ਰੱਖਣ। ਪ੍ਰਬੰਧਕ ਕਮੇਟੀ ਦੇ ਪਤਿਤ ਮੈਂਬਰ ਖਜ਼ਾਨਚੀ ਕੁਲਵਿੰਦਰ ਸਿੰਘ ਮੁਲਤਾਨੀ ਤੇ ਸਕੱਤਰ ਜੱਸ ਸੋਹਲ ਆਪਣਾ ਪੱਖ ਲਿਖਤੀ ਰੂਪ ਵਿੱਚ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਭੇਜਣ। ਜਦੋਂ ਤੱਕ ਇਹ ਆਪਣਾ ਪੱਖ ਨਹੀਂ ਰੱਖਦੇ ਇਨ੍ਹਾਂ ਦੀਆਂ ਸੇਵਾਵਾਂ ਉੱਤੇ ਰੋਕ ਲਗਾਈ ਜਾਂਦੀ ਹੈ।

ਗੁਰਦੁਆਰਾ ਪ੍ਰਬੰਧਕ ਕਮੇਟੀ ਬੀਬੀ ਪਰਮਿੰਦਰਪਾਲ ਕੌਰ ਨੂੰ ਉੱਥੇ ਗੁਰਦੁਆਰਾ ਸਾਹਿਬ ਵਿਖੇ ਹੀ ਸੇਵਾ ਦੇ ਕੇ ਯੋਗ ਸੇਵਾਫਲ/ਰਿਹਾਇਸ਼ ਦਾ ਪ੍ਰਬੰਧ ਯਕੀਨੀ ਬਣਾਏ ਅਤੇ ਇਨ੍ਹਾਂ ਦੇ ਪਰਿਵਾਰ ਦੀ ਸੁਰੱਖਿਆ ਦੀ ਜ਼ਿੰਮੇਵਾਰੀ ਪ੍ਰਬੰਧਕ ਕਮੇਟੀ ਦੀ ਹੋਵੇਗੀ। ਓਨਟਾਰੀਓ ਕੈਨੇਡਾ ਦੀ ਸਿੱਖ ਸੰਗਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਇਸ ਆਦੇਸ਼ ਦੀ ਪਾਲਣਾ ਯਕੀਨੀ ਬਣਾਏ। ਸਮੁੱਚਾ ਪੰਥ ਸ਼ਹੀਦ ਪਰਿਵਾਰਾਂ ਦਾ ਹਮੇਸ਼ਾ ਖਿਆਲ ਰੱਖੇ ਅਤੇ ਇਨ੍ਹਾਂ ਨੂੰ ਪੂਰਨ ਸਹਿਯੋਗ ਕੀਤਾ ਜਾਵੇ।

(Signatures and footer as in resolution 01: ਜੋਗਿੰਦਰ ਸਿੰਘ, ਕੁਲਦੀਪ ਸਿੰਘ, ਗੁਰਬਖਸ਼ੀਸ਼ ਸਿੰਘ, ਬਾਬਾ ਟੇਕ ਸਿੰਘ, ਰਾਜਦੀਪ ਸਿੰਘ)

---

ਨੰਬਰ ਅ:3/222 ਮਿਤੀ 21-05-2025

ਮਤਾ ਨੰਬਰ ੦੩

ਅੱਜ ਮਿਤੀ ੦੮ ਜੇਠ ਨਾਨਕਸ਼ਾਹੀ ਸੰਮਤ ੫੫੭ ਮੁਤਾਬਿਕ ੨੧ ਮਈ ੨੦੨੫ ਦਿਨ ਬੁੱਧਵਾਰ ਨੂੰ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਈ, ਜਿਸ ਵਿੱਚ ਗਿਆਨੀ ਬਲਦੇਵ ਸਿੰਘ ਅਤੇ ਗਿਆਨੀ ਗੁਰਦਿਆਲ ਸਿੰਘ ਦਾ ਮਾਮਲਾ ਵਿਚਾਰਿਆ ਗਿਆ। ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਆਦੇਸ਼ ਅ/3/163 ਮਿਤੀ 06.12.2022 ਦੀ ਮਦ ਨੰਬਰ 3 ਅਨੁਸਾਰ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੀ ਪ੍ਰਬੰਧਕ ਕਮੇਟੀ ਨੂੰ ਉੱਥੋਂ ਦੇ ਐਡੀਸ਼ਨਲ ਹੈੱਡ ਗ੍ਰੰਥੀ ਭਾਈ ਬਲਦੇਵ ਸਿੰਘ ਕੋਲੋਂ ਪੰਜ ਪਿਆਰੇ ਨਿਯਤ ਕਰਕੇ ਪੰਜ ਦਿਨਾਂ ਦੇ ਅੰਦਰ-ਅੰਦਰ ਪੰਜ ਬਾਣੀਆਂ ਦਾ ਪਾਠ ਜ਼ੁਬਾਨੀ ਸੁਣ ਕੇ ਇਸ ਦੀ ਵੀਡੀਓਗ੍ਰਾਫੀ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਭੇਜਣ ਦਾ ਆਦੇਸ਼ ਹੋਇਆ ਸੀ। ਇਸੇ ਆਦੇਸ਼ ਦੀ ਮਦ ਨੰਬਰ ੯ ਅਨੁਸਾਰ ਗ੍ਰੰਥੀ ਭਾਈ ਗੁਰਦਿਆਲ ਸਿੰਘ ਦੀਆਂ ਸੇਵਾਵਾਂ ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਤੁਰੰਤ ਤਬਦੀਲ ਕਰਨ ਦਾ ਵੀ ਆਦੇਸ਼ ਹੋਇਆ ਸੀ। ਪਰੰਤੂ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੀ ਪ੍ਰਬੰਧਕ ਕਮੇਟੀ ਨੇ ਉਕਤ ਆਦੇਸ਼ ਦੀ ਪਾਲਣਾ ਅੱਜ ਤੱਕ ਨਹੀਂ ਕੀਤੀ, ਜੋ ਕਿ ਵੱਡੀ ਉਲੰਘਣਾ ਹੈ। ਇਸ ਕਰਕੇ ਭਾਈ ਬਲਦੇਵ ਸਿੰਘ ਤਖ਼ਤ ਸ੍ਰੀ ਪਟਨਾ ਸਾਹਿਬ ਵਿਖੇ ਅਤੇ ਹੋਰ ਪੰਥਕ ਸੇਵਾਵਾਂ ਨਿਭਾਉਣ ਦੇ ਯੋਗ ਨਹੀਂ ਹਨ।

ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੀ ਪ੍ਰਬੰਧਕ ਕਮੇਟੀ ਨੂੰ ਸਖ਼ਤ ਆਦੇਸ਼ ਕੀਤਾ ਜਾਂਦਾ ਹੈ ਕਿ ਕਮੇਟੀ ਦੇ ਪ੍ਰਧਾਨ ਸਮੇਤ ਸਮੂਹ ਅਹੁਦੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਉੱਤੇ ਪੇਸ਼ ਹੋ ਕੇ ਆਪਣਾ ਪੱਖ ਸਪੱਸ਼ਟ ਕਰਨ। ਭਾਈ ਬਲਦੇਵ ਸਿੰਘ ਅਤੇ ਭਾਈ ਗੁਰਦਿਆਲ ਸਿੰਘ ਨੂੰ ਵੀ ਆਦੇਸ਼ ਕੀਤਾ ਜਾਂਦਾ ਹੈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਹੋਏ ਆਦੇਸ਼ਾਂ ਦੀ ਹੁਕਮ ਅਦੂਲੀ ਕਰਨ ਦੇ ਮੱਦੇਨਜ਼ਰ ਇਹ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੇਸ਼ ਹੋ ਕੇ ਆਪਣਾ ਪੱਖ ਰੱਖਣ, ਉਦੋਂ ਤੱਕ ਇਨ੍ਹਾਂ ਦੋਵਾਂ ਦੀਆਂ ਪੰਥਕ ਸੇਵਾਵਾਂ ਉੱਤੇ ਰੋਕ ਲਗਾਈ ਜਾਂਦੀ ਹੈ।

(Signatures and footer as in resolution 01)

---

ਨੰਬਰ ਅ:3/223 ਮਿਤੀ 21-05-2025

ਮਤਾ ਨੰਬਰ ੦੪

ਅੱਜ ਮਿਤੀ ੦੮ ਜੇਠ ਨਾਨਕਸ਼ਾਹੀ ਸੰਮਤ ੫੫੭ ਮੁਤਾਬਿਕ ੨੧ ਮਈ ੨੦੨੫ ਦਿਨ ਬੁੱਧਵਾਰ ਨੂੰ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਈ, ਜਿਸ ਵਿੱਚ ਗਿਆਨੀ ਰਣਜੀਤ ਸਿੰਘ ਗੌਹਰ ਦਾ ਮਾਮਲਾ ਵਿਚਾਰਿਆ ਗਿਆ। ਗਿਆਨੀ ਰਣਜੀਤ ਸਿੰਘ ਗੌਹਰ 'ਤੇ ਲੱਗੇ ਦੋਸ਼ਾਂ ਦੀ ਜਾਂਚ ਲਈ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਗੁਰਪੁਰਵਾਸੀ ਪ੍ਰਧਾਨ ਸ. ਅਵਤਾਰ ਸਿੰਘ ਹਿੱਤ ਵੱਲੋਂ ਮੈਂਬਰਾਂ ਨਾਲ ਮਸ਼ਵਰਾ ਕਰਕੇ ਮਿਤੀ 19.09.2022 ਨੂੰ ਉੱਚ-ਪੱਧਰੀ ਜਾਂਚ-ਕਮੇਟੀ ਬਣਾ ਕੇ ਇਨ੍ਹਾਂ ਦੇ ਨਿਰਦੋਸ਼ ਸਾਬਤ ਹੋਣ ਤੱਕ ਮਿਤੀ 28.09.2022 ਨੂੰ ਸੇਵਾ ਉੱਪਰ ਰੋਕ ਲਗਾਈ ਸੀ। ਇਸ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਪੱਤਰ ਨੰਬਰ ਅ:3/22/296 ਮਿਤੀ 22.10.2022 ਰਾਹੀਂ ਗਿਆਨੀ ਰਣਜੀਤ ਸਿੰਘ ਗੌਹਰ ਨਾਲ ਹੋਈ ਬੇ-ਇਨਸਾਫ਼ੀ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਦੇਸ਼ ਜਾਰੀ ਹੋਇਆ ਸੀ ਕਿ ਉਪਰੋਕਤ ਜਾਂਚ ਮੁਕੰਮਲ ਹੋਣ 'ਤੇ ਰਿਪੋਰਟ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਭੇਜੀ ਜਾਵੇ। ਦੁਬਾਰਾ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਦੇ ਆਦੇਸ਼ ਪੱਤਰ ਨੰਬਰ ਅ:3/163 ਮਿਤੀ 06.12.2022 ਅਨੁਸਾਰ ਗਿਆਨੀ ਰਣਜੀਤ ਸਿੰਘ ਗੌਹਰ ਦੀਆਂ ਸੇਵਾਵਾਂ ਖ਼ਤਮ ਕਰਦਿਆਂ ਉਕਤ ਜਾਂਚ ਕਮੇਟੀ ਨੂੰ ਜਾਰੀ ਰੱਖਦਿਆਂ ਰਿਪੋਰਟ ਜਲਦ ਸੌਂਪਣ ਆਦੇਸ਼ ਕੀਤਾ ਗਿਆ ਸੀ। ਪਰੰਤੂ ਤਖ਼ਤ ਸ੍ਰੀ ਪਟਨਾ ਸਾਹਿਬ ਦੀ ਪ੍ਰਬੰਧਕ ਕਮੇਟੀ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਦੀ ਪਾਲਨਾ ਨਹੀਂ ਕੀਤੀ ਬਲਕਿ ਸ. ਅਵਤਾਰ ਸਿੰਘ ਹਿੱਤ ਵੱਲੋਂ ਬਣਾਈ ਜਾਂਚ ਕਮੇਟੀ ਨੂੰ ਹੀ ਗੈਰ-ਸੰਵਿਧਾਨਕ ਆਖਿਆ ਜੋ ਕਿ ਵਾਜਬ ਨਹੀਂ ਜਾਪਦਾ।

ਗਿਆਨੀ ਰਣਜੀਤ ਸਿੰਘ ਗੌਹਰ ਨੇ ਮਿਤੀ 04-11-2024 ਨੂੰ ਜਾਂਚ ਕਮੇਟੀ ਦੀ ਰਿਪੋਰਟ ਨੂੰ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸੌਂਪਿਆ। ਅੱਜ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਵਿੱਚ ਪ੍ਰਾਪਤ ਹੋਈ ਜਾਂਚ ਕਮੇਟੀ ਦੀ ਰਿਪੋਰਟ ਨੂੰ ਧਿਆਨ-ਪੂਰਵਕ ਅਤੇ ਸੰਜੀਦਗੀ ਨਾਲ ਵਿਚਾਰਿਆ ਗਿਆ ਹੈ। ਇਹ ਰਿਪੋਰਟ ਖ਼ਾਲਸਾ ਪੰਥ ਦੇ ਸਨਮੁਖ ਜਨਤਕ ਕਰਨ ਦਾ ਫੈਸਲਾ ਕੀਤਾ ਗਿਆ ਹੈ। ਗੁਰਪੁਰਵਾਸੀ ਸ. ਅਵਤਾਰ ਸਿੰਘ ਹਿੱਤ ਤਤਕਾਲੀ ਪ੍ਰਧਾਨ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਵੱਲੋਂ ਬਣਾਈ ਗਈ ਜਾਂਚ ਕਮੇਟੀ ਦੀ ਰਿਪੋਰਟ ਮੁਤਾਬਕ ਗਿਆਨੀ ਰਣਜੀਤ ਸਿੰਘ ਗੌਹਰ ਉੱਤੇ ਲੱਗੇ ਦੋਸ਼ ਸਾਬਤ ਨਹੀਂ ਹੁੰਦੇ, ਇਸ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਆਦੇਸ਼ ਅ/3/163 ਮਿਤੀ 06.12.2022 ਦੀ ਮਦ ਨੰਬਰ 2 ਅਨੁਸਾਰ ਇਨ੍ਹਾਂ ਦੀਆਂ ਸੇਵਾਵਾਂ ਉੱਤੇ ਲੱਗੀ ਰੋਕ ਹਟਾਈ ਜਾਂਦੀ ਹੈ ਅਤੇ ਇਹ ਪੰਥਕ ਸੇਵਾਵਾਂ ਜਾਰੀ ਰੱਖ ਸਕਦੇ ਹਨ।

(Signatures and footer as in resolution 01)

---

ਨੰਬਰ ਅ:3/224 ਮਿਤੀ 21-05-2025

ਮਤਾ ਨੰਬਰ ੦੫

ਅੱਜ ਮਿਤੀ ੦੮ ਜੇਠ ਨਾਨਕਸ਼ਾਹੀ ਸੰਮਤ ੫੫੭ ਮੁਤਾਬਿਕ ੨੧ ਮਈ ੨੦੨੫ ਦਿਨ ਬੁੱਧਵਾਰ ਨੂੰ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਈ, ਜਿਸ ਵਿੱਚ ਹਰਵਿੰਦਰ ਸਿੰਘ ਸਰਨਾ ਸਾਬਕਾ ਪ੍ਰਧਾਨ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਵਿਦਵਾਨਾਂ ਤੇ ਸਿੰਘ ਸਾਹਿਬਾਨ ਸਬੰਧੀ ਕੀਤੀਆਂ ਗੈਰ-ਵਾਜਬ ਟਿੱਪਣੀਆਂ ਦੇ ਸਬੰਧ ਵਿੱਚ ਪੇਸ਼ ਹੋ ਕੇ ਖਿਮਾ ਜਾਚਨਾ ਕੀਤੀ ਗਈ ਹੈ। ਇਨ੍ਹਾਂ ਦੀ ਖਿਮਾ ਜਾਚਨਾ ਨੂੰ ਪ੍ਰਵਾਨ ਕਰਦਿਆਂ ਇਹ ਫੈਸਲਾ ਕੀਤਾ ਗਿਆ ਹੈ ਕਿ ਇਹ ੧੧ ਦਿਨ ਹਰ ਰੋਜ਼ ਦੋ ਜਪੁਜੀ ਸਾਹਿਬ ਦੇ ਪਾਠ, ਦੋ ਕਬਿਯੋ ਬਾਚ ਬੇਨਤੀ ਚੌਪਈ ਸਾਹਿਬ ਦੇ ਪਾਠ ਕਰਨਗੇ। ਇਨ੍ਹਾਂ ਦੀ ਸਰੀਰਕ ਹਾਲਤ ਦੇ ਮੱਦੇਨਜ਼ਰ ਇਹ ੧੧ ਦਿਨ ਬਾਅਦ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਦਿੱਲੀ ਵਿਖੇ ੫੦੧ ਰੁਪਏ ਦੀ ਕੜਾਹ ਪ੍ਰਸ਼ਾਦ ਦੀ ਦੇਗ ਕਰਵਾ ਕੇ ਅਰਦਾਸ ਕਰਵਾਉਣਗੇ।

(Signatures and footer as in resolution 01)

ਆਵਾਜ਼ਿ ਕੌਮ AWAZE QAUM International Newspaper & WEB TV

### ਵਿਵਾਦਾਂ ਵਿੱਚ ਘਿਰੀ ਸ਼੍ਰੋਮਣੀ ਕਮੇਟੀ ਮਨਮੋਹਨ ਸਿੰਘ ਦੀ ਤਸਵੀਰ

# ਸਿੱਖ ਅਜਾਇਬ ਘਰ ਵਿੱਚ ਸਥਾਪਿਤ ਕਰਨ ਦੀ ਕੋਝੀ ਹਰਕਤ ਤੋਂ ਬਾਜ਼ ਆਵੇ: ਜਲਾਵਤਨੀ ਸਿੰਘ







**ਨਵੀਂ ਦਿੱਲੀ 21 ਮਈ (ਮਨਪ੍ਰੀਤ ਸਿੰਘ ਖਾਲਸਾ):-** ਪੰਥ ਦੀ ਆਜ਼ਾਦੀ ਲਈ ਜਲਾਵਤਨੀ ਕੱਟ ਰਹੇ ਭਾਈ ਜਥੇਦਾਰ ਰੇਸ਼ਮ ਸਿੰਘ ਬੱਬਰ, ਭਾਈ ਸਤਨਾਮ ਸਿੰਘ ਬੱਬਰ, ਭਾਈ ਅਵਤਾਰ ਸਿੰਘ ਬੱਬਰ, ਭਾਈ ਹਰਜੋਤ ਸਿੰਘ ਬੱਬਰ, ਭਾਈ ਬਿਧੀ ਸਿੰਘ ਬੱਬਰ, ਭਾਈ ਬਲਜਿੰਦਰ ਸਿੰਘ ਬੱਬਰ ਅਤੇ ਭਾਈ ਰਾਜਿੰਦਰ ਸਿੰਘ ਬੱਬਰ ਆਦਿ ਸਿੰਘ ਜੋ ਕਿ ਜਰਮਨੀ ਰਹਿ ਰਹੇ ਹਨ, ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਾਰਤ ਦੇ ਸਾਬਕਾ ਪੀਐਮ ਮਨਮੋਹਨ ਸਿੰਘ ਦੀ ਤਸਵੀਰ ਸਿੱਖ ਅਜਾਇਬ ਘਰ ਵਿੱਚ ਲਾਉਣ ਦਾ ਪ੍ਰਸਤਾਵ ਲਿਆਉਣ ਦਾ ਗੰਭੀਰ ਨੋਟਿਸ ਲੈਂਦਿਆਂ ਕਿਹਾ ਗਿਆ ਹੈ ਕਿ ਇਹ ਸਿੱਖ ਕੌਮ ਦੇ ਜ਼ਖਮਾਂ ਤੇ ਲੂਣ ਛਿੜਕਣ ਦਾ ਕੰਮ ਕਰੇਗਾ। ਜਿਸ ਪਾਰਟੀ ਵੱਲੋਂ ਮਨਮੋਹਨ ਸਿੰਘ ਪ੍ਰਧਾਨ ਮੰਤਰੀ ਬਣਿਆ ਉਸ ਪਾਰਟੀ ਨੇ ਇਸ ਦੇ ਪ੍ਰਧਾਨ ਮੰਤਰੀ ਬਣਨ ਤੋਂ ਪਹਿਲਾਂ ਇਸ ਦੀਆਂ ਅੱਖਾਂ ਸਾਹਮਣੇ ਦਰਬਾਰ ਸਾਹਿਬ ਤੇ ਟੈਂਕਾਂ ਤੋਪਾਂ ਨਾਲ ਹਮਲਾ ਕਰਕੇ ਅਕਾਲ ਤਖਤ ਸਾਹਿਬ ਢਹਿਢੇਰੀ ਕੀਤਾ, ਦਿੱਲੀ ਸਮੇਤ ਭਾਰਤ ਅੰਦਰ ਸਿੱਖਾਂ ਦੀ ਨਸ਼ਲਕੁਸ਼ੀ ਕੀਤੀ ਅਤੇ ਹਜ਼ਾਰਾਂ ਹੀ ਬੇਗੁਨਾਹ ਸਿੱਖ ਝੂਠੇ ਪੁਲਿਸ ਮੁਕਾਬਲਿਆਂ ਵਿੱਚ ਸ਼ਹੀਦ ਕੀਤੇ। ਕੀ ਇਸ ਨੇ ਕਦੇ ਸਿੱਖਾਂ ਦੇ ਹੱਕ ਵਿੱਚ ਹਾਂ ਦਾ ਨਾਹਰਾ ਮਾਰਿਆ। ਹੋਰ ਤੇ ਹੋਰ ਇਸਨੇ ਤੇ ਪ੍ਰਧਾਨ ਮੰਤਰੀ ਦੇ ਅਹੁਦੇ ਤੇ ਰਹਿੰਦਿਆਂ ਸਿੱਖਾਂ ਦਾ ਉਹ ਮੁੱਦਾ ਵੀ ਨਹੀ ਉਠਾਇਆ ਜਿਸ ਵਿੱਚ ਕਾਂਗਰਸ ਸਮੇਤ ਕਿਸੇ ਵੀ ਪਾਰਟੀ ਦਾ ਕੋਈ ਨੁਕਸਾਨ ਨਹੀ ਸੀ ਅਤੇ ਇਹ ਪ੍ਰਧਾਨ ਮੰਤਰੀ ਦੀ ਹੈਸੀਅਤ ਵਿੱਚ ਬਹੁਤ ਅਸਾਨੀ ਨਾਲ ਰੱਖ ਸਕਦਾ ਸੀ। ਇਹ ਮੁੱਦਾ ਸੀ ਫਰਾਂਸ ਅੰਦਰ ਸਿੱਖਾਂ ਦੀ ਦਸਤਾਰ ਦਾ। ਫਰਾਂਸ ਦੇ ਸਿੰਘਾਂ ਨੇ ਇੱਕ ਪ੍ਰਧਾਨ ਮੰਤਰੀ ਦੀ ਹੈਸੀਅਤ ਵਿੱਚ ਇਸ ਦੇ ਫਰਾਂਸ ਦੌਰੇ ਦੌਰਾਨ ਬਹੁਤ ਹੀ ਆਸ਼ਾਵਾਦੀ ਉਮੀਦ ਨਾਲ ਇਸ ਕੋਲ ਇਹ ਮੁੱਦਾ ਰੱਖਿਆ ਸੀ ਪਰ ਇਸਨੇ ਉਸ ਉਪਰ ਕੋਈ ਕੰਮ ਨਹੀਂ ਕੀਤਾ ਜਿਸ ਕਰਕੇ ਸਿੱਖਾਂ ਦੀ ਦਸਤਾਰ ਦਾ ਮਸਲਾ ਫਰਾਂਸ ਅੰਦਰ ਅੱਜ ਵੀ ਜਿਉਂ ਦਾ ਤਿਉਂ ਲਟਕ ਰਿਹਾ ਹੈ। ਮਨਮੋਹਨ ਸਿੰਘ ਨੇ ਭਾਰਤ ਲਈ ਬਹੁਤ ਕੁੱਝ ਕੀਤਾ ਹੋਵੇਗਾ ਇਸ ਲਈ ਭਾਰਤ ਸਰਕਾਰ ਆਪਣੀ ਪਾਰਲੀਮੈਂਟ ਵਿੱਚ ਉਸ ਦੀ ਤਸਵੀਰ ਲਗਾ ਸਕਦੀ ਹੈ। ਐਸਜੀਪੀਸੀ ਵਲੋਂ ਪੰਥ ਨੂੰ ਦਸਿਆ ਜਾਣਾ ਚਾਹੀਦਾ ਹੈ ਕਿ ਉਸਨੇ ਸਿੱਖਾਂ ਲਈ ਕਿਹੜਾ ਮਾਰਕਾ ਮਾਰਿਆ ਹੈ। ਕੱਲ੍ਹ ਨੂੰ ਗਿਆਨੀ ਜ਼ੈਲ ਸਿੰਘ ਦੀ ਤਸਵੀਰ ਲਾਉਣ ਦਾ ਮੁੱਦਾ ਉੱਠ ਪਵੇਗਾ ਐਡਵੋਕੇਟ ਧਾਮੀ ਨੂੰ ਆਪਣੇ ਅੰਦਰ ਝਾਤੀ ਮਾਰ ਕੇ ਦੇਖਣ ਦੀ ਸਖ਼ਤ ਲੋੜ ਹੈ ਕਿ ਉਨ੍ਹਾਂ ਦੀਆਂ ਅੱਖਾਂ ਸਾਹਮਣੇ ਕਿੰਨੇ ਯੋਧੇ ਕੌਮ ਲਈ ਸ਼ਹੀਦ ਹੋਏ ਹਨ ਤੇ ਉਨ੍ਹਾਂ ਯੋਧਿਆਂ ਦੀਆਂ ਤਸਵੀਰਾਂ ਅਜਾਇਬਘਰ ਅੰਦਰ ਲਗਣ। ਕੀ ਸ਼੍ਰੋਮਣੀ ਕਮੇਟੀ ਦਾ ਫਰਜ਼ ਨਹੀ ਸੀ ਬਣਦਾ ਕਿ ਉਹ ਆਪਣੇ ਸ਼੍ਰੋਮਣੀ ਕਮੇਟੀ ਮੈਂਬਰਾਂ ਦੀਆਂ ਡਿਊਟੀਆਂ ਲਗਾ ਕੇ ਸਿੱਖ ਸੰਘਰਸ਼ ਵਿੱਚ ਸ਼ਹੀਦ ਹੋਏ ਸਿੰਘਾਂ ਦਾ ਵੇਰਵਾ ਇਕੱਠਾ ਕਰਕੇ ਸਿੱਖ ਕੌਮ ਅੱਗੇ ਪੇਸ਼ ਕਰਦੇ ? ਅਜੇ ਵੀ ਤੁਹਾਡੇ ਕੋਲ ਕੁਝ ਕਰਨ ਦਾ ਮੌਕਾ ਹੈ। ਸਿੱਖ ਗੁਰੂਆਂ ਸਬੰਧੀ ਜਾਂ ਸਿੱਖ ਇਤਿਹਾਸ ਸਬੰਧੀ ਜੋ ਗਲਤ ਜਾਣਕਾਰੀ ਜਾਣੇ ਅਣਜਾਣੇ ਸ਼੍ਰੋਮਣੀ ਕਮੇਟੀ ਵਲੋਂ ਕਿਤਾਬਾਂ ਵਿਚ ਛਾਪੀ ਗਈ ਹੈ ਇੱਕ ਕਮੇਟੀ ਦਾ ਗਠਨ ਕਰ ਕੇ ਸਿੱਖ ਵਿਦਵਾਨਾਂ ਦੀ ਸਲਾਹ ਨਾਲ ਉਸ ਨੂੰ ਸਹੀ ਕਰ ਲਿਆ ਜਾਏ, ਤਾਂ ਕਿ ਸ਼੍ਰੋਮਣੀ ਕਮੇਟੀ ਤੇ ਲੱਗੇ ਕੁੱਝ ਦਾਗ ਸਾਫ ਹੋ ਸਕਣ। ਜਦਕਿ ਮਨਮੋਹਨ ਸਿੰਘ ਦੀ ਤਸਵੀਰ ਲਾ ਕੇ ਇੱਕ ਹੋਰ ਦਾਗ ਲਾਉਣ ਦੀ ਕੋਸ਼ਿਸ਼ ਨਾ ਕੀਤੀ ਜਾਏ। ਅਗਰ ਸਮੇਂ ਸਿਰ ਸ਼੍ਰੋਮਣੀ ਕਮੇਟੀ ਨੇ ਆਪਣਾ ਫਰਜ਼ ਨਿਭਾਇਆ ਹੁੰਦਾ ਤਾਂ ਅੱਜ ਸਿੱਖ ਕੌਮ ਦੀ ਦਿਸ਼ਾ ਕੁੱਝ ਹੋਰ ਹੀ ਹੁੰਦੀ। ਨਾਹ ਹੀ ਦਿੱਲੀ, ਹਰਿਆਣਾ ਵਗੈਰਾ ਦੀਆਂ ਵੱਖਰੀਆਂ ਕਮੇਟੀਆਂ ਬਣਦੀਆਂ। ਭਾਰਤੀ ਪਾਰਲੀਮੈਂਟ ਦੇ ਬਰਾਬਰ ਸ਼੍ਰੋਮਣੀ ਕਮੇਟੀ ਸਿੱਖ ਪਾਰਲੀਮੈਂਟ ਦਾ ਦਰਜਾ ਰੱਖਦੀ ਸੀ। ਅਜੇ ਵੀ ਸੰਭਲੋ ਨਹੀਂ ਤਾਂ ਉਸ ਅਕਾਲਪੁਰਖ ਦੀ ਕਚਹਿਰੀ ਵਿੱਚ ਲੇਖਾ ਦੇਣਾ ਪੈਣਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਸ੍ਰੀ ਗੁਰੂ ਅਰਜਨ ਦੇਵ ਜੀ ਮਾਰਗ ਤੇ ਬਣੇ ਸੁੰਦਰ ਗੇਟਾਂ ਨਜਦੀਕ ਖੁੱਲਿਆ ਸ਼ਰਾਬ ਦਾ ਠੇਕਾ ਤੇ ਅਹਾਤੇ ਸਤਿਕਾਰ ਕਮੇਟੀ ਨੇ ਕਰਵਾਏ ਬੰਦ

## ਕੈਬਿਨਟ ਮੰਤਰੀ ਸ੍ਰ ਈ .ਟੀ .ਓ ਵੱਲੋਂ ਡੇਢ ਦੋ ਮਹੀਨੇ ਪਹਿਲਾਂ ਕਰਵਾਏ ਸਨ ਬੰਦ ਫਿਰ ਕਿਸ ਦੀ ਆਗਿਆ ਨਾਲ ਖੋਲੇ ਗਏ ਜਾਂਚ ਦਾ ਵਿਸ਼ਾ ਭਾਈ ਬਲਬੀਰ ਸਿੰਘ ਮੁੱਛਲ



**ਜੰਡਿਆਲਾ ਗੁਰੂ, 21 ਮਈ ( ਕੁਲਵੰਤ ਸਿੰਘ ਵਿਰਦੀ )**-ਹਲਕਾ ਜੰਡਿਆਲਾ ਦੇ ਵਿਧਾਇਕ ਕੈਬਿਨਟ ਮੰਤਰੀ ਸ੍ਰ ਹਰਭਜਨ ਸਿੰਘ ਈ.ਟੀ.ਓ ਵੱਲੋਂ ਤਰਨ ਤਾਰਨ ਸਾਹਿਬ ਜੀ ਨੂੰ ਜਾਂਦੀ ਸੜਕ ਦਾ ਨਾਮ ਸ੍ਰੀ ਗੁਰੂ ਅਰਜਨ ਦੇਵ ਸਾਹਿਬ ਜੀ ਮਾਰਗ ਰੱਖਿਆ ਗਿਆ ਹੈ ਅਤੇ ਜਲੰਧਰ ਜੀ ਟੀ ਰੋਡ ਜੰਡਿਆਲਾ ਗੁਰੂ ਤੋਂ ਨਿਕਲਦੇ ਬਾਈਪਾਸ ਦੀ ਐਂਟਰੀ ਤੇ ਬਹੁਤ ਹੀ ਸੁੰਦਰ ਗੇਟ ਬਣਾਏ ਗਏ ਹਨ ਜੋ ਸ਼ਲਾਘਾਯੋਗ ਉਪਰਾਲਾ ਹੈ ਇੰਨਾ ਗੱਲਾਂ ਦਾ ਪ੍ਰਗਟਾਵਾ ਕਰਦਿਆ ਹੋਇਆ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਤਿਕਾਰ ਕਮੇਟੀ ਦੇ ਮੁੱਖ ਸੇਵਾਦਾਰ ਭਾਈ ਬਲਬੀਰ ਸਿੰਘ ਮੁੱਛਲ ਤੇ ਸਿੰਘਾਂ ਵੱਲੋਂ ਮੋਰਚਾ ਲਗਾਉਂਦਿਆ ਹੋਇਆਂ ਅੱਗੇ ਕਿਹਾ ਕਿ ਇੰਨਾ ਗੇਟਾਂ ਦੇ ਬਣਨ ਤੋਂ ਪਹਿਲਾਂ ਇੱਥੇ ਸਰਾਬ ਦਾ ਠੇਕਾ ਸਰਾਬ ਪੀਣ ਲਈ ਅਹਾਤਾ ਆਦਿ ਬੀੜੀ ਸਿਗਰਟ ਦੀਆਂ ਦੁਕਾਨਾਂ ਸਨ ਜੋ ਕਾਨੂੰਨੀ ਤੌਰ ਤੇ ਬਿਲਕੁੱਲ ਗਲਤ ਸਨ ਪਰ ਜਦੋਂ ਇਸ ਬਾਈਪਾਸ ਤੇ ਸੁੰਦਰ ਗੇਟ ਬਣਾਏ ਗਏ ਫਿਰ ਇਸ ਨੂੰ ਲੈ ਕਿ ਜਿੱਥੇ ਸਿੱਖ ਗੁਰੂ ਸਾਹਿਬਾਨਾਂ ਦਾ ਅਪਮਾਨ ਹੋ ਰਿਹਾ ਸੀ ਉੱਥੇ ਕਿਤੇ ਨਾ ਕਿਤੇ ਸੰਗਤਾਂ ਵਿੱਚ ਵੀ ਭਾਰੀ ਰੋਸ ਵੇਖਣ ਨੂੰ ਮਿਲ ਰਿਹਾ ਸੀ ਜਿਸ ਦੇ ਚੱਲਦਿਆਂ ਬੀਤੇ ਡੇਢ ਦੋ ਮਹੀਨੇ ਪਹਿਲਾਂ ਸ੍ਰ ਹਰਭਜਨ ਸਿੰਘ ਈਟੀਓ ਵੱਲੋਂ ਸਰਾਬ ਦਾ ਠੇਕਾ ਅਹਾਤਾ ਆਪ ਬੰਦ ਕਰਵਾਇਆ ਸੀ ਲੇਕਿਨ ਕੁਝ ਹਫਤੇ ਬੀਤਣ ਤੋਂ ਬਾਅਦ ਹੀ ਇਨਾਂ ਗੇਟਾਂ ਦੇ ਬਿਲਕੁੱਲ ਕੋਲ ਸਰਾਬ ਦਾ ਠੇਕਾ ਦੋ ਤਿੰਨ ਸਰਾਬ ਪੀਣ ਦੇ ਅਹਾਤੇ ਖੋਲ ਦਿੱਤੇ ਗਏ ਅਸੀਂ ਕੈਬਿਨਟ ਮੰਤਰੀ ਸ੍ਰ ਈਟੀਓ ਨੂੰ ਬੇਨਤੀ ਕਰਦੇ ਹਾਂ ਕਿ ਪਹਿਲੀ ਗੱਲ ਤਾਂ ਹਾਈਵੇ ਉੱਪਰ ਦੁਕਾਨਾਂ ਕਾਨੂੰਨੀ ਤੌਰ ਤੇ ਗਲਤ ਮੰਨੀਆ ਜਾਂਦੀਆਂ ਹਨ ਇਹ ਗੈਰ ਕਾਨੂੰਨੀ ਹਨ ਅਤੇ ਡੇਢ ਦੋ ਮਹੀਨੇ ਬਾਅਦ ਫਿਰ ਇੰਨਾ ਗੇਟਾਂ ਦੇ ਕੋਲ ਇਹ ਦੁਕਾਨਾਂ ਖੋਲ੍ਹ ਦਿੱਤੀਆ ਗਈਆ ਹਨ ਇਹਨਾਂ ਦੁਕਾਨਦਾਰਾਂ ਨੇ ਕਿਸ ਦੇ ਰਾਹੀਂ ਮਨਜੂਰੀ ਲਈ ਅਤੇ ਕਿਸ ਵੱਲੋਂ ਇਹ ਦੁਕਾਨਾਂ ਖੋਲ੍ਹਣ ਦੀ ਮਨਜੂਰੀ ਦਿੱਤੀ ਗਈ ਹੈ ਇਹ ਜਾਂਚ ਦਾ ਵਿਸ਼ਅ ਹੈ ਅਸੀਂ ਕੈਬਨਿਟ ਮੰਤਰੀ ਸ੍ਰ ਈ.ਟੀ.ਓ ਜੀ ਕੋਲੋਂ ਮੰਗ ਕਰਦੇ ਹਾਂ ਕਿ ਜਾਂਚ ਕਰਕੇ ਉਸ ਵਿਅਕਤੀ ਉਪਰ ਵੀ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ 9 ਅੱਗੇ ਬਲਬੀਰ ਸਿੰਘ ਮੁੱਛਲ ਨੇ ਕਿਹਾ ਕਿ ਜੇਕਰ ਦੁਬਾਰਾ ਇਹ ਦੁਕਾਨਾਂ ਖੁਲ੍ਹਦੀਆਂ ਹਨ ਤਾਂ ਇੰਨਾ ਦੁਕਾਨਾਂ ਨੂੰ ਖਾਲਸਾ ਪੰਥ ਬੰਦ ਕਰਵਾਉਣੀਆਂ ਜਾਣਦਾ ਹੈ ਪਰ ਉਸ ਦਾ ਜਿੰਮੇਵਾਰ ਪ੍ਰਸਾਸਨ ਹੋਵੇਗਾ ਇਸ ਮੌਕੇ ਭਾਈ ਅਵਤਾਰ ਸਿੰਘ, ਭਾਈ ਰਛਪਾਲ ਸਿੰਘ ,ਭਾਈ ਸੁਖਵਿੰਦਰ ਸਿੰਘ, ਭਾਈ ਜਗਰੂਪ ਸਿੰਘ, ਭਾਈ ਸੁਰਜੀਤ ਸਿੰਘ, ਜਗੀਰ ਸਿੰਘ ਆਦਿ ਸਤਿਕਾਰ ਕਮੇਟੀ ਦੇ ਸਿੰਘਾਂ ਵੱਲੋਂ ਸਰਾਬ ਦਾ ਠੇਕਾ ਅਹਾਤੇ ਬੰਦ ਕਰੋ ਦੇ ਨਾਅਰੇ ਲਗਾਏ ਗਏ ਇਸ ਮੌਕੇ ਥਾਣਾ ਜੰਡਿਆਲਾ ਗੁਰੂ ਦੇ ਐਸ ਐਚ ਓ ਸ੍ਰ ਹਰਚੰਦ ਸਿੰਘ ਪੁਲਿਸ ਪਾਰਟੀ ਸਮੇਤ ਪਹੁੰਚ ਕਿ ਮਾਮਲੇ ਨੂੰ ਸਲਝਾਉਦਿਆਂ ਹੋਇਆਂ ਕਿਹਾ ਕਿ ਮੈਨੂੰ ਜਦੋਂ ਰਾਤ ਇਨਾਂ ਦੁਕਾਨਾਂ ਦੇ ਖੁੱਲਣ ਬਾਰੇ ਪਤਾ ਚੱਲਿਆ ਤਾਂ ਮੈਂ ਰਾਤ ਹੀ ਸਾਢੇ ਦੱਸ ਵਜੇ ਪਹੁੰਚ ਕਿ ਇਹ ਦੁਕਾਨਾਂ ਬੰਦ ਕਰਵਾ ਦਿੱਤੀਆਂ ਸਨ ਅਤੇ ਵਿਸਵਾਸ਼ ਦਿਵਾਉਂਦਾ ਹਾਂ ਕਿ ਭਵਿੱਖ ਵਿੱਚ ਕਿਤੇ ਵੀ ਗੁਰੂ ਸਾਹਿਬਾਨਾਂ ਦੇ ਸਤਿਕਾਰ ਦੀ ਗੱਲ ਹੋਵੇਗੀ ਉਸ ਨੂੰ ਪਹਿਲਾਂ ਵੀ ਨਿਭਾਉਂਦੇ ਆ ਰਹੇ ਹਾਂ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਪਹਿਲ ਦਿੱਤੀ ਜਾਵੇਗੀ ਅਤੇ ਮੈਂ ਵਿਸਵਾਸ਼ ਦਿਵਾਉਂਦਾ ਹਾਂ ਕਿ ਇਹ ਦੁਕਾਨਾਂ ਨਹੀਂ ਖੋਲਣ ਦਿੱਤੀਆਂ ਜਾਣਗੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

### ਸੇਂਟ ਸੋਲਜ਼ਰ ਇਲੀਟ ਕਾਨਵੈਂਟ ਸਕੂਲ, ਜੰਡਿਆਲਾ ਗੁਰੂ ਵਿਖੇ ਐਥਲੈਟਿਕਸ ਦੇ ਮੁਕਾਬਲੇ ਕਰਵਾਏ ਗਏ

# 100 ਮੀਟਰ, 200 ਮੀਟਰ, ਰੀਲੇਅ ਰੇਸ, ਰੱਸਾਕਸ਼ੀ, ਬਾਲ ਬੈਲੈਂਸ, ਥ੍ਰੀ ਲੈਗ ਰੇਸ, ਲੌਂਗ ਜੰਪ, ਕਬੱਡੀ ਦੇ ਮੁਕਾਬਲੇ ਕਰਵਾਏ ਗਏ

**ਜੰਡਿਆਲਾ ਗੁਰੂ 21 ਮਈ, ( ਕੁਲਵੰਤ ਸਿੰਘ ਵਿਰਦੀ )**-ਸੇਂਟ ਸੋਲਜਰ ਆਫ ਗਰੁੱਪਜ਼ ਵੱਲੋਂ ਸੇਂਟ ਸੋਲਜ਼ਰ ਇਲੀਟ ਕਾਨਵੈਂਟ ਸਕੂਲ, ਜੰਡਿਆਲਾ ਗੁਰੂ ਦੀ ਗਰਾਉਂਡ ਵਿੱਚ ਤੀਸਰੀ ਤੋਂ ਪੰਜਵੀ ਕਲਾਸ ਦੇ ਐਥਲੈਟਿਕਸ ਦੇ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ, ਮਜੀਠਾ ਅਤੇ ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ, ਜੰਡਿਆਲਾ ਗੁਰੂ ਦੇ ਵਿਦਿਆਰਥੀਆਂ ਨੇ ਭਾਗ ਲਿਆ। ਇਨ੍ਹਾਂ ਮੁਕਾਬਲਿਆਂ ਵਿੱਚ 100 ਮੀਟਰ, 200 ਮੀਟਰ, ਰੀਲੇਅ ਰੇਸ, ਰੱਸਾਕਸ਼ੀ, ਬਾਲ ਬੈਲੈਂਸ, ਥ੍ਰੀ ਲੈਗ ਰੇਸ, ਲੌਂਗ ਜੰਪ ਅਤੇ ਕਬੱਡੀ ਦੇ ਮੁਕਾਬਲੇ ਕਰਵਾਏ ਗਏ। ਸਾਰੇ ਖਿਡਾਰੀਆਂ ਨੇ ਬੜੀ ਖੇਡ ਭਾਵਨਾ ਨਾਲ ਇਨ੍ਹਾਂ ਮੁਕਾਬਲਿਆਂ ਵਿੱਚ ਹਿੱਸਾ ਲਿਆ। ਇਹ ਸੱਚਮੁੱਚ ਇੱਕ ਅਜਿਹਾ ਦਿਨ ਸੀ ਜਿਸ ਵਿੱਚ ਐਥਲੈਟਿਕ ਹੁਨਰ ਅਤੇ ਟੀਮ ਭਾਵਨਾ ਦਾ ਸ਼ਾਨਦਾਰ ਪ੍ਰਦਰਸ਼ਨ ਹੋਇਆ। ਇਸ ਖੇਡ ਮੇਲੇ ਦੀ ਸ਼ੁਰੂਆਤ ਉਦਘਾਟਨੀ ਸਮਾਰੋਹ ਨਾਲ ਹੋਈ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ. ਮੰਗਲ ਸਿੰਘ ਕਿਸ਼ਨਪੁਰੀ ਜੀ ਅਤੇ ਸਕੂਲ ਦੇ ਪ੍ਰਿੰਸੀਪਲ ਸ਼੍ਰੀਮਤੀ ਅਮਰਪ੍ਰੀਤ ਕੌਰ ਜੀ ਨੇ ਖੇਡ ਮੇਲੇ ਦੀ ਸ਼ੁਰੂਆਤ ਕੀਤੀ ਅਤੇ ਵਿਦਿਆਰਥੀਆਂ ਨੂੰ ਅਨੁਸ਼ਾਸਨ, ਦ੍ਰਿੜਤਾ ਅਤੇ ਨਿਰਪੱਖ ਖੇਡ ਦੇ ਮੁੱਲਾਂ ਨੂੰ ਅਪਣਾਉਣ ਲਈ ਉਤਸ਼ਾਹਿਤ ਕੀਤਾ। ਖੇਡਾਂ ਦੇ ਸਮਾਪਤੀ ਸਮਾਰੋਹ ਵਿੱਚ ਸ੍ਰੀ ਮਤੀ ਅਮਨਦੀਪ ਕੌਰ ਜੀ ਪ੍ਰਿੰਸੀਪਲ ਸੇਂਟ ਸੋਲਜ਼ਰ ਸਕੂਲ ਮਜੀਠਾ ਉਚੇਚੇ ਤੌਰ ਤੇ ਸ਼ਾਮਿਲ ਹੋਏ। ਇਨ੍ਹਾਂ ਮੁਕਾਬਲਿਆਂ ਵਿੱਚ 100 ਮੀਟਰ ਦੌੜ (ਲੜਕੀਆਂ) ਵਿੱਚੋਂ ਤੀਜੀ, ਚੌਥੀ ਅਤੇ ਪੰਜਵੀ ਜਮਾਤ ਦੇ ਤਰਤੀਬਵਾਰ ਸ਼ਿਵਾਨਿਆ, ਸੁਖਮਨ ਕੌਰ ਅਤੇ ਨਿਹਾਲਪ੍ਰੀਤ ਕੌਰ ਨੇ ਪਹਿਲੀ ਪੁਜੀਸ਼ਨ ਹਾਸਿਲ ਕੀਤੀ ਇਸੇ ਤਰ੍ਹਾਂ 100 ਮੀਟਰ ਦੌੜ (ਲੜਕੇ) ਵਿੱਚੋਂ ਤੀਜੀ, ਚੌਥੀ ਅਤੇ ਪੰਜਵੀ ਜਮਾਤ




ਦੇ ਤਰਤੀਬਵਾਰ ਫਰਿਆਦ ਸਿੰਘ, ਮਨੀਸ਼ ਸੂਰੀ ਅਤੇ ਜੁਗਰਾਜ ਸਿੰਘ ਨੇ ਪਹਿਲਾ ਸਥਾਲ ਹਾਸਿਲ ਕੀਤਾ ਇਸੇ ਤਰ੍ਹਾਂ 200 ਮੀਟਰ ਦੌੜ ਦੇ ਪੰਜਵੀ ਜਮਾਤ ਦੀਆਂ ਲੜਕੀਆਂ ਵਿੱਚੋਂ ਪ੍ਰਭਸਿਮਰਨ ਕੌਰ ਨੇ ਪਹਿਲਾਂ ਅਤੇ ਲੜਕਿਆਂ ਵਿੱਚੋਂ ਅਗਮਬੀਰ ਸਿੰਘ ਨੇ ਪਹਿਲਾ ਸਥਾਨ ਹਾਸਿਲ ਕੀਤਾ। ਇਸੇ ਤਰ੍ਹਾਂ ਚੌਥੀ ਜਮਾਤ (ਲੜਕੀਆਂ) ਰੋਪ ਸਕੀਪਿੰਗ ਮੁਕਾਬਲਿਆਂ ਵਿਚੋਂ ਮਮਤਾ (ਸੇਂਟ ਸੋਲਜ਼ਰ ਜੰਡਿਆਲਾ ਗੁਰੂ) ਨੇ ਪਹਿਲਾ ਸਥਾਨ ਹਾਸਿਲ ਕੀਤਾ। ਇਸੇ ਤਰ੍ਹਾ ਥ੍ਰੀ ਲੇਗ ਰੇਸ ਚੌਥੀ ਜਮਾਤ ਵਿੱਚੋਂ ਜਾਨਿਸ਼ਬੀਰ ਸਿੰਘ ਅਤੇ ਸਮਰਥਬੀਰ ਸਿੰਘ ਨੇ ਪਹਿਲਾ ਸਥਾਨ ਹਾਸਿਲ ਕੀਤਾ। ਇਸੇ ਤਰਹਾਂ ਓਕਟੋਪਸ ਰੇਸ ਲੜਕੇ ਤੀਜੀ ਜਮਾਤ ਵਿਚੋਂ ਕ੍ਰਮਵਾਰ ਗੁਰਸੇਵਕ ਸਿੰਘ, ਸਖਸ਼ਮ ਅਰੋੜਾ, ਗੁਰਸ਼ਾਨ ਸਿੰਘ, ਸਾਹਿਲਦੀਪ ਸਿੰਘ ਅਤੇ ਚੌਥੀ ਜਮਾਤ ਵਿੱਚੋਂ ਸਮਰਪ੍ਰੀਤ ਸਿੰਘ, ਅਗਮਜੋਤ ਸਿੰਘ, ਅਰਸ਼ਦੀਪ ਸਿੰਘ ਅਤੇ ਰਣਬੀਰ ਸਿੰਘ ਨੇ ਪਹਿਲਾ ਸਥਾਨ ਹਾਸਿਲ ਕੀਤਾ। ਇਸੇ ਤਰ੍ਹਾਂ ਹਰਡਲ ਰੇਸ (ਲੜਕੀਆਂ) ਜਮਾਤ ਚੌਥੀ ਵਿਚੋਂ ਏਕਮਜੋਤ ਕੌਰ ਸੇਂਟ ਸੋਲਜ਼ਰ ਸਕੂਲ ਮਜੀਠਾ ਨੇ ਪਹਿਲਾ ਅਤੇ ਲੜਕਿਆਂ ਵਿੱਚ ਅੰਗਦਬੀਰ ਸਿੰਘ ਨੇ ਪਹਿਲਾਂ ਸਥਾਨ ਹਾਸਿਲ ਕੀਤਾ। ਯੂ.ਕੇ.ਜੀ ਜਮਾਤ ਦੀ 50 ਮੀਟਰ ਦੀ ਦੌੜ ਵਿੱਚੋਂ ਪਦਮਜੋਤ ਸਿੰਘ ਨੇ ਪਹਿਲਾ ਸਥਾਨ ਹਾਸਿਲ ਕੀਤਾ। ਇਸੇ ਤਰ੍ਹਾਂ ਰੱਸਾਕਸ਼ੀ ਮੁਕਾਬਲਿਆਂ ਵਿਚ ਸੇਂਟ ਸੋਲਜ਼ਰ ਸਕੂਲ ਜੰਡਿਆਲਾ ਗੁਰੂ ਨੇ ਪਹਿਲਾਂ ਅਤੇ ਸੇਂਟ ਸੋਲਜ਼ਰ ਸਕੂਲ, ਮਜੀਠਾ ਨੇ ਦੂਜਾ ਸਥਾਨ ਹਾਸਿਲ ਕੀਤਾ। ਇਸੇ ਤਰ੍ਹਾਂ ਕੱਬਡੀ ਮੁਕਾਬਲਿਆਂ ਵਿੱਚ ਸੇਂਟ ਸੋਲਜ਼ਰ ਸਕੂਲ ਜੰਡਿਆਲਾ ਗੁਰੂ ਨੇ ਪਹਿਲਾਂ ਅਤੇ ਸੇਂਟ ਸੋਲਜ਼ਰ ਸਕੂਲ, ਮਜੀਠਾ ਨੇ ਦੂਜਾ ਸਥਾਨ ਹਾਸਿਲ ਕੀਤਾ। ਜੇਤੂ ਖਿਡਾਰੀਆਂ ਨੂੰ ਟਰਾਫੀਆਂ ਅਤੇ ਮੈਡਲ ਦਿੱਤੇ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਸੇਂਟ ਸੋਲਜ਼ਰ ਇਲੀਟ ਕਾਨਵੈਂਟ ਸਕੂਲ, ਜੰਡਿਆਲਾ ਗੁਰੂ ਨੇ ਓਵਰਆਲ ਚੈਪੀਅਨ ਦਾ ਤਾਜ ਪਹਿਨਿਆਂ। ਪ੍ਰਿੰਸੀਪਲ, ਸ਼੍ਰੀਮਤੀ ਅਮਰਪ੍ਰੀਤ ਕੌਰ ਜੀ ਨੇ ਵਿਦਆਰਥੀਆਂ ਅਤੇ ਸਟਾਫ ਦੇ ਯਤਨਾਂ ਦੀ ਖੁਬ ਪ੍ਰਸ਼ੰਸਾ ਕੀਤੀ ਅਤੇ ਸੰਪੂਰਨ ਵਿਕਾਸ ਵਿੱਚ ਖੇਡਾਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਇਸ ਮੌਕੇ ਤੇ ਸਕੂਲ ਦੇ ਵਾਇਸ ਪ੍ਰਿੰਸੀਪਲ ਸ੍ਰੀਮਤੀ ਗੁਰਪ੍ਰੀਤ ਕੌਰ, ਕੋਆਰਡੀਨੇਟਰ ਸ਼ਿਲਪਾ ਸ਼ਰਮਾ, ਨੀਲਾਕਸ਼ੀ ਗੁਪਤਾ, ਫਤਿਹ ਸਿੰਘ ਡੀ.ਪੀ, ਜਤਿੰਦਰ ਸਿੰਘ ਡੀ.ਪੀ, ਯਾਦਵਿੰਦਰ ਸਿੰਘ ਡੀ.ਪੀ, ਸੁਖਜੀਤ ਸਿੰਘ ਡੀ.ਪੀ, ਕੋਮਲਪ੍ਰੀਤ ਕੌਰ ਡੀ.ਪੀ, ਮਨਪ੍ਰੀਤ ਕੌਰ ਡੀ.ਪੀ, ਰੁਪਿੰਦਰ ਕੌਰ ਡੀ.ਪੀ, ਨੀਲਮ ਡੀ.ਪੀ, ਰਾਜਬੀਰ ਕੌਰ ਡੀ.ਪੀ, ਕਾਜਲ ਡੀ.ਪੀ, ਸੋਨੀਆ ਡੀ.ਪੀ, ਨਵਦੀਪ ਸਿੰਘ ਡੀ.ਪੀ., ਸੁਖਦੇਵ ਸਿੰਘ ਡੀ.ਪੀ, ਸਮੂਹ ਸਟਾਫ ਅਤੇ ਬੱਚੇ ਹਾਜਿਰ ਸਨ।

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ।।

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




# ਮਹਾਨ ਦਿਹਾੜਾ ਗੁਰਤਾ ਗੱਦੀ ਪਾਤਸ਼ਾਹੀ ਛੇਵੀਂ

☛ ਗੁਰਿਆਈ ਮੀਰੀ ਪੀਰੀ ਦੇ ਮਾਲਕ ਧੰਨ ਧੰਨ ਸ਼੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ। ☛ ਜੋੜਾ ਮੇਲਾ ਪਾਤਸ਼ਾਹੀ ਛੇਵੀਂ ਪਿੰਡ ਸੁਰਸਿੰਘ ਅੰਮ੍ਰਿਤਸਰ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

**ਸ਼ਨਿੱਚਰਵਾਰ 24 ਮਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ**

ਚਪੈਹਿਰਾ ਸਾਹਿਬ ਦਾ ਪਾਠ ਹਰ ਐਤਵਾਰ ਹੁੰਦਾ ਹੈ।

ਐਤਵਾਰ 25 ਮਈ 2025 6:30 ਵਜੇ ਸਵੇਰੇ ਚਪੈਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸੱਜਣਗੇ।

ਕਥਾ ਵਾਚਕ ਭਾਈ ਗੁਰਮੀਤ ਸਿੰਘ ਸੁਹਰ ਗੁਰਦਾਸਪੁਰ ਵਾਲੇ ਕਥਾ ਰਾਹੀਂ ਗੁਰਬਾਣੀ ਕਥਾ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ
☛ ਸਟਾਲ ਵੀ ਲੱਗੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ ।
☛ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।
☛ ਸ਼ੇਅਰ ਜ਼ਰੂਰ ਕਰਨਾ ਜੀ

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

# ਤਖ਼ਤ ਸ੍ਰੀ ਪਟਨਾ ਸਾਹਿਬ ਦੇ 5 ਪਿਆਰਿਆਂ ਵੱਲੋਂ

## ਪ੍ਰਵਾਨਤ ਮਤਿਆਂ ਦੀਆਂ ਹੂਬਹੂ ਕਾਪੀਆਂ ਅਸੀਂ ਆਪਣੇ ਪਾਠਕਾਂ ਲਈ ਪ੍ਰਕਾਸ਼ਤ ਕਰ ਰਹੇ ਹਾਂ।

ੴ ਸਤਿਗੁਰ ਪ੍ਰਸਾਦਿ

॥ ਅਕਾਲ ਸਹਾਇ ॥ ਸ੍ਰੀ ਵਾਹਿਗੁਰੂ ਜੀ ਕੀ ਫ਼ਤਹ ॥

॥ ਹਰਿ ਸਚੇ ਤਖ਼ਤ ਰਚਾਇਆ ॥

ਪ੍ਰਕਾਸ਼ ਅਸਥਾਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ॥ ਪਟਨਾ ਗੁਰੂ ਕਾ ਘਰ ਹੈ। (ਹੁਕਮਨਾਮਾ ਪਾ:੯)

ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ

TAKHAT SRI HARIMANDIR JI, PATNA SAHIB

ਪਟਨਾ- 800008, ਬਿਹਾਰ (ਭਾਰਤ) Patna - 800008, Bihar (India)

Email: headgranthipatnasahib@gmail.com

ਪੱਤਰ ਨੰ: ਤਪਸ/੩੬/ਹ/੨੦੨੫ ਮਿਤੀ...21-05-2025.....

ਹੁਕਮਨਾਮਾ

ਅੱਜ ਮਿਤੀ ੨੧ ਮਈ ੨੦੨੫ ਦਿਨ ਬੁਧਵਾਰ ਨੂੰ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਸਤਿਕਾਰ ਯਗੋ ਪੰਜ ਪਿਆਰੇ ਸਿੰਘ ਸਾਹਿਬਾਨ ਦੀ ਵਿਸ਼ੇਸ਼ ਇਕੱਤਰਤਾ ਹੋਈ। ਜਿਸ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਕਥਿਤ ਅਤੇ ਆਪੋਥਾਪੀ ਜਥੇਦਾਰ ਜਿਸ ਨੂੰ ਪੰਥ ਵੱਲੋਂ ਅਸਵੀਕਾਰ ਕਰਦੇ ਹੋਏ ਨਕਾਰ ਦਿਤਾ ਗਿਆ ਹੈ, ਉਨ੍ਹਾਂ ਵੱਲੋਂ ਰਾਜਨੀਤੀ ਤੋਂ ਪ੍ਰੇਰਿਤ ਹੋਕੇ ਅੱਜ ਜਾਰੀ ਕੀਤੇ ਗਏ ਹੁਕਮਨਾਮਾ ਜਿਸ ਰਾਹੀਂ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਸਤਿਕਾਰ ਯੋਗ ਪੰਜ ਪਿਆਰੇ ਸਿੰਘ ਸਾਹਿਬ ਵੱਲੋਂ ਜਾਰੀ ਹੁਕਮਨਾਮਾ ਅਤੇ ਆਦੇਸ਼ (ਤਪਸ/5/ਹ/2022 ਮਿਤੀ ੧੧/੦੯/੨੦੨੨ ਅਤੇ ਤਪਸ/10/ਹ/2022 ਮਿਤੀ ੨੫/੧੧/੨੦੨੨ ਅਤੇ ਤਪਸ/14/ਹ/2022 ਮਿਤੀ ੦੯/੧੨/੨੦੨੨ ਆਦਿ ) ਦੀ ਉਲੰਘਣਾ ਕਰਨ ਦਾ ਦੋਸ਼ੀ ਮਨਦੇ ਹੋਏ, ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਸੰਵਿਧਾਨ ਅਤੇ ਉਪਨਿਯਮ ਨੂੰ ਚੁਣੌਤੀ ਦਿੰਦੇ ਹੋਏ ਇਥੇ ਦੇ ਪ੍ਰਬੰਧਕ ਕਮੇਟੀ ਦੇ ਅਧੀਕਾਰ ਅਤੇ ਸ਼ਕਤੀ ਵਿਚ ਦਖ਼ਲਅੰਦਾਜ਼ੀ ਕਰਕੇ ਉਸ ਦੇ ਨਿਰਣੈ ਖਿਲਾਫ (ਮਿਤੀ ੯/੧੦ ਮਈ ੨੦੨੩ ਦੀ ਇਕਤੱਰਤਾ ਵਿਚ ਲਿਤੇ ਗਏ ਫੈਸਲੇ) ਹੁਕਮਨਾਮਾ ਜਾਰੀ ਕਰਨ ਦਾ ਦੋਸ਼ੀ ਮਨਦੇ ਹੋਏ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਸਤਿਕਾਰ ਯੋਗ ਪੰਜ ਪਿਆਰੇ ਸਿੰਘ ਸਾਹਿਬਾਨ ਵੱਲੋਂ ਗਿਆਨੀ ਕੁਲਦੀਪ ਸਿੰਘ ਗੜਗਜ ਅਤੇ ਗਿਆਨੀ ਟੇਕ ਸਿੰਘ ਨੂੰ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਮਾਨ-ਸਨਮਾਨ, ਮਰਿਆਦਾ, ਪਰੰਪਰਾ, ਸੰਪ੍ਰਭੁਤਾ ਆਦਿ ਨੂੰ ਠੇਸ ਪਹੁੰਚਾਨ ਦਾ ਗੰਭੀਰ ਦੋਸ਼ੀ ਮਨਦੇ ਹੋਏ ਤਨਖਾਹੀਆ ਘੋਸ਼ੀਤ ਕੀਤਾ ਜਾਂਦਾ ਹੈ।

ਇਸ ਘਟਨਾਕਰਮ ਵਿਚ ਸ. ਸੁਖਬੀਰ ਸਿੰਘ ਬਾਦਲ ਦੇ ਦਖ਼ਲਅੰਦਾਜ਼ੀ ਅਤੇ ਸਾਜਿਸਕਰਤਾ ਦੇ ਰੂਪ ਵਿਚ ਸ਼ਾਮਲ ਹੋਣ ਦੀ ਜਾਣਕਾਰੀ ਵੀ ਪੁੱਜ ਰਹੀਂ ਹੈ, ਇਸ ਲਈ ਸ. ਸੁਖਬੀਰ ਸਿੰਘ ਬਾਦਲ ਨੂੰ ੧੦ ਦਿਨ ਦੇ ਅੰਦਰ-ਅੰਦਰ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਸਤਿਕਾਰ ਯੋਗ ਪੰਜ ਪਿਆਰੇ ਸਿੰਘ ਸਾਹਿਬਾਨ ਦੇ ਸਾਹਮਨੇ ਸਾਰੀਰਕ ਰੂਪ ਵਿਚ ਪੇਸ਼ ਹੋਕੇ ਆਪਣਾ ਪੱਖ ਰਖਣ ਲਈ ਆਦੇਸ਼ ਦਿਤਾ ਜਾਂਦਾ ਹੈ, ਇਸ ਆਦੇਸ਼ ਦੀ ਉਲੰਘਣਾ ਹੋਣ ਤੇ ਪੰਥਕ ਰਵਾਇਤ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਨਾਲ ਹੀਂ ਪ੍ਰਬੰਧਕ ਕਮੇਟੀ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਪ੍ਰਬੰਧਕੀ ਬੋਰਡ ਦੇ ਸਾਰੇ ਅਹੁਦੇਦਾਰ ਅਤੇ ਮੈਂਬਰ ਸਾਹਿਬਾਨ ਨੂੰ ਸਖ਼ਤ ਆਦੇਸ਼ ਦਿਤਾ ਜਾਂਦਾ ਹੈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਕਥਿਤ ਅਤੇ ਆਪੋਥਾਪੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗਜ ਅਤੇ ਗਿਆਨੀ ਟੇਕ ਸਿੰਘ ਵੱਲੋਂ ਅੱਜ ਜਾਰੀ ਕੀਤੇ ਗਏ ਮਤਾ ਜਿਸ ਰਾਹੀਂ ਪ੍ਰਬੰਧਕੀ ਬੋਰਡ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਤਲਬ ਕੀਤਾ ਗਿਆ ਹੈ, ਇਸ ਹੁਕਮ ਨੂੰ ਮਨਣ ਤੋਂ ਸਖ਼ਤ ਮਨਾ ਕੀਤਾ ਜਾਂਦਾ ਹੈ ਅਤੇ ਰੋਕ ਲਾਈ ਜਾਂਦੀ ਹੈ।

ੴ ਸਤਿਗੁਰ ਪ੍ਰਸਾਦਿ

॥ ਅਕਾਲ ਸਹਾਇ ॥ ਸ੍ਰੀ ਵਾਹਿਗੁਰੂ ਜੀ ਕੀ ਫ਼ਤਹ ॥

॥ ਹਰਿ ਸਚੇ ਤਖ਼ਤ ਰਚਾਇਆ ॥

ਪ੍ਰਕਾਸ਼ ਅਸਥਾਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ॥ ਪਟਨਾ ਗੁਰੂ ਕਾ ਘਰ ਹੈ। (ਹੁਕਮਨਾਮਾ ਪਾ:੯)

ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ

TAKHAT SRI HARIMANDIR JI, PATNA SAHIB

ਪਟਨਾ- 800008, ਬਿਹਾਰ (ਭਾਰਤ) Patna - 800008, Bihar (India)

Email: headgranthipatnasahib@gmail.com

ਪੱਤਰ ਨੰ: ਤਪਸ/੩੬/ਹ/੨੦੨੫ ਮਿਤੀ...21-05-2025.....

(2)

ਜੇਕਰ ਕੋਈ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਸਤਿਕਾਰ ਯੋਗ ਪੰਜ ਪਿਆਰੇ ਸਿੰਘ ਸਾਹਿਬਾਨ ਵੱਲੋਂ ਜਾਰੀ ਹੁਕਮਨਾਮਾ ਦਾ ਵਿਰੋਧ ਕਰਦਾ ਹੈ ਜਾਂ ਮਨਣ ਤੋਂ ਇਨਕਾਰ ਕਰਦਾ ਹੈ ਤਾਂ ਉਨ੍ਹਾਂ ਉਤੇ ਵੀ ਪੰਥਕ ਰਵਾਇਤ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਸਤਿਕਾਰ ਯੋਗ ਪੰਜ ਪਿਆਰੇ ਸਿੰਘ ਸਾਹਿਬਾਨ ਵੱਲੋਂ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਤੋਂ ਸੰਬੰਧੀਤ ਜਾਰੀ ਕੀਤੇ ਗਏ ਹੁਕਮਨਾਮਾ ਜਾਂ ਆਦੇਸ਼ ਨੂੰ ਰੱਦ ਕੀਤੀ ਜਾਂਦਾ ਹੈ ਅਤੇ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਸਤਿਕਾਰ ਜੋਗ ਪੰਜ ਪਿਆਰੇ ਸਿੰਘ ਸਾਹਿਬਾਨ ਵੱਲੋਂ ਪਹਿਲਾ ਜਾਰੀ ਹੁਕਮਨਾਮਾ ਅਨੁਸਾਰ ਗਿਆਨੀ ਰਣਜੀਤ ਸਿੰਘ ਗੌਹਰ ਦੇ ਉਤੇ ਲਗੇ ਤਨਖਾਹੀਆ ਅਤੇ ਪੰਥ ਤੋਂ ਛੇਕੇ ਹੋਣ ਦਾ ਆਦੇਸ਼ ਪੁਰੀ ਤਰ੍ਹਾਂ ਲਾਗੂ ਰਵੇਗਾ। ਨਾਲ ਹੀਂ ਇਹ ਆਦੇਸ਼ ਦਿਤਾ ਜਾਂਦਾ ਹੈ ਕਿ ਅੱਜ ਤੋਂ ਸ੍ਰੀ ਅਕਾਲ ਤਖ਼ਤ ਸਾਹਿਬ ਜਾਂ ਬਾਹਰੀ ਕਿਸੇ ਵੀ ਤਖ਼ਤ ਦੇ ਪੰਜ ਪਿਆਰੇ ਸਿੰਘ ਸਾਹਿਬਾਨ ਦਾ ਕਿਸੇ ਵੀ ਤਰ੍ਹਾਂ ਦਾ ਕੋਈ ਵੀ ਆਦੇਸ਼ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿਖੇ ਨਾ ਲਾਗੂ ਕੀਤਾ ਜਾਵੇਗਾ ਅਤੇ ਨਾ ਹੀਂ ਮਨਿਆ ਜਾਵੇਗਾ, ਇਸ ਆਦੇਸ਼ ਦਾ ਸਖ਼ਤੀ ਨਾਲ ਪਾਲਨ ਕੀਤਾ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

ਪੰਜ ਪਿਆਰੇ ਸਿੰਘ ਸਾਹਿਬਾਨ, ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ

(ਸਿੰਘ ਸਾਹਿਬ ਭਾਈ ਦਲੀਪ ਸਿੰਘ)
ਐਡੀਸਨਲ ਹੈਡ ਗ੍ਰੰਥੀ

(ਸਿੰਘ ਸਾਹਿਬ ਭਾਈ ਬਲਦੇਵ ਸਿੰਘ)
ਜਥੇਦਾਰ, ਹੈਡ ਗ੍ਰੰਥੀ

(ਸਿੰਘ ਸਾਹਿਬ ਭਾਈ ਗੁਰਦਿਆਲ ਸਿੰਘ)
ਐਡੀਸਨਲ ਹੈਡ ਗ੍ਰੰਥੀ

(ਸਿੰਘ ਸਾਹਿਬ ਭਾਈ ਪਰਸੁਰਾਮ ਸਿੰਘ)
ਸੀ: ਮੀਤ ਗ੍ਰੰਥੀ

(ਸਿੰਘ ਸਾਹਿਬ ਭਾਈ ਅਮਰਜੀਤ ਸਿੰਘ)
ਮੀਤ ਗ੍ਰੰਥੀ

## ਕੌਮੀ ਜਰਨੈਲ ਸਿਮਰਨਜੀਤ ਸਿੰਘ ਮਾਨ ਸਾਬਕਾ ਐਮ. ਪੀ. ਦੇ ਜਨਮ ਦਿਨ ਮੌਕੇ

# ਸੰਗਰੂਰ ਵਿੱਚ ਵਿਦਿਆਰਥੀਆਂ ਦਾ ਸਨਮਾਨ

**ਸੰਗਰੂਰ ( ਰਣਜੀਤ ਕੌਰ ਪੇਧਨੀ )**-ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸ. ਸਿਮਰਨਜੀਤ ਸਿੰਘ ਮਾਨ ਦੇ ਜਨਮ ਦਿਹਾੜੇ ਦੇ ਪਵਿੱਤਰ ਅਵਸਰ 'ਤੇ ਜਿਲ੍ਹਾ ਜਥੇਬੰਦੀ ਸੰਗਰੂਰ ਵੱਲੋਂ ਇੱਕ ਵਿਸ਼ੇਸ਼ ਸਮਾਗਮ ਅਤੇ ਸਮਾਜਿਕ ਜਾਗਰੂਕਤਾ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਇਸ ਮੁਹਿੰਮ ਦਾ ਮੁੱਖ ਉਦੇਸ਼ ਦਸਵੀਂ ਤੋਂ ਬਾਰਵੀਂ ਕਲਾਸ ਤੱਕ ਦੇ ਉਹਨਾਂ ਵਿਦਿਆਰਥੀਆਂ ਨੂੰ ਉਤਸ਼ਾਹਿਤ ਕਰਨਾ ਸੀ ਜੋ ਸਿੱਖਿਆ ਖੇਤਰ ਵਿੱਚ ਵਧੀਆ ਨਤੀਜੇ ਲੈ ਕੇ ਪਾਸ ਹੋਏ ਹਨ। ਇਸ ਮੁਹਿੰਮ ਦੀ ਅਗਵਾਈ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਦੀ ਅਗਵਾਈ ਹੇਠ ਹੋਈ ਅਤੇ ਅਨੇਕ ਗੁਰਮੁਖ ਪਿਆਰੇ, ਸਮਾਜ ਸੇਵੀ ਅਤੇ ਸਿੱਖਿਆ ਪ੍ਰੇਮੀ ਵੀ ਸ਼ਾਮਲ ਰਹੇ। ਵਿਦਿਆਰਥੀਆਂ ਨੂੰ ਇਨਾਮ ਵਜੋਂ ਮਾਣਪੱਤਰ, ਕਿਤਾਬਾਂ ਅਤੇ ਸਿੱਖ ਇਤਿਹਾਸ ਨਾਲ ਸਬੰਧਤ ਸਾਧਨ ਸਮੱਗਰੀ ਦਿੱਤੀ ਗਈ ਤਾਂ ਜੋ ਉਹ ਆਪਣੀ ਰੂਹਾਨੀ ਅਤੇ ਵਿਦਿਅਕ ਦਿਸ਼ਾ ਨੂੰ ਹੋਰ ਮਜ਼ਬੂਤ ਕਰ ਸਕਣ।ਸ. ਮਾਨ ਦੀ ਸਿਆਸੀ ਅਤੇ ਧਾਰਮਿਕ ਜ਼ਿੰਦਗੀ ਸਦਾ ਹੀ ਨੌਜਵਾਨ ਪੀੜ੍ਹੀ ਲਈ ਪ੍ਰੇਰਨਾ ਦਾ ਸਰੋਤ ਰਹੀ ਹੈ। ਜਥੇਬੰਦੀ ਵੱਲੋਂ ਆਯੋਜਿਤ ਇਹ ਸਮਾਗਮ ਨਾ ਸਿਰਫ਼ ਉਨ੍ਹਾਂ ਦੀ ਯਾਦਗਾਰੀ ਨੂੰ ਮਨਾਉਂਦਾ ਹੈ, ਸਗੋਂ ਭਵਿੱਖ ਦੀ ਪੀੜ੍ਹੀ ਨੂੰ ਉਨ੍ਹਾਂ ਦੇ ਵਿਚਾਰਾਂ ਅਤੇ ਸਿੱਖ ਆਦਰਸ਼ਾਂ ਨਾਲ ਜੋੜਨ ਦਾ ਯਤਨ ਵੀ ਕਰਦਾ ਹੈ। ਜਿਲ੍ਹਾ ਸੰਗਰੂਰ 'ਤੇ ਅਜਿਹਾ ਪਹਿਲ ਕਈ ਸਾਲਾਂ ਤੋਂ ਨਹੀਂ ਹੋਈ ਸੀ ਜਿਸ ਵਿੱਚ ਵਿਦਿਆਰਥੀਆਂ ਦੀ ਅਕਾਦਮਿਕ ਕਾਬਲੀਅਤ ਨੂੰ ਸਮਾਜਿਕ ਤੌਰ 'ਤੇ ਸਨਮਾਨਿਤ ਕੀਤਾ ਗਿਆ ਹੋਵੇ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਮੌਕੇ ਤੇ ਗੱਲ ਕਰਦੇ ਹੋਏ ਜਥੇਬੰਦੀ ਦੇ ਆਗੂਆਂ ਨੇ ਕਿਹਾ ਕਿ ਇਹ ਇੱਕ ਸਮਾਰੋਹ ਨਹੀਂ, ਬਲਕਿ ਇਕ ਨਵੀਨ ਰਵਾਇਤ ਦੀ ਸ਼ੁਰੂਆਤ ਹੈ ਜੋ ਸਿੱਖਿਆ, ਸੱਭਿਆਚਾਰ ਅਤੇ ਖੇਡਾਂ ਆਤਮ-ਗੌਰਵ ਨੂੰ ਉਤਸ਼ਾਹਿਤ ਕਰੇਗੀ। ਇਸ ਮੰਚ ਰਾਹੀਂ ਪੇਸ਼ ਆਏ ਕਈ ਵਿਦਿਆਰਥੀਆਂ ਨੇ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਦੱਸਿਆ ਕਿ ਉਨ੍ਹਾਂ ਨੂੰ ਪਹਿਲੀ ਵਾਰ ਇਸ ਤਰ੍ਹਾਂ ਦੇ ਜਨਤਕ ਮੰਚ ਤੇ ਸਨਮਾਨ ਮਿਲਿਆ ਹੈ, ਜਿਸ ਨਾਲ ਉਨ੍ਹਾਂ ਦੀ ਅੰਦਰੂਨੀ ਮੋਟਿਵੇਸ਼ਨ ਵਿਚ ਕਾਫੀ ਵਾਧਾ ਹੋਇਆ ਹੈ। ਇਸ ਮੌਕੇ ਗੁਰਨੀਵ ਕੌਰ ਗਰੇਵਾਲ (ਨਾਨ ਮੈਡੀਕਲ) 96.4%ਅੰਕ , ਮਹਿਕਪ੍ਰੀਤ ਕੌਰ ਦਸਵੀਂ ਕਲਾਸ 98.5%ਅੰਕ , ਜਸ਼ਨਪ੍ਰੀਤ ਸਿੰਘ ਦਸਵੀਂ ਕਲਾਸ 91% ਅੰਕ ,ਬਖਸ਼ਪ੍ਰੀਤ ਕੌਰ ਬਾਰਵੀਂ (ਕਾਮਰਸ) 99% ਅੰਕ ਪ੍ਰਾਪਤ ਕੀਤੇ ਉਹਨਾਂ ਨੂੰ ਸਨਮਾਨ ਕੀਤਾ ਗਿਆ। ਸਮਾਪਤੀ ਤੇ ਜਥੇਬੰਦੀ ਵੱਲੋਂ ਇਹ ਐਲਾਨ ਵੀ ਕੀਤਾ ਗਿਆ ਕਿ ਭਵਿੱਖ ਵਿੱਚ ਇਹ ਮੁਹਿੰਮ ਹਰ ਸਾਲ ਸਿਮਰਨਜੀਤ ਸਿੰਘ ਮਾਨ ਦੇ ਜਨਮ ਦਿਹਾੜੇ ਮੌਕੇ ਲਗਾਤਾਰ ਚਲਾਈ ਜਾਵੇਗੀ, ਅਤੇ ਹੋਰ ਜ਼ਿਲ੍ਹਿਆਂ ਤੱਕ ਵੀ ਇਸਨੂੰ ਵਿਸਥਾਰ ਦਿੱਤਾ ਜਾਵੇਗਾ। ਇਸ ਮੌਕੇ ਜਥੇਦਾਰ ਗੁਰਨੈਬ ਸਿੰਘ ਰਾਮਪੁਰਾ (ਜ਼ਿਲ੍ਹਾ ਪ੍ਰਧਾਨ ਸੰਗਰੂਰ),ਜਥੇਦਾਰ ਹਰਜੀਤ ਸਿੰਘ ਸਜੂਮਾਂ(ਐਡਜੈਕਿਟਵ ਮੈਂਬਰ),ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਨਰਿੰਦਰ ਸਿੰਘ ਕਾਲਾਬੁਲਾ,ਬੀਬੀ ਬਲਜੀਤ ਕੌਰ ਜ਼ਿਲ੍ਹਾ ਪ੍ਰਧਾਨ ਸੰਗਰੂਰ(ਇਸਤਰੀ ਵਿੰਗ),ਪਾਰਟੀਮੈਂਟ ਇੰਚਾਰਜ ਬੀਬੀ ਹਰਪਾਲ ਕੌਰ ਸੰਗਰੂਰ,ਸਤਿਨਾਮ ਸਿੰਘ ਰੱਤੋਕੇ(ਜਿਲਾ ਯੂਥ ਪ੍ਰਧਾਨ ਸੰਗਰੂਰ),ਸਾਧੂ ਸਿੰਘ ਪੇਧਨੀਂ ,ਹਰਚਰਨ ਸਿੰਘ ਜਈ, ਗੁਰਮੀਤ ਸਿੰਘ ਮੀਰਹੇੜੀ, ਹਰਵਿੰਦਰ ਸਿੰਘ ਧੂਰੀ ,ਜੱਗੀ ਨਾਗਰਾ, ਤਰਸੇਮ ਸਿੰਘ ਬਾਵਾ,ਸੁਖਵੀਰ ਸਿੰਘ ਆਲੋਆਰਖ,ਹਰਭਜਨ ਸਿੰਘ ਹੈਪੀ ਆਦਿ ਪਾਰਟੀ ਮੈਬਰ ਹਾਜਿਰ ਸਨ।





ਫਾਈਟੋਪਲਾਂਕਟਨ

# ਆਕਸੀਜਨ ਉਤਪਾਦਕ ਅਤੇ ਸਾਡੇ ਸਮੁੰਦਰਾਂ ਦੇ ਰੱਖਵਾਲੇ



ਦੁਨੀਆ ਦੇ ਸਮੁੰਦਰਾਂ ਦੇ ਵਿਸ਼ਾਲ ਖੇਤਰ ਵਿੱਚ ਇੱਕ ਸ਼ਾਨਦਾਰ ਗਰੁੱਪ ਮਾਈਕ੍ਰੋਸਕੋਪਿਕ ਜੀਵਾਂ ਇੱਕ ਅਹਿਮ ਪਰੰਤੂ ਅਕਸਰ ਨਜ਼ਰਅੰਦਾਜ਼ ਕੀਤੇ ਜਾਣ ਵਾਲੇ ਭੂਮਿਕਾ ਨਿਭਾਉਂਦੇ ਹਨ ਜੋ ਧਰਤੀ 'ਤੇ ਜੀਵਨ ਨੂੰ ਬਚਾਉਣ ਵਿੱਚ ਮਦਦ ਕਰਦੇ ਹਨ। ਫਾਈਟੋਪਲਾਂਕਟਨ, ਉਹ ਛੋਟੇ ਛੋਟੇ ਫੋਟੋਸਿੰਥੇਟਿਕ ਪੌਦੇ ਜੋ ਸਮੁੰਦਰ ਦੀ ਸਤ੍ਹਾ 'ਤੇ ਤੈਰਦੇ ਹਨ ਲਗਭਗ 50% ਤੋਂ 80% ਤੱਕ ਆਕਸੀਜਨ ਦਾ ਉਤਪਾਦ ਕਰਨ ਲਈ ਜ਼ਿੰਮੇਵਾਰ ਹਨ ਜਿਸ ਨਾਲ ਇਹ ਸਮੁੰਦਰੀ ਪਾਰਿਸਥਿਤਿਕੀ ਅਤੇ ਮਨੁੱਖੀ ਜੀਵਨ ਦੇ ਲਈ ਬਹੁਤ ਜ਼ਰੂਰੀ ਹਨ। ਫਾਈਟੋਪਲਾਂਕਟਨ ਸਿਰਫ ਸਮੁੰਦਰੀ ਖੁਰਾਕ ਦੇ ਜਾਲ ਦਾ ਆਧਾਰ ਨਹੀਂ ਹਨ ਬਲਕਿ ਉਹ ਧਰਤੀ ਦੇ ਮਾਹੌਲ ਨੂੰ ਨਿਯੰਤ੍ਰਿਤ ਕਰਨ ਵਿੱਚ ਵੀ ਮਹੱਤਵਪੂਰਣ ਭੂਮਿਕਾ ਨਿਭਾਉਂਦੇ ਹਨ। ਪ੍ਰਕਾਸ਼ ਸੰਸਲੇਸ਼ਣ ਦੀ ਪ੍ਰਕਿਰਿਆ ਦੁਆਰਾ ਇਹ ਜੀਵ ਸੂਰਜ ਦੀ ਰੌਸ਼ਨੀ ਅਤੇ ਕਾਰਬਨ ਡਾਈਆਕਸਾਈਡ ਨੂੰ ਊਰਜਾ ਵਿੱਚ ਬਦਲਦੇ ਹਨ ਜਿਸ ਨਾਲ ਆਕਸੀਜਨ ਇੱਕ ਉਤਪਾਦ ਵਜੋਂ ਛੱਡੀ ਜਾਂਦੀ ਹੈ। ਇਹ ਪ੍ਰਕਿਰਿਆ ਨਾ ਸਿਰਫ ਸਮੁੰਦਰੀ ਜੀਵਨ ਦੀ ਵੱਖ-ਵੱਖਤਾ ਨੂੰ ਸਮਰਥਿਤ ਕਰਦੀ ਹੈ ਪਰ ਇਸ ਨਾਲ ਵਾਤਾਵਰਨ ਵਿੱਚੋਂ ਕਾਰਬਨ ਡਾਈਆਕਸਾਈਡ ਨੂੰ ਵੀ ਘੱਟ ਕਰਨ ਵਿੱਚ ਮਦਦ ਮਿਲਦੀ ਹੈ। ਹਾਲੀਆ ਅਧਿਐਨ ਨੇ ਫਾਈਟੋਪਲਾਂਕਟਨ ਦੀਆਂ ਅਬਾਦੀਆਂ ਵਿੱਚ ਚਿੰਤਾਜਨਕ ਘਟਨਾ ਨੂੰ ਹਾਈਲਾਈਟ ਕੀਤਾ ਹੈ ਜੋ ਕਿ ਮਾਹੌਲੀਅਤ ਦੇ ਬਦਲਾਅ, ਪ੍ਰਦੂਸ਼ਣ ਅਤੇ ਜ਼ਿਆਦਾ ਮੱਛੀ ਪਕੜਣ ਕਾਰਨ ਹੋ ਰਹੀ ਹੈ। ਸਮੁੰਦਰ ਦੇ ਗਰਮ ਹੋਣ ਅਤੇ ਕਿਸਾਨੀ ਪ੍ਰਥਾਵਾਂ ਤੋਂ ਪੋਸ਼ਣ ਦੇ ਵੱਡੇ ਪੈਮਾਨੇ ਨੇ ਖ਼ਤਰਨਾਕ ਸ਼ੈਲੀ ਦੀਆਂ ਲਹਿਰਾਂ ਨੂੰ ਜਨਮ ਦਿੱਤਾ ਹੈ ਜੋ ਸਮੁੰਦਰੀ ਪਾਰਿਸਥਿਤਿਕੀ ਦਾ ਨਾਜ਼ੁਕ ਸੰਤੁਲਨ ਵਿਗਾੜ ਸਕਦੀਆਂ ਹਨ। ਜਿਵੇਂ ਜਿਵੇਂ ਫਾਈਟੋਪਲਾਂਕਟਨ ਦੀਆਂ ਅਬਾਦੀਆਂ ਘਟਦੀਆਂ ਹਨ ਓਸੇ ਤਰ੍ਹਾਂ ਸਮੁੰਦਰ ਦੀ ਆਕਸੀਜਨ ਉਤਪਾਦਨ ਅਤੇ ਕਾਰਬਨ ਡਾਈਆਕਸਾਈਡ ਨੂੰ ਸੰਭਾਲਣ ਦੀ ਸਮਰੱਥਾ ਵੀ ਘਟਦੀ ਹੈ।

ਸਮੁੰਦਰੀ ਜੀਵ ਵਿਗਿਆਨੀ ਫਾਈਟੋਪਲਾਂਕਟਨ ਦੀ ਸਿਹਤ ਦੀ ਮਹੱਤਤਾ 'ਤੇ ਜ਼ੋਰ ਦਿੰਦੇ ਹਨ। "ਫਾਈਟੋਪਲਾਂਕਟਨ ਨੂੰ ਅਕਸਰ 'ਸਮੁੰਦਰ ਦੇ ਫੇਫੜੇ' ਕਿਹਾ ਜਾਂਦਾ ਹੈ, ਅਤੇ ਉਨ੍ਹਾਂ ਦੀ ਸਿਹਤ ਸਿੱਧੇ ਤੌਰ 'ਤੇ ਸਾਡੇ ਆਪਣੇ ਜੀਵਨ ਨਾਲ ਜੁੜੀ ਹੋਈ ਹੈ," । "ਸਾਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਇਹ ਜੀਵ ਬਦਲਦੇ ਹੋਏ ਵਾਤਾਵਰਨੀ ਹਾਲਾਤਾਂ ਵਿੱਚ ਵੱਧ ਸਕਣ।"

ਨਵੀਨਤਮ ਪਹਿਲਾਂ ਚੱਲ ਰਹੀਆਂ ਹਨ ਜੋ ਫਾਈਟੋਪਲਾਂਕਟਨ ਦੀਆਂ ਅਬਾਦੀਆਂ ਦੀ ਨਿਗਰਾਨੀ ਅਤੇ ਸੁਰੱਖਿਆ ਲਈ ਕੀਤੀਆਂ ਜਾ ਰਹੀਆਂ ਹਨ। ਵਿਗਿਆਨੀ ਸੈਟੇਲਾਈਟ ਤਕਨੀਕ ਅਤੇ ਪਾਣੀ ਹੇਠਾਂ ਡ੍ਰੋਨਾਂ ਦੀ ਵਰਤੋਂ ਕਰਕੇ ਫਾਈਟੋਪਲਾਂਕਟਨ ਦੇ ਵੰਡ ਅਤੇ ਸਿਹਤ ਵਿੱਚ ਹੋ ਰਹੇ ਬਦਲਾਅ ਨੂੰ ਟ੍ਰੈਕ ਕਰ ਰਹੇ ਹਨ। ਇਨ੍ਹਾਂ ਦੇ ਨਾਲ ਹੀ ਸੰਸਥਾਵਾਂ ਸਥਾਈ ਮੱਛੀ ਪਕੜਣ ਦੀਆਂ ਪ੍ਰਥਾਵਾਂ ਅਤੇ ਖੇਤੀਬਾੜੀ ਦੀ ਅੰਨੀ ਦੌੜ ਨੂੰ ਘੱਟ ਕਰਨ ਦੀ ਸਿਫਾਰਸ਼ ਕਰ ਰਹੀਆਂ ਹਨ ਤਾਂ ਜੋ ਸਮੁੰਦਰ ਦਾ ਵਾਤਾਵਰਨ ਸੁਧਾਰਿਆ ਜਾ ਸਕੇ।

ਜਨਤਾ ਦੀ ਜਾਣਕਾਰੀ ਮੁਹਿੰਮਾਂ ਵੀ ਤੇਜ਼ੀ ਨਾਲ ਵਧ ਰਹੀਆਂ ਹਨ, ਜੋ ਕਮਿਊਨਿਟੀਆਂ ਨੂੰ ਫਾਈਟੋਪਲਾਂਕਟਨ ਦੀ ਮਹੱਤਤਾ ਅਤੇ ਆਕਸੀਜਨ ਉਤਪਾਦਨ ਵਿੱਚ ਉਨ੍ਹਾਂ ਦੀ ਭੂਮਿਕਾ ਬਾਰੇ ਸਿਖਾਉਣ ਦਾ ਉਦੇਸ਼ ਰੱਖਦੀਆਂ ਹਨ। ਸਕੂਲ, ਵਾਤਾਵਰਨ ਸੰਭਾਲਣ ਵਾਲੀਆਂ ਸੰਸਥਾਵਾਂ ਅਤੇ ਸਥਾਨਕ ਸਰਕਾਰਾਂ ਨੇ ਸਮੁੰਦਰ ਦੀ ਸੁਰੱਖਿਆ ਲਈ ਯੋਗਦਾਨ ਪਾਉਣ ਅਤੇ ਸਮੁੰਦਰੀ ਪਾਰਿਸਥਿਤਿਕੀ ਦੀ ਰੱਖਿਆ ਕਰਨ ਵਾਲੀਆਂ ਜ਼ਿੰਮੇਵਾਰ ਪ੍ਰਥਾਵਾਂ ਨੂੰ ਪ੍ਰੋਤਸਾਹਿਤ ਕਰਨ ਲਈ ਸਹਿਯੋਗ ਕੀਤਾ ਹੈ। ਜਿਵੇਂ ਜਿਵੇਂ ਦੁਨੀਆ ਜਲਵਾਯੂ ਬਦਲਾਅ ਦੇ ਚੁਣੌਤੀਆਂ ਨਾਲ ਜੂਝਦੀ ਹੈ ਫਾਈਟੋਪਲਾਂਕਟਨ ਦੀ ਮਹੱਤਤਾ ਨੂੰ ਅਣਗੌਲਿਆਂ ਨਹੀਂ ਕੀਤਾ ਜਾ ਸਕਦਾ। ਇਹ ਚੁੱਪ ਚਾਪ ਆਕਸੀਜਨ ਦੇ ਉਤਪਾਦਕ ਸਿਰਫ ਸਮੁੰਦਰੀ ਜੀਵਨ ਲਈ ਨਹੀਂ; ਉਹ ਸਾਡੇ ਜੀਵਨ ਲਈ ਵੀ ਬਹੁਤ ਜਰੂਰੀ ਹਨ।

ਉਨ੍ਹਾਂ ਦੇ ਆਵਾਸਾਂ ਦੀ ਰੱਖਿਆ ਕਰਕੇ ਅਤੇ ਸਥਾਈ ਪ੍ਰਥਾਵਾਂ ਨੂੰ ਪ੍ਰਚਾਰ ਕਰਕੇ, ਅਸੀਂ ਇਹ ਯਕੀਨੀ ਬਣਾ ਸਕਦੇ ਹਾਂ ਕਿ ਇਹ ਮਾਈਕ੍ਰੋਸਕੋਪਿਕ ਹੀਰੋ ਭਵਿੱਖ ਦੇ ਲਈ ਆਪਣੀਆਂ ਸੇਵਾਵਾਂ ਦੇ ਸਕਣ।

ਇੱਕ ਦੁਨੀਆ ਵਿੱਚ ਜਿੱਥੇ ਹਰ ਸਾਹ ਮਹੱਤਵਪੂਰਣ ਹੈ, ਇਹ ਸਮਾਂ ਹੈ ਕਿ ਅਸੀਂ ਆਪਣੇ ਸਮੁੰਦਰਾਂ ਦੇ ਅਣਗਿਣਤ ਹੀਰੋਆਂ—ਫਾਈਟੋਪਲਾਂਕਟਨ—ਦੀ ਪਹਚਾਣ ਅਤੇ ਸਨਮਾਨ ਕਰੀਏ। ਉਨ੍ਹਾਂ ਦੀ ਸਿਹਤ ਸਾਡੇ ਗ੍ਰਹਿ ਦੀ ਸੁਖ-ਸਮ੍ਰਿੱਧੀ ਦਾ ਪ੍ਰਤੀਬਿੰਬ ਹੈ ਅਤੇ ਇਹ ਸਾਡੀ ਜ਼ਿੰਮੇਵਾਰੀ ਹੈ ਕਿ ਅਸੀਂ ਉਨ੍ਹਾਂ ਦੀ ਰੱਖਿਆ ਕਰੀਏ ਤਾਂ ਜੋ ਭਵਿੱਖ ਲਈ ਇੱਕ ਸਥਿਰਤਾ ਵਾਲਾ ਸੰਸਾਰ ਬਣਾਇਆ ਜਾ ਸਕੇ।

**-ਸੁਰਿੰਦਰਪਾਲ ਸਿੰਘ, ਸ੍ਰੀ ਅੰਮ੍ਰਿਤਸਰ ਸਾਹਿਬ**

ਹਲਕਾ ਵਿਧਾਇਕਾ ਵਲੋਂ ਮੁਕੰਮਲ ਹੋਏ ਵਿਕਾਸ ਕਾਰਜਾਂ ਦੇ ਕੀਤੇ ਉਦਘਾਟਨ

# ਲੋਕ ਮਨਾਂ 'ਚ ਚੇਤਨਤਾ ਪੈਦਾ ਕਰ ਰਹੀ ਹੈ ਸਿੱਖਿਆ ਕ੍ਰਾਂਤੀ- ਪ੍ਰੋ. ਬਲਜਿੰਦਰ ਕੌਰ

**ਤਲਵੰਡੀ ਸਾਬੋ, 21 ਮਈ (ਗੁਰਜੰਟ ਸਿੰਘ ਨਥੇਹਾ)**- ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਸ਼ੁਰੂ ਕੀਤੀ ਮੁਹਿੰਮ ਸਿੱਖਿਆ ਕ੍ਰਾਂਤੀ ਆਮ ਲੋਕਾਂ ਦੇ ਮਨਾਂ ਵਿਚ ਸਿੱਖਿਆ ਦੀ ਅਹਿਮੀਅਤ ਪ੍ਰਤੀ ਚੇਤਨਤਾ ਪੈਦਾ ਕਰ ਰਹੀ ਹੈ। ਇਸੇ ਮੁਹਿੰਮ ਦੇ ਤਹਿਤ ਚੀਫ ਵਿੱਪ ਤੇ ਤਲਵੰਡੀ ਸਾਬੋ ਦੇ ਵਿਧਾਇਕਾ ਪ੍ਰੋ. ਬਲਜਿੰਦਰ ਕੌਰ ਨੇ ਸਰਕਾਰੀ ਹਾਈ ਸਕੂਲ ਲੇਲੇਵਾਲਾ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਤਲਵੰਡੀ ਸਾਬੋ ਦੇ ਮੁਕੰਮਲ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ।



ਉਦਘਾਟਨ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਿੱਖਿਆ ਨਾਲ ਜਿੱਥੇ ਵਿਦਿਆਰਥੀ ਦਾ ਜੀਵਨ ਸੰਵਰਿਆ ਹੈ ਉੱਥੇ ਹੀ ਸ਼ਾਖਰਤਾ ਦਰ ਵਿਚ ਵੀ ਵਾਧਾ ਹੋਇਆ ਹੈ। ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿਚ ਇਨਕਲਾਬੀ ਬਦਲਾਅ ਕੀਤੇ ਜਾ ਰਹੇ ਹਨ ਅਤੇ ਪੜ੍ਹੇ ਲਿਖੇ ਨੌਜਵਾਨ ਮੁੰਡੇ ਕੁੜੀਆਂ ਨੂੰ ਨੌਕਰੀਆਂ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਬੱਚਿਆਂ ਦਾ ਭਵਿੱਖ ਗੁਣਵੱਤਾ ਭਰਪੂਰ ਸਿੱਖਿਆ ਨਾਲ ਹੀ ਉਜਵੱਲ ਹੋ ਸਕਦਾ ਹੈ, ਜਿਸ ਲਈ ਸਕੂਲਾਂ ਵਿਚ ਚੰਗੇ ਅਧਿਆਪਕਾਂ, ਵਧੀਆ ਬੁਨਿਆਦੀ ਢਾਂਚੇ ਤੋਂ ਇਲਾਵਾ ਪੜ੍ਹਨ ਲਈ ਹਰ ਸਹੂਲਤ ਮੁਹੱਈਆ ਕਰਵਾਉਣੀ ਲਾਜ਼ਮੀ ਹੁੰਦੀ ਹੈ ਜਿਸ ਦੇ ਮੱਦੇਨਜ਼ਰ ਸੂਬਾ ਸਰਕਾਰ ਨੇ ਪਹਿਲ ਕਰਦਿਆਂ ਸਿੱਖਿਆ ਨੂੰ ਲੋਕ ਲਹਿਰ ਬਣਾਇਆ। ਉਨ੍ਹਾਂ ਹੋਰ ਕਿਹਾ ਕਿ ਸਿੱਖਿਆ ਹੀ ਇਕ ਅਜਿਹੀ ਜਾਗਰੂਕਤਾ ਹੈ ਜੋ ਸਮਾਜ ਦੀ ਬੁਰੀ ਅਲਾਮਤ ਨਸ਼ੇ ਦਾ ਨਾਸ਼ ਕਰਨ ਵਿਚ ਸਹਾਈ ਸਿੱਧ ਹੁੰਦੀ ਹੈ। ਬੱਚਿਆਂ ਦੇ ਪੜ੍ਹ ਲਿਖ ਕੇ ਉੱਚ ਅਹੁਦਿਆਂ 'ਤੇ ਪਹੁੰਚਣ ਨਾਲ ਉਨ੍ਹਾਂ ਦੇ ਮਾਪਿਆਂ ਦਾ ਬੁਢਾਪਾ ਵੀ ਸੁਰੱਖਿਅਤ ਹੁੰਦਾ ਹੈ। ਇਸ ਦੇ ਲਈ ਪੰਜਾਬ ਸਰਕਾਰ ਪੂਰੀ ਤਰ੍ਹਾਂ ਦ੍ਰਿੜਤਾ ਨਾਲ ਕੰਮ ਕਰ ਰਹੀ ਹੈ ਤਾਂ ਜੋ ਕੋਈ ਵੀ ਬੱਚਾ ਸਿੱਖਿਆ ਤੋਂ ਵਾਂਝਾ ਨਾ ਰਹੇ। ਇਸ ਮੌਕੇ ਸਕੂਲ ਦਾ ਸਮੁੱਚਾ ਸਟਾਫ, ਵਿਦਿਆਰਥੀ ਅਤੇ ਪਿੰਡ ਦੇ ਪਤਵੰਤੇ ਆਦਿ ਹਾਜ਼ਰ ਸਨ।

ਸਿੱਖ ਕੌਮ ਨੂੰ ਸੁਖਬੀਰ ਬਾਦਲ ਤੇ ਬਾਗੀਆਂ ਦੇ ਨਵੇਂ ਡਰਾਮਿਆਂ ਤੋਂ ਸਾਵਧਾਨ ਰਹਿਣ ਦੀ ਲੋੜ : ਸ਼ਮਸ਼ੇਰ ਸਿੰਘ ਪੱਧਰੀ

# ਇਕ ਵਾਰ ਫਿਰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਅਜ਼ਮਤ ਨਾਲ ਖੇਡਣ ਦੀ ਸਾਜ਼ਿਸ਼ ਹੋਈ ਨਾਕਾਮ



**ਅੰਮ੍ਰਿਤਸਰ, 21 ਮਈ (ਆਵਾਜ਼ਿ ਕੌਮ ਬਿਊਰੋ)**-ਅੱਜ ਦੀ ਦੁੱਖਦਾਈ ਹਕੀਕਤ ਇਹ ਹੈ ਕਿ ਸਿੱਖ ਰਾਜਨੀਤੀ ਅਤੇ ਧਾਰਮਿਕ ਵਿਵਸਥਾ ਨੂੰ ਇਕ ਵਾਰ ਫਿਰ ਸੁਖਬੀਰ ਸਿੰਘ ਬਾਦਲ ਵਰਗੇ ਸਿਆਸੀ ਵਿਅਕਤੀਆਂ ਨੇ ਆਪਣੀਆਂ ਚਾਲਾਂ ਅਤੇ ਮਨਮਾਨੀਆਂ ਨਾਲ ਕਤ.ਲਗਾਹ ਵੱਲ ਧੱਕਣ ਦੀ ਕੋਸ਼ਿਸ਼ ਕੀਤੀ ਹੈ। ਜਿਨ੍ਹਾਂ ਲੋਕਾਂ ਨੇ ਆਪਣੀ ਹਕੂਮਤ ਦੇ ਦੌਰਾਨ ਬੇਅਦਬੀਆਂ, ਗੋਲੀਆਂ ਅਤੇ ਧੋਖੇ ਦੇ ਸਾਏ ਹੇਠ ਪੰਥ ਨੂੰ ਰੁਲਾਇਆ, ਅੱਜ ਉਹੀ ਲੋਕ ਸੱਚੇ ਧਰਮ ਦੇ ਠੇਕੇਦਾਰ ਬਣ ਕੇ ਅਕਾਲ ਤਖ਼ਤ ਸਾਹਿਬ ਦੀ ਚਾਦਰ ਥੱਲੇ ਆਪਣੀਆਂ ਗਿਰੀਆਂ ਹੋਈਆਂ ਸਿਆਸੀ ਕਾਰਜਗਾਰੀਆਂ ਨੂੰ ਢੱਕਣਾ ਚਾਹੁੰਦੇ ਹਨ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਅਕਾਲੀ ਦਲ ( ਵਾਰਿਸ ਪੰਜਾਬ ਦੇ ) ਅੰਮ੍ਰਿਤਸਰ ਦੇ ਕਾਰਜਕਾਰੀ ਮੈਂਬਰ ਸ਼ਮਸ਼ੇਰ ਸਿੰਘ ਪੱਧਰੀ ਨੇ ਇਕ ਪ੍ਰੈਸ ਨੋਟ ਰਾਹੀਂ ਕੀਤਾ। ਉਹਨਾਂ ਕਿਹਾ ਕਿ ਸੱਚਾਈ ਇਹ ਹੈ ਕਿ ਸੁਖਬੀਰ ਬਾਦਲ ਦੀ ਸਿਆਸੀ ਕਿਸ਼ਤੀ ਲੰਬੇ ਸਮੇਂ ਤੋਂ ਡੁੱਬ ਰਹੀ ਹੈ। ਪੰਜਾਬ ਦੇ ਲੋਕਾਂ ਨੇ, ਸਿੱਖ ਸੰਗਤ ਨੇ, ਅਤੇ ਵਿਦੇਸ਼ੀ ਡਾਇਸਪੋਰਾਂ ਨੇ ਇਕ ਸਿਰੇ ਤੋਂ ਉਸਨੂੰ ਨਕਾਰ ਦਿੱਤਾ ਹੈ। ਜਦੋਂ ਕੋਈ ਰਾਹ ਨਾਂ ਲੱਭਿਆ, ਤਾਂ ਉਨ੍ਹਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਵਰਗੇ ਪਵਿੱਤਰ ਤੇ ਧਾਰਮਿਕ ਅਧਿਕਾਰ ਨੂੰ ਆਪਣੀਂ ਸਿਆਸਤ ਲਈ ਵਰਤਣ ਦੀ ਕੋਸ਼ਿਸ਼ ਕੀਤੀ। ਪਹਿਲਾਂ ਆਪਣੇ ਮਨਪਸੰਦ ਜਥੇਦਾਰ ਲਗਵਾਏ, ਫਿਰ ਆਪਣੇ ਸਿਆਸੀ ਵਿਰੋਧੀ ਆਪ ਖੜੇ ਕੀਤੇ ਤੇ ਆਪਣੇ ਗੁਨਾਂਹਾਂ ਨੂੰ ਧੋਣ ਲਈ ਉਨਾਂ ਦੇ ਰਾਹੀਂ ਆਪ ਉੱਥੇ ਪੇਸ਼ ਹੋਕੇ 'ਮੁਆਫੀਆਂ' ਲੈਣ ਦੀ ਡਰਾਮੇਬਾਜ਼ੀ ਕਰਵਾਈ। ਇਸ ਸਾਰੀ ਸਿਆਸੀ ਰਚਨਾ ਵਿੱਚ ਅੱਜ ਨਵਾਂ ਮੋੜ ਉਦੋਂ ਆਇਆ ਜਦੋਂ ਸੁਖਬੀਰ ਬਾਦਲ ਦੇ ਨਵੇਂ ਪੈਂਤੜੇ ਜਿਸ ਵਿੱਚ ਰਣਜੀਤ ਸਿੰਘ ਢੱਡਰੀਆਂ ਵਾਲੇ ਨੂੰ ਆਪਣੀਂ ਤਰਜ਼ ਤੇ ਪੇਸ਼ ਕਰਵਾ ਆਪਣੇਂ ਖੇਮੇਂ ਵਿੱਚ ਲੈਣ ਦੀ ਕੋਸ਼ਿਸ਼ ਕੀਤੀ ਪਰ ਐਨ ਮੌਕੇ ਤੇ ਨਾਲ ਹੀ ਤਖ਼ਤ ਸ੍ਰੀ ਪਟਨਾਂ ਸਾਹਿਬ ਦੇ ਪੰਜਾਂ ਪਿਆਰਿਆਂ ਨੇ ਇਸਨੂੰ ਗ.ਲਤ ਕਰਾਰ ਦਿੰਦਿਆਂ ਸਿੱਧਾ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਹੀ ਤਨਖਾਹੀਆ ਕਰਾਰ ਦੇ ਦਿੱਤਾ ਅਤੇ ਸੁਖਬੀਰ ਸਿੰਘ ਬਾਦਲ ਨੂੰ ਵੀ ਤਲਬ ਕਰ ਲਿਆ। ਇਹ ਨਾਂ ਸਿਰਫ਼ ਧਾਰਮਿਕ ਸਤਿਕਾਰ ਦੀ ਬਹਾਲੀ ਵੱਲ ਇਕ ਕਦਮ ਹੈ, ਸਗੋਂ ਸਿੱਖ ਰੂਹਾਂ ਨੂੰ ਤਾਜ਼ਗੀ ਦੇਣ ਵਾਲੀ ਘੜੀ ਵੀ ਹੈ। ਇਸ ਸਾਰੇ ਘਮਾਸਾਨ ਦੇ ਕੇਂਦਰ ਵਿੱਚ ਇਕ ਨਾਂ ਸਾਫ਼ ਚਮਕ ਰਿਹਾ ਹੈ ਜੋ ਹੈ ਭਾਈ ਅੰਮ੍ਰਿਤਪਾਲ ਸਿੰਘ ਜੀ ਦਾ। ਪੰਥਕ ਨੇਤ੍ਰਿਤਵ ਦੇ ਵੱਖ-ਵੱਖ ਪੱਖਾਂ ਤੋਂ ਨਫ਼ਰਤ ਦੇ ਬਾਵਜੂਦ ਭਾਈ ਸਾਹਿਬ ਦਾ ਨਾਮ ਅੱਜ ਵੀ ਸਿੱਖ ਨੌਜਵਾਨੀ, ਧਾਰਮਿਕ ਭਾਵਨਾਂ ਅਤੇ ਖ਼ਾਲਸੇ ਅਸੂਲਾਂ ਨਾਲ ਜੁੜਿਆ ਹੋਇਆ ਚਮਕ ਰਿਹਾ ਹੈ। ਇਹੀ ਅਸਲ ਡਰ ਹੈ ਝੂਠੇ ਧਾਰਮਿਕਾਂ ਅਤੇ ਅਖੌਤੀ ਅਕਾਲੀ ਨੇਤਾਵਾਂ ਨੂੰ ਕਿ ਜੇ ਅੰਮ੍ਰਿਤਪਾਲ ਸਿੰਘ ਵਾਂਗ ਨਿਡਰ ਆਵਾਜ਼ਾਂ ਉੱਭਰ ਕੇ ਅੱਗੇ ਆ ਗਈਆਂ ਤਾਂ ਉਹਨਾਂ ਦੀਆਂ ਨਕਲੀ ਲੀਡਰਸ਼ਿਪਾਂ ਦਾ ਨਕਾਬ ਉੱਤਰ ਜਾਵੇਗਾ। ਭਾਈ ਪੱਧਰੀ ਨੇ ਕਿਹਾ ਕਿ ਅਸੀਂ ਸਾਫ਼ ਕਰਦੇ ਹਾਂ ਕਿ ਅਕਾਲੀ ਦਲ ( ਵਾਰਿਸ ਪੰਜਾਬ ਦੇ ) ਸ੍ਰੀ ਅਕਾਲ ਤਖ਼ਤ ਸਾਹਿਬ ਦੀ ਅਜ਼ਮਤ ਅਤੇ ਅਧਿਕਾਰ ਦੀ ਰਾਖੀ ਲਈ ਹਮੇਸ਼ਾ ਕੰਮ ਕਰਦਾ ਰਿਹਾ ਹੈ ਤੇ ਕਰੇਗਾ। ਅਸੀਂ ਕਿਸੇ ਵੀ ਰੂਪ ਵਿਚ ਸਿਆਸਤਦਾਨਾਂ ਵੱਲੋਂ ਧਰਮ ਨੂੰ ਆਪਣਾਂ ਹਥਿਆਰ ਬਣਾਉਣ ਦੀ ਕੋਸ਼ਿਸ਼ ਨੂੰ ਮਨਜ਼ੂਰ ਨਹੀਂ ਕਰਾਂਗੇ। "ਸੱਚ ਸਦਾ ਕਾਇਮ ਰਹਿੰਦਾ ਹੈ, ਝੂਠੀ ਸਿਆਸਤ ਨਹੀਂ।"

# ਜਥੇਦਾਰ ਸਾਹਿਬਾਨਾਂ ਵਲੋਂ ਜਾਰੀ ਕੀਤੇ ਗਏ ਹੁਕਮਨਾਮੇ ਅਤੇ ਫੈਸਲੇ ਕੌਮ ਦੀ ਇੱਕਜੁੱਟਤਾ ਅਖੰਡਤਾ ਅਤੇ ਚੜਦੀ ਕਲਾ ਵਿੱਚ ਸਾਬਿਤ ਹੋਣਗੇ ਮੀਲ ਪੱਥਰ : ਵਿਕਾਸਪੁਰੀ



**ਨਵੀਂ ਦਿੱਲੀ, 21 ਮਈ (ਮਨਪ੍ਰੀਤ ਸਿੰਘ ਖਾਲਸਾ)**:- 13 ਆਸਾ ਵੈਲਫੇਅਰ ਟਰੱਸਟ ਦੇ ਪ੍ਰਧਾਨ ਇੰਦਰਜੀਤ ਸਿੰਘ ਵਿਕਾਸਪੁਰੀ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸ੍ਰੀ ਅਕਾਲ ਤਖਤ ਸਾਹਿਬ ਤੇ ਜਥੇਦਾਰਾਂ ਵੱਲੋਂ ਜਾਰੀ ਕੀਤੇ ਗਏ ਹੁਕਮਨਾਮੇ ਸ਼ਾਲਾਘਾਯੋਗ ਹਨ । ਉਨ੍ਹਾਂ ਕਿਹਾ ਕਿ ਭਾਈ ਰਣਜੀਤ ਸਿੰਘ ਢਡਰੀਆਂ ਵਾਲੇ ਨੇ ਉੱਥੇ ਪਹੁੰਚ ਕੇ ਸ੍ਰੀ ਅਕਾਲ ਤਖਤ ਸਾਹਿਬ ਜੀ ਦੀ ਹਜ਼ੂਰੀ ਸੰਗਤੀ ਤੌਰ ਤੇ ਮਾਫੀ ਮੰਗੀ ਅਤੇ ਪੰਥ ਦੀ ਚੜ੍ਹਦੀਕਲ੍ਹਾ ਲਈ ਬਚਨ ਕੀਤਾ ਇਹ ਪੰਥ ਲਈ ਵੱਡਾ ਹੁੰਗਾਰਾ ਹੈ । ਉਨ੍ਹਾਂ ਵਲੋਂ ਕਹਿਣਾ ਕਿ ਓਹ ਸ੍ਰੀ ਗੁਰੂ ਗ੍ਰੰਥ ਸਾਹਿਬ ਅਤੇ ਸਿੱਖੀ ਦਾ ਪ੍ਰਚਾਰ ਦੀ ਮੁਹਿਮ ਪੂਰੇ ਪੰਜਾਬ ਵਿੱਚ ਸ੍ਰੀ ਅਕਾਲ ਤਖਤ ਸਾਹਿਬ ਜੀ ਦੇ ਹੁਕਮਾਂ ਅਨੁਸਾਰ ਚਲਾਉਣਗੇ ਅਤੇ ਜਿਹੜੇ ਧਰਮ ਪਰਿਵਰਤਨ ਕਰ ਚੁੱਕੇ ਹਨ ਉਹਨਾਂ ਨੂੰ ਮੁੜ ਤੋਂ ਸਿੱਖੀ ਪਰਿਵਾਰ ਵਿੱਚ ਜੋੜਾਂਗੇ ਇਹ ਬਹੁਤ ਹੀ ਸ਼ਲਾਘਾਯੋਗ ਇਤਿਹਾਸਕ ਫੈਸਲਾ ਹੈ । ਇੰਦਰਜੀਤ ਸਿੰਘ ਵਿਕਾਸਪੁਰੀ ਨੇ ਕਿਹਾ ਜਥੇਦਾਰ ਸਾਹਿਬਾਨਾਂ ਵਲੋਂ ਜਾਰੀ ਕੀਤੇ ਗਏ ਹੁਕਮਨਾਮੇ ਅਤੇ ਫੈਸਲੇ ਕੌਮ ਦੀ ਇੱਕਜੁੱਟਤਾ ਅਖੰਡਤਾ ਅਤੇ ਚੜਦੀ ਕਲਾ ਵਿੱਚ ਇਕ ਮੀਲ ਪੱਥਰ ਸਾਬਿਤ ਹੋਣਗੇ । ਵਿਕਾਸ ਪੁਰੀ ਨੇ ਅਪੀਲ ਕੀਤੀ ਕਿ ਪੰਥ ਦੇ ਹਰ ਧਾਰਮਿਕ ਆਗੂਆਂ ਨੂੰ ਜਿਹੜੇ ਕਿ ਸ੍ਰੀ ਅਕਾਲ ਤਖਤ ਸਾਹਿਬ ਜੀ ਦੀ ਮਰਿਆਦਾ ਤੋਂ ਅਤੇ ਪੰਥ ਕੀ ਸਰਵਾਇਤ ਤੋਂ ਦੂਰ ਹੋ ਚੁੱਕੇ ਹਨ ਉਹ ਸਾਰੇ ਸ੍ਰੀ ਅਕਾਲ ਤਖਤ ਸਾਹਿਬ ਪੰਥ ਪਰਵਾਨਿਤ ਰਹਿਤ ਮਰਿਆਦਾ ਨੂੰ ਮੰਨਦੇ ਹੋਏ ਸ੍ਰੀ ਅਕਾਲ ਤਖਤ ਸਾਹਿਬ ਨਾਲ ਜੁੜ ਕੇ ਸਿੱਖਾਂ ਵਿਚ ਵਧ ਰਹੇ ਧਰਮ ਪਰਿਵਰਤਨ ਅਤੇ ਪਤਿਤ ਪੁਨੇ ਨੂੰ ਠੱਲ ਪਾਉਣ ਵਿੱਚ ਬਹੁਤ ਵੱਡਾ ਹੁੰਗਾਰਾ ਮਿਲੇਗਾ। ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਇੱਕ ਮੁਲਾਜ਼ਮ ਵੱਲੋਂ ਜੋ ਮੰਦਭਾਗੀ ਘਟਨਾ ਗੁਰਦੁਆਰਾ ਰਕਾਬ ਗੰਜ ਵਿੱਚ ਕੀਤੀ ਗਈ ਉਸ ਦੇ ਉੱਪਰ ਦਿੱਲੀ ਕਮੇਟੀ ਨੂੰ ਕਾਰਵਾਈ ਕਰਨ ਦਾ ਹੁਕਮ ਜਾਰੀ ਕੀਤਾ ਹੈ ਵੀ ਇੱਕ ਸ਼ਲਾਘਾਯੋਗ ਫੈਸਲਾ ਹੈ ਤਾਂ ਕਿ ਇਸ ਤਰ੍ਹਾਂ ਦੀ ਘਟਨਾਵਾਂ ਤੇ ਠਲ ਪੈ ਸਕੇ।

# ਮੁੱਖ ਮੰਤਰੀ ਵੱਲੋਂ ਧੂਰੀ ਵਿਖੇ 'ਮੁੱਖ ਮੰਤਰੀ ਸਹਾਇਤਾ ਕੇਂਦਰ' ਲੋਕਾਂ ਨੂੰ ਸਮਰਪਿਤ

## ਲੋਕਾਂ ਨੂੰ ਇੱਕੋ ਛੱਤ ਹੇਠ ਨਾਗਰਿਕ-ਕੇਂਦਰਿਤ ਸੇਵਾਵਾਂ ਦੇਣ ਦੇ ਉਦੇਸ਼ ਨਾਲ ਸਥਾਪਤ ਕੀਤਾ ਸਹਾਇਤਾ ਕੇਂਦਰ



**ਧੂਰੀ (ਰਣਜੀਤ ਸਿੰਘ ਪੇਧਨੀ )** -ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਧੂਰੀ ਹਲਕੇ ਦੇ ਵਸਨੀਕਾਂ ਲਈ ਅਸਰਦਾਰ, ਪਾਰਦਰਸ਼ੀ ਅਤੇ ਪਹੁੰਚਯੋਗ ਸ਼ਾਸਨ ਯਕੀਨੀ ਬਣਾਉਣ ਲਈ ਇੱਥੇ ਨਵਾਂ ਬਣਿਆ 'ਮੁੱਖ ਮੰਤਰੀ ਸਹਾਇਤਾ ਕੇਂਦਰ' ਲੋਕਾਂ ਨੂੰ ਸਮਰਪਿਤ ਕੀਤਾ।

ਇਸ ਕੇਂਦਰ ਨੂੰ ਸਮਰਪਿਤ ਕਰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਇਹ ਕੇਂਦਰ ਧੂਰੀ ਹਲਕੇ ਦੇ ਵਸਨੀਕਾਂ ਲਈ ਇੱਕ ਛੱਤ ਹੇਠ ਸਾਰੀਆਂ ਸਰਕਾਰੀ ਸੇਵਾਵਾਂ ਤੱਕ ਪਹੁੰਚ ਕਰਨ ਲਈ 'ਸਿੰਗਲ ਵਿੰਡੋ ਸਿਸਟਮ' ਵਜੋਂ ਕੰਮ ਕਰੇਗਾ। ਉਨ੍ਹਾਂ ਅੱਗੇ ਕਿਹਾ ਕਿ ਇਸ ਪਹਿਲ ਦਾ ਉਦੇਸ਼ ਲੋਕਾਂ ਅਤੇ ਸਰਕਾਰੀ ਦਫਤਰਾਂ ਦਰਮਿਆਨ ਪਾੜੇ ਨੂੰ ਖਤਮ ਕਰਨਾ, ਪਾਰਦਰਸ਼ਤਾ ਵਧਾਉਣਾ, ਧੂਰੀ ਵਿਧਾਨ ਸਭਾ ਹਲਕੇ ਦੇ ਵਸਨੀਕਾਂ ਲਈ ਡੇਟਾ ਅਤੇ ਇਸ ਦੇ ਵਿਸ਼ਲੇਸ਼ਣ ਤੱਕ ਪਹੁੰਚ ਨੂੰ ਬਿਹਤਰ ਬਣਾਉਣਾ ਅਤੇ ਨਾਗਰਿਕ ਦੀਆਂ ਸ਼ਿਕਾਇਤਾਂ ਦੇ ਜਲਦ ਨਿਪਟਾਰੇ ਨੂੰ ਯਕੀਨੀ ਬਣਾਉਣਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਕੇਂਦਰ ਨਾਗਰਿਕ-ਕੇਂਦ੍ਰਿਤ ਸ਼ਾਸਨ ਨੂੰ ਉਤਸ਼ਾਹਿਤ ਕਰੇਗਾ, ਜਨਤਕ ਵਿਸ਼ਵਾਸ ਕਾਇਮ ਕਰੇਗਾ ਅਤੇ ਸੇਵਾ ਪ੍ਰਦਾਨ ਕਰਨ ਵਿੱਚ ਅਸਰਦਾਰ ਢੰਗ ਨਾਲ ਵਾਧਾ ਕਰੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਕੇਂਦਰ 1.21 ਕਰੋੜ ਰੁਪਏ ਦੀ ਲਾਗਤ ਨਾਲ ਸਥਾਪਤ ਕੀਤਾ ਗਿਆ ਹੈ ਅਤੇ ਇਸ ਵਿੱਚ ਛੇ ਕਾਊਂਟਰ ਅਤੇ ਇੱਕ ਰਿਸੈਪਸ਼ਨ ਡੈਸਕ ਹਨ। ਉਨ੍ਹਾਂ ਅੱਗੇ ਕਿਹਾ ਕਿ ਇਸ ਵਿੱਚ ਇਕ ਮੀਟਿੰਗ-ਕਮ-ਕਾਨਫਰੰਸ ਹਾਲ ਵੀ ਸ਼ਾਮਲ ਹੈ। ਇਸ ਦਾ ਮੁੱਖ ਉਦੇਸ਼ ਜਨਤਾ ਅਤੇ ਸਰਕਾਰੀ ਦਫਤਰਾਂ ਵਿਚਕਾਰ ਤਾਲਮੇਲ ਨੂੰ ਬਿਹਤਰ ਬਣਾਉਣਾ ਹੈ। ਭਗਵੰਤ ਸਿੰਘ ਮਾਨ ਨੇ ਜ਼ੋਰ ਦੇ ਕੇ ਕਿਹਾ ਕਿ ਇਹ ਕੇਂਦਰ ਜਨਤਕ ਮੁੱਦਿਆਂ ਦਾ ਸਮੇਂ ਸਿਰ ਹੱਲ ਕਰਨ ਵਿੱਚ ਮਦਦ ਕਰੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਅਤੇ ਪੀ.ਸੀ.ਐਸ. ਅਧਿਕਾਰੀ ਇਸ ਕੇਂਦਰ ਦਾ ਇੰਚਾਰਜ ਹੋਵੇਗਾ ਅਤੇ ਇਹ ਅਧਿਕਾਰੀ ਲੋਕਾਂ ਨੂੰ ਸੇਵਾਵਾਂ ਦੇਣ ਦੀ ਵਿਵਸਥਾ ਦੀ ਨਿਗਰਾਨੀ ਕਰੇਗਾ ਅਤੇ ਖੇਤਰ ਵਿੱਚ ਵਿਕਾਸ ਪ੍ਰੋਜੈਕਟਾਂ ਦੀ ਵੀ ਦੇਖ-ਰੇਖ ਕਰੇਗਾ। ਉਨ੍ਹਾਂ ਅੱਗੇ ਕਿਹਾ ਕਿ ਸਿਹਤ, ਮਾਲ, ਸਮਾਜਿਕ ਸੁਰੱਖਿਆ, ਪੁਲਿਸ ਅਤੇ ਪ੍ਰਸ਼ਾਸਨ ਸਮੇਤ ਵੱਖ-ਵੱਖ ਵਿਭਾਗਾਂ ਦੇ ਨੁਮਾਇੰਦੇ ਕੇਂਦਰ ਵਿੱਚ ਮੌਜੂਦ ਰਹਿਣਗੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਇਸ ਸਮੇਂ ਸੇਵਾ ਕੇਂਦਰਾਂ ਰਾਹੀਂ 443 ਸੇਵਾਵਾਂ ਪ੍ਰਦਾਨ ਕਰਦੀ ਹੈ ਅਤੇ ਇਹ ਨਵੀਂ ਸਹੂਲਤ ਲੋਕਾਂ ਨੂੰ ਸੇਵਾਵਾਂ ਤੱਕ ਆਸਾਨੀ ਨਾਲ ਪਹੁੰਚ ਕਰਨ ਵਿੱਚ ਮਦਦ ਕਰੇਗੀ।

ਉਨ੍ਹਾਂ ਅੱਗੇ ਦੱਸਿਆ ਕਿ ਪੈਨਸ਼ਨ ਸਕੀਮਾਂ, ਆਯੁਸ਼ਮਾਨ ਭਾਰਤ ਯੋਜਨਾ, ਅਸ਼ੀਰਵਾਦ ਯੋਜਨਾ, ਲੇਬਰ ਕਾਰਡ, ਆਧਾਰ ਕਾਰਡ ਅੱਪਡੇਟ ਅਤੇ ਹੋਰ ਬਹੁਤ ਸਾਰੀਆਂ ਸਕੀਮਾਂ ਲਈ ਫਾਰਮ ਭਰਨ ਪ੍ਰਕਿਰਿਆ ਇਸ ਕੇਂਦਰ ਵਿੱਚ ਹੀ ਹੋਇਆ ਕਰੇਗੀ। ਮੁੱਖ ਮੰਤਰੀ ਨੇ ਕਿਹਾ ਕਿ ਕੇਂਦਰ ਦੀਆਂ ਮੁੱਖ ਵਿਸ਼ੇਸ਼ਤਾਵਾਂ ਵਿੱਚੋਂ ਇੱਕ ਇਹ ਹੈ ਕਿ ਨਾਗਰਿਕਾਂ ਨੂੰ ਹੁਣ ਵਾਰ-ਵਾਰ ਦਫਤਰਾਂ ਵਿੱਚ ਜਾਣ ਦੀ ਲੋੜ ਨਹੀਂ ਪਵੇਗੀ। ਇਸ ਦੀ ਬਜਾਏ ਕੰਮ ਪੂਰਾ ਹੋਣ ਤੱਕ ਇਹ ਕੇਂਦਰ ਸਬੰਧਤ ਵਿਭਾਗਾਂ ਕੋਲ ਪੈਰਵੀ ਕਰੇਗਾ।

ਮੁੱਖ ਮੰਤਰੀ ਨੇ ਅੱਗੇ ਦੱਸਿਆ ਕਿ ਸਾਂਝ ਕੇਂਦਰਾਂ ਰਾਹੀਂ ਪਾਸਪੋਰਟ ਜਾਰੀ ਕਰਨ, ਚਰਿੱਤਰ ਸਰਟੀਫਿਕੇਟ, ਐਫ.ਆਈ.ਆਰ., ਡੀ.ਡੀ.ਆਰ. ਦੀਆਂ ਕਾਪੀਆਂ ਅਤੇ ਲਾਊਡਸਪੀਕਰਾਂ ਅਤੇ ਸਮਾਗਮਾਂ ਲਈ ਐਨ.ਓ.ਸੀ. ਵਰਗੀਆਂ ਸੇਵਾਵਾਂ ਨਾਲ ਸਬੰਧਤ ਦਸਤਾਵੇਜ਼ ਤਿਆਰ ਕਰਨ ਲਈ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਮੁੱਖ ਮੰਤਰੀ ਸਹਾਇਤਾ ਕੇਂਦਰ ਦਾ ਉਦੇਸ਼ ਸਰਕਾਰੀ ਦਫ਼ਤਰਾਂ ਵਿੱਚ ਨਾਗਰਿਕਾਂ ਨੂੰ ਆਮ ਤੌਰ 'ਤੇ ਪੇਸ਼ ਆਉਣ ਵਾਲੀ ਪ੍ਰੇਸ਼ਾਨੀ ਨੂੰ ਖਤਮ ਕਰਨਾ ਹੈ। ਭਗਵੰਤ ਸਿੰਘ ਮਾਨ ਨੇ ਉਮੀਦ ਪ੍ਰਗਟਾਈ ਕਿ ਇਹ ਕੇਂਦਰ ਆਮ ਲੋਕਾਂ ਲਈ ਉਮੀਦ ਦੀ ਕਿਰਨ ਬਣ ਕੇ ਉੱਭਰੇਗਾ। ਇਸ ਮੌਕੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਚੇਅਰਮੈਨ ਦਲਵੀਰ ਸਿੰਘ ਢਿੱਲੋ, ਚੇਅਰਮੈਨ ਅਸ਼ੋਕ ਕੁਮਾਰ ਲੱਖਾ, ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ , ਆਪ ਆਗੂ ਜਸਵੀਰ ਸਿੰਘ ਜੱਸੀ ਸੇਖੋਂ, ਆਪ ਆਗੂ ਅਮਰਦੀਪ ਸਿੰਘ ਧਾਂਦਰਾ, ਆਪ ਆਗੂ ਪੁੰਨੂੰ ਕਾਤਰੋਂ, ਆਪ ਆਗੂ ਪਰਮਜੀਤ ਸਿੰਘ ਕਾਂਝਲਾ,ਦਰਸ਼ਨ ਸਿੰਘ ਪਾਠਕ ਆਦਿ ਹਾਜ਼ਰ ਸਨ।

### ਜੇ ਅਸੀਂ 532 ਕਿਲੋਮੀਟਰ ਸਰਹੱਦ ਦੀ ਰੱਖਿਆ ਕਰ ਸਕਦੇ ਹਾਂ ਤਾਂ

# ਅਸੀਂ ਆਪਣੇ ਪਾਣੀਆਂ ਦੀ ਵੀ ਰਾਖੀ ਕਰ ਸਕਦੇ ਹਾਂ : ਭਗਵੰਤ ਮਾਨ



**ਨਵੀਂ ਦਿੱਲੀ 21 ਮਈ (ਮਨਪ੍ਰੀਤ ਸਿੰਘ ਖਾਲਸਾ):-** ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਸੂਬਾ ਸਰਕਾਰ ਭਾਖੜਾ ਬਿਆਸ ਪ੍ਰਬੰਧਕੀ ਬੋਰਡ (ਬੀ.ਬੀ.ਐਮ.ਬੀ.) ਦੇ ਪੁਨਰਗਠਨ ਦਾ ਮੁੱਦਾ ਸ਼ਨੀਚਰਵਾਰ ਨੂੰ ਹੋਣ ਵਾਲੀ ਨੀਤੀ ਆਯੋਗ ਦੀ ਮੀਟਿੰਗ ਵਿੱਚ ਉਠਾਏਗੀ। ਅੱਜ ਇੱਥੇ ਜੇਤੂ ਰੈਲੀ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਹ ਇਸ ਮੁੱਦੇ ਨੂੰ ਪ੍ਰਧਾਨ ਮੰਤਰੀ ਦੀ ਪ੍ਰਧਾਨਗੀ ਹੇਠ ਹੋਣ ਵਾਲੀ ਮੀਟਿੰਗ ਵਿੱਚ ਉਠਾਉਣਗੇ।ਉਨ੍ਹਾਂ ਕਿਹਾ ਕਿ ਕਿਉਂਕਿ ਪਾਣੀ ਦਾ ਪੱਧਰ ਵਾਰ-ਵਾਰ ਬਦਲ ਰਿਹਾ ਹੈ, ਇਸ ਲਈ ਹਰ ਜਲ ਸਮਝੌਤੇ ਦੀ ਹਰੇਕ 25 ਸਾਲਾਂ ਬਾਅਦ ਸਮੀਖਿਆ ਕੀਤੀ ਜਾਣੀ ਚਾਹੀਦੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਜ਼ਮੀਨੀ ਸਰਹੱਦਾਂ ਨਾਲ ਜੁੜਿਆ ਸੂਬਾ ਹੈ, ਜਿਸ ਨੇ ਦੇਸ਼ ਨੂੰ ਖੁਰਾਕ ਪੱਖੋਂ ਆਤਮ ਨਿਰਭਰ ਬਣਾਉਣ ਲਈ ਆਪਣੇ ਇੱਕੋ-ਇੱਕ ਉਪਲਬਧ ਕੁਦਰਤੀ ਸਰੋਤ ਪਾਣੀ ਅਤੇ ਉਪਜਾਊ ਮਿੱਟੀ ਦੀ ਬੇਰਹਿਮੀ ਨਾਲ ਵਰਤੋਂ ਕੀਤੀ। ਮੁੱਖ ਮੰਤਰੀ ਨੇ ਅਫ਼ਸੋਸ ਪ੍ਰਗਟ ਕੀਤਾ ਕਿ ਜਿਸ ਤਰੀਕੇ ਨਾਲ ਬੀ.ਬੀ.ਐਮ.ਬੀ. ਸੂਬੇ ਦੇ ਪਾਣੀਆਂ ਦੇ ਜਾਇਜ਼ ਹਿੱਸੇ ਨੂੰ ਖੋਹਣ ਲਈ ਇੱਕ ਧਿਰ ਬਣ ਗਈ ਹੈ, ਉਹ ਮੰਦਭਾਗਾ ਅਤੇ ਬਹੁਤ ਹੀ ਨਿੰਦਣਯੋਗ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਨੇ ਇਸ ਸਾਲ ਮਾਰਚ ਵਿੱਚ ਆਪਣੇ ਹਿੱਸੇ ਦਾ ਪਾਣੀ ਖ਼ਤਮ ਕਰ ਦਿੱਤਾ ਸੀ ਪਰ ਬੀ.ਬੀ.ਐਮ.ਬੀ. ਨੇ ਕੇਂਦਰ ਸਰਕਾਰ ਅਤੇ ਹਰਿਆਣਾ ਸਰਕਾਰ ਦੀ ਕਠਪੁਤਲੀ ਵਾਂਗ ਕੰਮ ਕੀਤਾ ਤਾਂ ਜੋ ਸੂਬੇ ਦਾ ਪਾਣੀ ਖੋਹਿਆ ਜਾ ਸਕੇ।ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਲੋਕਾਰੀ ਗੱਲ ਇਹ ਹੈ ਕਿ ਬੀ.ਬੀ.ਐਮ.ਬੀ. ਦੇ ਚੇਅਰਮੈਨ ਖ਼ੁਦ ਸੂਬੇ ਦੇ ਪਾਣੀਆਂ ਨੂੰ ਚੋਰੀ ਕਰਨ ਲਈ ਨੰਗਲ ਆਏ, ਜਿਸ ਨੂੰ ਸੂਬੇ ਦੇ ਲੋਕਾਂ ਨੇ ਨਾਕਾਮ ਕਰ ਦਿੱਤਾ। ਮੁੱਖ ਮੰਤਰੀ ਨੇ ਕਿਹਾ ਕਿ ਇਹ ਉਹੀ ਬੀ.ਬੀ.ਐਮ.ਬੀ. ਹੈ, ਜਿਸ ਨੇ ਆਪਣੇ ਬਹੁਤ ਹੀ ਮਹੱਤਵਪੂਰਨ ਪ੍ਰਾਜੈਕਟਾਂ ਲਈ ਪੰਜਾਬ ਤੋਂ 32 ਕਰੋੜ ਰੁਪਏ ਲਏ ਸਨ ਅਤੇ ਇਹ ਪੈਸਾ ਕਦੇ ਵੀ ਸੂਬੇ ਨੂੰ ਵਾਪਸ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪੰਜਾਬ ਦਾ ਬੀ.ਬੀ.ਐਮ.ਬੀ. ਕੋਲ ਲਗਭਗ 150 ਕਰੋੜ ਰੁਪਏ (ਸਹੀ ਰੂਪ ਵਿੱਚ 142 ਕਰੋੜ ਰੁਪਏ) ਬਕਾਇਆ ਹਨ ਅਤੇ ਸੂਬਾ ਸਰਕਾਰ ਜਲਦੀ ਇਸ ਪੈਸੇ ਦੀ ਵਸੂਲੀ ਲਈ ਦਾਅਵਾ ਕਰੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਬੀ.ਬੀ.ਐਮ.ਬੀ. ਵੱਲੋਂ ਪੰਜਾਬ ਦੇ ਕੋਟੇ ਦੀਆਂ ਤਿੰਨ ਹਜ਼ਾਰ ਅਸਾਮੀਆਂ ਜਾਣ-ਬੁੱਝ ਕੇ ਨਹੀਂ ਭਰੀਆਂ ਗਈਆਂ ਹਨ ਤਾਂ ਜੋ ਪਾਣੀਆਂ ਉੱਤੇ ਸੂਬੇ ਦੇ ਦਾਅਵੇ ਨੂੰ ਕਮਜ਼ੋਰ ਕੀਤਾ ਜਾ ਸਕੇ। ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਅਸਾਮੀਆਂ ਨੂੰ ਜਲਦੀ ਤੋਂ ਜਲਦੀ ਭਰਿਆ ਜਾਵੇਗਾ ਤਾਂ ਜੋ ਸੂਬੇ ਦੇ ਹਿੱਤਾਂ ਦੀ ਰਾਖੀ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਨੰਗਲ ਵਰਗੇ ਟਾਊਨਸ਼ਿਪ ਜੋ ਕਿ ਸੁਹਜ ਪੱਖੋਂ ਡਿਜ਼ਾਈਨ ਕੀਤਾ ਗਿਆ ਸੀ, ਬੀ.ਬੀ.ਐਮ.ਬੀ. ਦੀ ਅਣਗਹਿਲੀ ਕਾਰਨ ਬਰਬਾਦ ਹੋ ਗਿਆ ਹੈ, ਜੋ ਕਿ ਸੱਚਮੁੱਚ ਨਿੰਦਣਯੋਗ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਦੇ ਪਾਣੀਆਂ ਨੂੰ ਖੋਹਣ ਲਈ ਬੀ.ਬੀ.ਐਮ.ਬੀ., ਕੇਂਦਰ ਦੇ ਹੱਥਾਂ ਵਿੱਚ ਖੇਡਿਆ ਪਰ ਸੂਬੇ ਦੇ ਬਹਾਦਰ ਅਤੇ ਮਿਹਨਤੀ ਕਿਸਾਨਾਂ ਨੇ ਉਨ੍ਹਾਂ ਦੇ ਨਾਪਾਕ ਯਤਨਾਂ ਨੂੰ ਨਾਕਾਮ ਕਰ ਦਿੱਤਾ। ਮੁੱਖ ਮੰਤਰੀ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਪੰਜਾਬੀਆਂ ਨੇ ਸਾਬਤ ਕਰ ਦਿੱਤਾ ਹੈ ਕਿ ਜੇ ਉਹ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਕਰ ਸਕਦੇ ਹਨ ਤਾਂ ਉਹ ਸੂਬੇ ਦੇ ਪਾਣੀਆਂ ਨੂੰ ਵੀ ਬਚਾ ਸਕਦੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੀ ਪਾਕਿਸਤਾਨ ਨਾਲ ਲੱਗਦੀ 532 ਕਿਲੋਮੀਟਰ ਲੰਬੀ ਸਰਹੱਦ ਦੀ ਰਾਖੀ ਲਈ ਮਹਾਨ ਕੁਰਬਾਨੀਆਂ ਦੇਣ ਦਾ ਸ਼ਾਨਦਾਰ ਇਤਿਹਾਸ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਵਾਰ ਵੀ ਪੰਜਾਬੀ ਪਾਕਿਸਤਾਨੀ ਫੌਜ ਨੂੰ ਮੂੰਹ ਤੋੜ ਜਵਾਬ ਦੇਣ ਵਿੱਚ ਸਭ ਤੋਂ ਅੱਗੇ ਸਨ ਅਤੇ ਦੂਜੇ ਪਾਸੇ ਪੰਜਾਬੀਆਂ ਨੇ ਆਪਣੇ ਹਿੱਸੇ ਦਾ ਪਾਣੀ ਵੀ ਬਚਾਇਆ। ਮੁੱਖ ਮੰਤਰੀ ਨੇ ਕਿਹਾ ਕਿ ਲਗਪਗ 20 ਦਿਨਾਂ ਤੱਕ ਸੂਬੇ ਦੇ ਮਿਹਨਤੀ ਅਤੇ ਸੁਚੇਤ ਲੋਕਾਂ ਨੇ ਹਰਿਆਣਾ ਅਤੇ ਕੇਂਦਰ ਨੂੰ ਪੰਜਾਬ ਤੋਂ ਇੱਕ ਵੀ ਬੂੰਦ ਪਾਣੀ ਚੋਰੀ ਨਹੀਂ ਕਰਨ ਦਿੱਤਾ। ਉਨ੍ਹਾਂ ਕਿਹਾ ਕਿ ਸਾਲਾਂ ਤੋਂ ਬੀ.ਬੀ.ਐਮ.ਬੀ. ਰਾਹੀਂ ਪੰਜਾਬ ਦੇ ਪਾਣੀ ਨੂੰ ਦੂਜੇ ਸੂਬਿਆਂ ਵੱਲ ਮੋੜਿਆ ਗਿਆ ਹੈ।ਉਨ੍ਹਾਂ ਕਿਹਾ ਕਿ ਕਾਂਗਰਸ, ਅਕਾਲੀਆਂ ਅਤੇ ਭਾਜਪਾ ਦੇ ਹੱਥ ਪੰਜਾਬੀਆਂ ਦੇ ਖ਼ੂਨ ਨਾਲ ਰੰਗੇ ਹੋਏ ਹਨ ਕਿਉਂਕਿ ਇਨ੍ਹਾਂ ਪਾਰਟੀਆਂ ਨੇ ਆਪਣੇ ਨਿੱਜੀ ਹਿੱਤਾਂ ਲਈ ਸੂਬੇ ਦੇ ਪਾਣੀ ਦੇ ਅਧਿਕਾਰਾਂ ਨੂੰ ਨਜ਼ਰਅੰਦਾਜ਼ ਕਰ ਕੇ ਲੋਕਾਂ ਦੀ ਪਿੱਠ ਵਿੱਚ ਛੁਰਾ ਮਾਰਿਆ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦੇ ਪਹਿਲੇ ਆਗੂਆਂ ਨੇ ਕਈ ਮੁੱਦਿਆਂ 'ਤੇ ਸੂਬੇ ਦੇ ਹਿੱਤਾਂ ਨਾਲੋਂ ਆਪਣੇ ਹਿੱਤਾਂ ਨੂੰ ਮਹੱਤਵ ਦੇ ਕੇ ਲੋਕਾਂ ਦੀ ਪਿੱਠ ਵਿੱਚ ਛੁਰਾ ਮਾਰਿਆ ਹੈ। ਉਨ੍ਹਾਂ ਕਿਹਾ ਕਿ ਇੱਕ ਸਾਬਕਾ ਮੁੱਖ ਮੰਤਰੀ ਨੂੰ ਸਤਲੁਜ-ਯਮੁਨਾ ਲਿੰਕ (ਐਸ.ਵਾਈ.ਐਲ) ਦਰਿਆ ਦੀ ਯੋਜਨਾ ਬਣਾਉਣ ਅਤੇ ਇਸ ਦੇ ਸਰਵੇਖਣ ਦੇ ਹੁਕਮ ਜਾਰੀ ਕਰਨ ਲਈ ਗੁੜਗਾਓਂ ਵਿੱਚ ਪਲਾਟ ਮਿਲਿਆ ਸੀ, ਜਿੱਥੇ ਅੱਜ ਉਨ੍ਹਾਂ ਦਾ ਆਲੀਸ਼ਾਨ ਹੋਟਲ ਹੈ। ਭਗਵੰਤ ਸਿੰਘ ਮਾਨ ਨੇ ਇਹ ਵੀ ਕਿਹਾ ਕਿ ਪੰਜਾਬ ਦੇ ਪਾਣੀਆਂ ਦੇ ਸਵੈ-ਘੋਸ਼ਿਤ ਰਾਖੇ ਸਾਬਕਾ ਮੁੱਖ ਮੰਤਰੀ ਨੇ ਕਪੂਰੀ ਵਿਖੇ ਐਸ.ਵਾਈ.ਐਲ ਦੇ ਨੀਂਹ ਪੱਥਰ ਸਮਾਰੋਹ ਲਈ ਤਤਕਾਲੀ ਪ੍ਰਧਾਨ ਮੰਤਰੀ ਨੂੰ ਚਾਂਦੀ ਦੀ ਕਹੀ ਭੇਟ ਕੀਤੀ ਸੀ। ਮੁੱਖ ਮੰਤਰੀ ਨੇ ਕਿਹਾ ਕਿ ਬੀ.ਬੀ.ਐਮ.ਬੀ. ਅਸਲ ਵਿੱਚ ਸਤਲੁਜ ਅਤੇ ਬਿਆਸ ਦਰਿਆਵਾਂ ਦੇ ਪਾਣੀਆਂ ਦੇ ਪ੍ਰਬੰਧਨ ਲਈ ਸਥਾਪਿਤ ਕੀਤੀ ਗਈ ਸੀ ਪਰ ਸਾਲਾਂ ਤੋਂ ਪੰਜਾਬ ਦਾ ਪਾਣੀ ਬੀ.ਬੀ.ਐਮ.ਬੀ. ਰਾਹੀਂ ਦੂਜੇ ਸੂਬਿਆਂ ਵੱਲ ਮੋੜ ਦਿੱਤਾ ਗਿਆ ਹੈ।ਉਨ੍ਹਾਂ ਕਿਹਾ ਕਿ ਭਾਜਪਾ ਸਰਕਾਰ ਨੇ ਆਪਣੇ ਸਿਆਸੀ ਹਿੱਤਾਂ ਲਈ ਇਸ ਬੋਰਡ ਦੀ ਵਰਤੋਂ ਸ਼ੁਰੂ ਕਰ ਦਿੱਤੀ ਹੈ। ਬੀ.ਬੀ.ਐਮ.ਬੀ. ਨੂੰ ਚਿੱਟਾ ਹਾਥੀ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਮੌਜੂਦਾ ਰੂਪ ਵਿੱਚ ਪੂਰੀ ਤਰ੍ਹਾਂ ਵਿਅਰਥ ਅਤੇ ਅਸਵੀਕਾਰਯੋਗ ਹੈ ਅਤੇ ਨਾਲ ਹੀ ਕਿਹਾ ਕਿ ਪੰਜਾਬ ਇਸ ਨੂੰ ਹੁਣ ਕਦੇ ਵੀ ਸਵੀਕਾਰ ਨਹੀਂ ਕਰੇਗਾ। ਉਨ੍ਹਾਂ ਕਿਹਾ ਕਿ ਸਿਤਮਜ਼ਰੀਫ਼ੀ ਇਹ ਹੈ ਕਿ ਦੂਜੇ ਰਾਜਾਂ ਦੇ ਕਰਮਚਾਰੀਆਂ ਨੂੰ ਸੂਬੇ ਦੇ ਖ਼ਜ਼ਾਨੇ ਵਿੱਚੋਂ ਤਨਖਾਹ ਦਿੱਤੀ ਜਾ ਰਹੀ ਹੈ ਅਤੇ ਉਹ ਸਿਰਫ਼ ਪੰਜਾਬ ਦੇ ਹਿੱਤਾਂ ਨੂੰ ਨੁਕਸਾਨ ਪਹੁੰਚਾਉਂਦੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਬੀ.ਬੀ.ਐਮ.ਬੀ. ਪੰਜਾਬ ਵਿਰੁੱਧ ਕਾਨੂੰਨੀ ਲੜਾਈਆਂ ਲੜਨ ਲਈ ਸੂਬੇ ਦੇ ਪੈਸੇ ਦੀ ਵਰਤੋਂ ਕਰਦੀ ਹੈ, ਜੋ ਬਹੁਤ ਹੀ ਨਿੰਦਣਯੋਗ ਹੈ। ਸਤਲੁਜ-ਯਮੁਨਾ ਲਿੰਕ ਨਹਿਰ ਦੀ ਬਜਾਏ ਯਮੁਨਾ-ਸਤਲੁਜ ਲਿੰਕ (ਵਾਈ.ਐਸ.ਐਲ.) ਦੀ ਵਕਾਲਤ ਕਰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਸਤਲੁਜ ਦਰਿਆ ਪਹਿਲਾਂ ਹੀ ਸੁੱਕ ਚੁੱਕਾ ਹੈ ਅਤੇ ਇਸ ਵਿੱਚੋਂ ਇੱਕ ਬੂੰਦ ਵੀ ਪਾਣੀ ਸਾਂਝਾ ਕਰਨ ਦਾ ਸਵਾਲ ਹੀ ਪੈਦਾ ਨਹੀਂ ਹੁੰਦਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਦੀ ਬਜਾਏ ਗੰਗਾ ਅਤੇ ਯਮੁਨਾ ਦਾ ਪਾਣੀ ਸਤਲੁਜ ਦਰਿਆ ਰਾਹੀਂ ਪੰਜਾਬ ਨੂੰ ਸਪਲਾਈ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਪਾਣੀ ਦੀ ਕਮੀ ਦੀ ਚਿੰਤਾਜਨਕ ਸਥਿਤੀ ਦੇ ਮੱਦੇਨਜ਼ਰ ਇਹ ਇੱਕੋ-ਇੱਕ ਵਿਹਾਰਕ ਵਿਕਲਪ ਹੈ, ਜਿਸ 'ਤੇ ਵਿਚਾਰ ਕੀਤਾ ਜਾ ਸਕਦਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਰਕਬੇ ਵਿੱਚ ਛੋਟਾ ਹੋਣ ਦੇ ਬਾਵਜੂਦ ਹਰਿਆਣਾ ਨੂੰ ਪੰਜਾਬ ਨਾਲੋਂ ਵੱਧ ਪਾਣੀ ਮਿਲ ਰਿਹਾ ਹੈ ਅਤੇ ਦੁੱਖ ਦੀ ਗੱਲ ਇਹ ਹੈ ਕਿ ਉਹ ਪੰਜਾਬ ਦੇ ਹਿੱਸੇ ਦੇ ਪਾਣੀ ਦੀ ਮੰਗ ਕਰ ਰਿਹਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜੇ ਸਾਡੇ ਆਪਣੇ ਖੇਤ ਸੁੱਕੇ ਹਨ ਤਾਂ ਅਸੀਂ ਹਰਿਆਣਾ ਨੂੰ ਪਾਣੀ ਕਿਵੇਂ ਦੇ ਸਕਦੇ ਹਾਂ। ਉਨ੍ਹਾਂ ਕਿਹਾ ਕਿ ਅੱਜ ਸੂਬੇ ਦੇ ਲਗਪਗ 60 ਫੀਸਦੀ ਖੇਤਾਂ ਨੂੰ ਨਹਿਰਾਂ ਰਾਹੀਂ ਸਿੰਜਿਆ ਜਾ ਰਿਹਾ ਹੈ, ਜਿਸ ਕਾਰਨ ਪੰਜਾਬ ਦੇ ਹਿੱਸੇ ਦੇ ਪਾਣੀ ਦੀ ਹਰ ਬੂੰਦ ਬਹੁਤ ਕੀਮਤੀ ਹੈ।

### ਬੀ.ਬੀ.ਐਮ.ਬੀ. ਕੇਂਦਰ ਦੀ ਕਠਪੁਤਲੀ ਬਣੀ; ਪੰਜਾਬ ਦੇ ਪਾਣੀ ਨੂੰ ਲੁੱਟਣ ਦੀ ਸਾਜ਼ਿਸ਼ ਨਾਕਾਮ

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਕੋਲ ਕਿਸੇ ਹੋਰ ਸੂਬੇ ਨੂੰ ਦੇਣ ਲਈ ਵਾਧੂ ਪਾਣੀ ਨਹੀਂ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ 6 ਅਪ੍ਰੈਲ ਨੂੰ ਹਰਿਆਣਾ ਨੇ ਪੰਜਾਬ ਤੋਂ ਪੀਣ ਵਾਲੇ ਪਾਣੀ ਦੀ ਮੰਗ ਕੀਤੀ ਸੀ। ਉਨ੍ਹਾਂ ਕਿਹਾ ਕਿ ਦਰਿਆਦਿਲੀ ਦਿਖਾਉਂਦੇ ਹੋਏ ਪੰਜਾਬ ਨੇ ਆਪਣੇ ਹਿੱਸੇ ਵਿੱਚੋਂ ਹਰਿਆਣਾ ਨੂੰ ਚਾਰ ਹਜ਼ਾਰ ਕਿਊਸਿਕ ਪਾਣੀ ਦਿੱਤਾ ਕਿਉਂਕਿ ਸਾਡੇ ਗੁਰੂਆਂ ਨੇ ਸਾਨੂੰ ਸਿਖਾਇਆ ਹੈ ਕਿ ਪਿਆਸੇ ਨੂੰ ਪਾਣੀ ਦੇਣਾ ਇੱਕ ਮਹਾਨ ਪੁੰਨ ਹੈ।

ਇਸ ਮੌਕੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਮੁੱਖ ਮੰਤਰੀ ਅਤੇ ਹੋਰ ਪਤਵੰਤਿਆਂ ਦਾ ਸਵਾਗਤ ਕੀਤਾ, ਜਦੋਂ ਕਿ ਕੈਬਨਿਟ ਮੰਤਰੀ ਬਰਿੰਦਰ ਗੋਇਲ ਨੇ ਰੈਲੀ ਵਿੱਚ ਸ਼ਾਮਲ ਸਾਰੇ ਪਤਵੰਤਿਆਂ ਅਤੇ ਲੋਕਾਂ ਦਾ ਧੰਨਵਾਦ ਕੀਤਾ।

### ਸਰਨਾ ਭਰਾ ਅਦਾਲਤ ਵਿਚ ਪਾਏ ਕੇਸ ਵਾਪਿਸ ਲੈਣ

# ਕਮੇਟੀ ਦੀਆਂ ਮਿਡ ਟਰਮ ਚੋਣਾਂ ਦਾ 24 ਘੰਟਿਆਂ ਅੰਦਰ ਕਰਾਂਗੇ ਐਲਾਨ: ਕਾਲਕਾ/ਕਾਹਲੋਂ



ਨਵੀਂ ਦਿੱਲੀ, 21 ਮਈ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਦਿੱਲੀ ਹਾਈ ਕੋਰਟ ਵਿਚ ਕਮੇਟੀ ਚੋਣਾਂ ਕਰਵਾਉਣ ਦੇ ਮਾਮਲੇ 'ਤੇ ਹੋਈ ਸੁਣਵਾਈ ਦੌਰਾਨ ਨਵੀਆਂ ਵੋਟਰ ਸੂਚੀਆਂ ਦੇ ਆਧਾਰ 'ਤੇ ਚੋਣਾਂ ਕਰਵਾਉਣ ਦੇ ਫੈਸਲੇ ਦਾ ਸਵਾਗਤ ਕੀਤਾ ਹੈ ਅਤੇ ਨਾਲ ਹੀ ਕਿਹਾ ਹੈ ਕਿ ਸਾਬਕਾ ਪ੍ਰਧਾਨ ਮਨਜੀਤ ਸਿੰਘ ਜੀ.ਕੇ. ਨੇ ਹੀ ਪਿਛਲੇ ਸਮੇਂ ਵਿਚ ਨਵੀਆਂ ਵੋਟਰ ਸੂਚੀਆਂ ਦਾ ਵਿਰੋਧ ਕੀਤਾ ਸੀ। ਇਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਮੇਟੀ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਸਤੰਬਰ 2012 ਵਿਚ ਸੁਪਰੀਮ ਕੋਰਟ ਨੇ ਆਪਣੇ ਫੈਸਲੇ ਵਿਚ ਕਿਹਾ ਸੀ ਕਿ ਵੋਟਰ ਸੂਚੀਆਂ ਸੋਧਣ ਦੀ ਬਜਾਏ ਨਵੇਂ ਸਿਰੇ ਤੋਂ ਵੋਟਰ ਸੂਚੀਆਂ ਬਣਾ ਕੇ ਚੋਣਾਂ ਕਰਵਾਈਆਂ ਜਾਣ। ਉਹਨਾਂ ਕਿਹਾ ਕਿ ਇਸ ਉਪਰੰਤ ਵੀ ਮਨਜੀਤ ਸਿੰਘ ਜੀ.ਕੇ. ਨੇ ਇਸ ਫੈਸਲੇ ਦਾ ਵਿਰੋਧ ਕੀਤਾ ਸੀ ਤੇ ਇਹ ਕਹਿ ਦਿੱਤਾ ਸੀ ਕਿ ਸੋਧੀਆਂ ਹੋਈਆਂ ਸੂਚੀਆਂ ਮੁਤਾਬਕ ਵੋਟਾਂ ਕਰਵਾਈਆਂ ਜਾਣ। ਉਹਨਾਂ ਕਿਹਾ ਕਿ ਸਾਰੀ ਸੰਗਤ ਚਾਹੁੰਦੀ ਹੈ ਕਿ ਵੋਟਰ ਸੂਚੀਆਂ ਜੋ 40 ਸਾਲਾਂ ਤੋਂ ਨਵੀਆਂ ਨਹੀਂ ਬਣੀਆਂ, ਉਹਨਾਂ ਨੂੰ ਨਵੇਂ ਸਿਰੇ ਤੋਂ ਬਣਾਇਆ ਜਾਵੇ ਅਤੇ ਨਵੀਆਂ ਵੋਟਰ ਸੂਚੀਆਂ ਦੇ ਆਧਾਰ 'ਤੇ ਕਮੇਟੀ ਦੀਆਂ ਚੋਣਾਂ ਕਰਵਾਈਆਂ ਜਾਣ। ਉਹਨਾਂ ਕਿਹਾ ਕਿ ਮੁੱਖ ਸਕੱਤਰ ਦਿੱਲੀ ਸਰਕਾਰ ਨੇ ਵੀ ਅਦਾਲਤ ਵਿਚ ਕਹਿ ਦਿੱਤਾ ਹੈ ਕਿ ਅਸੀਂ ਸਮੇਂ ਸਿਰ ਚੋਣਾਂ ਕਰਵਾਵਾਂਗੇ ਤਾਂ ਅਸੀਂ ਵੀ ਇਸ ਬਿਆਨ ਦਾ ਤਹਿ ਦਿਲੋਂ ਸਵਾਗਤ ਕਰਦੇ ਹਾਂ। ਸਵਾਲਾਂ ਦੇ ਜਵਾਬ ਵਿਚ ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਦੱਸਿਆ ਕਿ ਬੇਸ਼ੱਕ ਮਨਜੀਤ ਸਿੰਘ ਜੀ.ਕੇ. ਅਤੇ ਉਹਨਾਂ ਦੇ ਨਵੇਂ ਬਣੇ ਸਾਥੀ ਇਹ ਦਾਅਵੇ ਕਰ ਰਹੇ ਹਨ ਕਿ ਅਸੀਂ ਧੱਕੇ ਨਾਲ ਅਹੁਦੇਦਾਰ ਬਣੇ ਹਾਂ ਤਾਂ ਉਹ ਸਪਸ਼ਟ ਦੱਸਣਾ ਚਾਹੁੰਦੇ ਹਨ ਕਿ ਪਹਿਲਾਂ ਸੰਗਤ ਦਾ ਭਰੋਸਾ ਜਿੱਤਣਾ ਜ਼ਰੂਰੀ ਹੈ ਤੇ ਫਿਰ ਭਰੋਸੇ ਦੇ ਸਿਰ 'ਤੇ ਚੋਣਾਂ ਜਿੱਤ ਕੇ ਬਹੁਮਤ ਲੈਣਾ ਜ਼ਰੂਰੀ ਹੈ। ਉਹਨਾਂ ਕਿਹਾ ਕਿ ਸਾਡੇ 30 ਮੈਂਬਰ ਇਕ ਪਾਸੇ ਸੀ ਤੇ ਇਹਨਾਂ ਦੇ 4 ਪਾਰਟੀਆਂ ਦੇ 21 ਮੈਂਬਰ ਇਕਪਾਸੇ ਸੀ। ਉਹਨਾਂ ਕਿਹਾ ਕਿ ਸੰਗਤ ਨੇ ਆਪ ਸੇਵਾ ਸਾਡੀ ਝੋਲੀ ਪਾਈ ਹੈ ਤੇ ਅਸੀਂ ਮਨੁੱਖਤਾ ਦੀ ਸੇਵਾ ਕਰ ਰਹੇ ਹਾਂ। ਮਿਡ ਟਰਮ ਚੋਣਾਂ ਬਾਰੇ ਸਵਾਲ ਦੇ ਜਵਾਬ ਵਿਚ ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਕਿਹਾ ਕਿ ਮਨਜੀਤ ਸਿੰਘ ਜੀ.ਕੇ. ਦੇ ਨਵੇਂ ਬਣੇ ਸਾਥੀਆਂ ਸਰਨਾ ਭਰਾਵਾਂ ਨੇ ਉਹਨਾਂ ਖਿਲਾਫ ਕੋਰਟ ਵਿਚ ਕੇਸ ਪਾਏ ਹਨ, ਜੇਕਰ ਉਹ ਕੇਸ ਵਾਪਸ ਲੈ ਲੈਣ ਤਾਂ ਉਹ 24 ਘੰਟਿਆਂ ਦੇ ਅੰਦਰ-ਅੰਦਰ ਮਿਡ ਟਰਮ ਚੋਣਾਂ ਦਾ ਐਲਾਨ ਕਰ ਦੇਣਗੇ।

### ਦਿੱਲੀ ਕਮੇਟੀ ਵੱਲੋਂ ਕਮੇਟੀ ਚੋਣਾਂ ਨਵੀਆਂ ਵੋਟਰ ਸੂਚੀਆਂ ਦੇ ਆਧਾਰ 'ਤੇ ਕਰਵਾਉਣ ਦੇ ਫੈਸਲੇ ਦਾ ਸਵਾਗਤ

# ਗਿਆਨੀ ਪਰਤਾਪ ਸਿੰਘ ਨੂੰ ਪੰਥ ਲਈ ਨਿਭਾਈਆਂ ਸੇਵਾਵਾਂ ਨੂੰ ਮੁੱਖ ਰੱਖ ਕੇ ਕੀਤਾ ਗਿਆ ਗੋਲਡ ਮੈਡਲ ਨਾਲ ਸਨਮਾਨਿਤ: ਜਸਵਿੰਦਰ ਸਿੰਘ ਕੈਨੇਡਾ

## ਗੁਰਦੁਆਰਾ ਗੁਰੂ ਨਾਨਕ ਦਰਬਾਰ ਲਸਾਲ ਵਲੋਂ ਵਿਸਾਖੀ ਨੂੰ ਸਮਰਪਿਤ ਅੰਮ੍ਰਿਤ ਸੰਚਾਰ ਅਤੇ ਨਗਰ ਕੀਰਤਨ







**ਨਵੀਂ ਦਿੱਲੀ 21 ਮਈ (ਮਨਪ੍ਰੀਤ ਸਿੰਘ ਖਾਲਸਾ):-** ਬੀਤੀ 17 ਮਈ ਨੂੰ ਕੈਨੇਡਾ ਦੇ ਗੁਰਦੁਆਰਾ ਗੁਰੂ ਨਾਨਕ ਦਰਬਾਰ ਲਸਾਲ ਮੋਟਰੀਆਲ ਵਿਖੇ ਪ੍ਰਬੰਧਕਾਂ ਵਲੋਂ ਸੰਗਤਾਂ ਨੂੰ ਗੁਰੂ ਵਾਲੇ ਬਣਨ ਵਾਸਤੇ ਕੀਤੇ ਗਏ ਉਪਰਾਲੇ ਤਹਿਤ ਅੰਮ੍ਰਿਤ ਸੰਚਾਰ ਦੀ ਸੇਵਾ ਕਰਵਾਈ ਗਈ ਜਿਸ ਵਿੱਚ ਬਹੁਤ ਸਾਰੇ ਪ੍ਰਾਣੀਆਂ ਨੇ ਪੰਜ ਪਿਆਰਿਆਂ ਤੋ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਕੇ ਗੁਰੂ ਵਾਲੇ ਬਣਨ ਦਾ ਸੁਭਾਗ ਪ੍ਰਾਪਤ ਕੀਤਾ। ਅਗਲੇ ਦਿਨ ਮਿੱਤੀ 18 ਮਈ ਨੂੰ ਸਵੇਰੇ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਦੀਵਾਨ ਸਜਾਏ ਗਏ ਜਿਸ ਵਿੱਚ ਵੱਖ ਵੱਖ ਧਾਰਮਿਕ ਤੇ ਸਿਆਸੀ ਆਗੂਆ ਵੱਲੋ ਗੁਰਦੁਆਰਾ ਸਾਹਿਬ ਅੰਦਰ ਹਾਜਿਰ ਸੰਗਤਾਂ ਨੂੰ ਖਾਲਸਾ ਸਾਜਨਾ ਦਿਵਸ ਦੀ ਵਧਾਈ ਦਿੱਤੀ ਗਈ। ਗੁਰਦੁਆਰਾ ਸਾਹਿਬ ਦੇ ਸਕੱਤਰ ਭਾਈ ਜਸਵਿੰਦਰ ਸਿੰਘ ਵਲੋਂ ਭੇਜੀ ਗਈ ਜਾਣਕਾਰੀ ਮੁਤਾਬਿਕ ਸਟੇਜ ਦੀ ਸੇਵਾ ਗੁਰੂ ਘਰ ਦੇ ਪ੍ਰਧਾਨ ਸੁਰਜੀਤ ਸਿੰਘ ਭਾਊ ਵੱਲੋ ਬਹੁਤ ਸੁਚੱਜੇ ਤਰੀਕੇ ਨਾਲ ਨਿਭਾਈ ਗਈ । ਇਸ ਮੌਕੇ ਲਾਸਲ ਤੋ ਪੰਜਾਬੀ ਐਮਪੀ ਅੰਜੂ ਢਿਲੋ ਅਤੇ ਮੇਅਰ ਨੈਨਸੀ ਬਲਾਨਸੇ ਵੱਲੋ ਕੌਂਸਲਰਾਂ ਦੀ ਸਮੁੱਚੀ ਟੀਮ ਨਾਲ ਹਾਜਰੀ ਭਰ ਕੇ ਸਮੂਹ ਸੰਗਤਾਂ ਨੂੰ ਵਿਸਾਖੀ ਪੁਰਬ ਮਨਾਉਣ ਦੀਆਂ ਵਧਾਈਆਂ ਦਿਤੀਆਂ ਗਈਆਂ । ਇਸ ਮੌਕੇ ਨਰਿੰਦਰ ਸਿੰਘ ਮਿਨਹਾਸ ਵੱਲੋ ਬਿੱਲ 21 ਬਾਰੇ ਲਿਬਰਲ ਪਾਰਟੀ ਦੇ ਸਟੈਂਡ ਬਾਰ ਐਮਐਲਏ ਫਰੈਡ ਬੁਸਮੈਨ ਨੂੰ ਆਪਣਾ ਪੱਖ ਸਪਸਟ ਕਰਣ ਲਈ ਕਿਹਾ ਗਿਆ ਤਾਂ ਉਹਨਾ ਵਲੋਂ ਇਸ ਬਿਲ ਲਈ ਸਿੱਖਾ ਨਾਲ ਖੜਨ ਦਾ ਐਲਾਨ ਕੀਤਾ ਗਿਆ । ਇਸ ਮੌਕੇ ਜਲਾਵਤਨੀ ਸਿੰਘ ਅਤੇ ਪੰਥਕ ਸੇਵਾਦਾਰ ਬਾਬਾ ਸੰਤੋਖ ਸਿੰਘ ਖੇਲਾ ਵੱਲੋ ਖਾਲਸਾ ਸਾਜਨਾ ਦਿਵਸ ਦੀ ਜਾਣਕਾਰੀ ਦੇਂਦਿਆਂ ਖਾਲਸਾ ਰਾਜ ਦੀ ਪਰਾਪਤੀ ਤੱਕ ਜੂਝਣ ਦਾ ਪ੍ਰਣ ਦੋਹਰਾਇਆ ਗਿਆ । ਇਸ ਮੌਕੇ ਮੋਟਰੀਆਲ ਗੁਰਦੁਆਰਾ ਗੁਰੂ ਨਾਨਕ ਦਰਬਾਰ ਲਸਾਲ ਵਿਖੇ ਸਿੰਘ ਸਾਹਿਬ ਗਿਆਨੀ ਪਰਤਾਪ ਸਿੰਘ ਸਾਬਕਾ ਹੈਡ ਗ੍ਰੰਥੀ ਨੂੰ ਪੰਥ ਲਈ ਨਿਭਾਈਆਂ ਸੇਵਾਵਾਂ ਨੂੰ ਮੁੱਖ ਰੱਖ ਕੇ ਗੋਲਡ ਮੈਡਲ ਨਾਲ ਸਨਮਾਨਿਤ ਕੀਤਾ ਗਿਆ। ਨਗਰ ਕੀਰਤਨ ਪੰਜਾ ਸਿੰਘ ਨਾਲ ਗੁਰੂ ਗ੍ਰੰਥ ਸਾਹਿਬ ਦੀ ਅਗਵਾਈ ਵਿੱਚ ਸਜਾਇਆ ਗਿਆ ਜਿਸ ਵਿੱਚ ਹਜਾਰਾਂ ਦੀ ਗਿਣਤੀ ਵਿੱਚ ਸੰਗਤਾਂ ਵਲੋਂ ਸ਼ਮੂਲੀਅਤ ਕੀਤੀ ਗਈ। ਨਗਰ ਕੀਰਤਨ ਵਿਚ ਹਾਜ਼ਿਰੀ ਭਰ ਰਹੇ ਬੱਚਿਆ ਵੱਲੋ ਗਤਕੇ ਦੇ ਜੋਹਰ ਵਿਖਾਏ ਗਏ । ਨਗਰ ਕੀਰਤਨ ਵਿੱਚ ਨਿਹੰਗ ਸਿੰਘ ਫੌਜਾਂ ਵਲੋਂ ਆਪਣੇ ਘੋੜਿਆਂ ਸਮੇਤ ਹਾਜਰੀ ਭਰੀ ਗਈ ਜੋ ਕੈਨੇਡੀਅਨ ਧਰਤੀ ਉਪਰ ਖਿੱਚ ਦਾ ਕੇਂਦਰ ਬਣੇ ਹੋਏ ਸਨ । ਵਗਦੇ ਮੀਂਹ ਦੇ ਬਾਵਜੂਦ ਸੰਗਤਾ ਦਾ ਠਾਠਾਂ ਮਾਰਦਾ ਇਕੱਠ ਸੀ । ਗੁਰੂ ਘਰ ਦੀ ਪ੍ਰਬੰਧਕ ਕਮੇਟੀ ਵੱਲੋਂ ਸਮੂਹ ਸੰਗਤਾ ਸੇਵਾਦਾਰਾਂ ਜਿਹਨਾ ਲੰਗਰਾ ਦੇ ਸਟਾਲ ਲਗਾਏ ਸਨ ਵਲੰਟੀਅਰਾ ਦਾ ਵਿਸ਼ੇਸ਼ ਤੋਰ ਤੇ ਧੰਨਵਾਦ ਕੀਤਾ ਗਿਆ । ਗੁਰਦੁਆਰਾ ਸਾਹਿਬ ਦੇ ਪ੍ਰਬੰਧਕ ਭਾਈ ਜਸਵਿੰਦਰ ਸਿੰਘ ਵੱਲੋ ਇਸ ਉਪਰਾਲੇ ਲਈ ਬਲਰਾਜ ਸਿੰਘ ਕੈਰੋ, ਨਰਿੰਦਰ ਸਿੰਘ ਮਿਨਹਾਸ, ਸਰਬਜੀਤ ਸਿੰਘ ਮਿਨਹਾਸ, ਜਤਿੰਦਰ ਸਿੰਘ ਮੁਲਤਾਨੀ ਤੇ ਸੁਰਜੀਤ ਸਿੰਘ ਵੱਲੋ ਕੀਤੇ ਉਪਰਾਲੇ ਲਈ ਧੰਨਵਾਦ ਕੀਤਾ ਗਿਆ।

# ਬੀ ਜੀ ਐਸ ਪਬਲਿਕ ਸਕੂਲ ਡੇਰਾ ਭਗਤਾਂ ਤਰਸਿੱਕਾ ਦਾ ਨਤੀਜਾ ਰਿਹਾ ਸ਼ਾਨਦਾਰ



**ਚੌਕ ਮਹਿਤਾ, 21 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਸੰਤ ਬਾਬਾ ਗੁਰਦੇਵ ਸਿੰਘ ਡੇਰਾ ਭਗਤਾਂ ਤਰਸਿੱਕਾ ਵਾਲਿਆਂ ਦੀ ਅਗਵਾਈ ਹੇਠ ਚੱਲ ਰਹੀ ਇਲਾਕੇ ਦੀ ਨਾਮਵਰ ਵਿਦਿਆ ਸੰਸਥਾ ਬੀ ਜੀ ਐਸ ਪਬਲਿਕ ਸਕੂਲ ਡੇਰਾ ਭਗਤਾਂ ਤਰਸਿੱਕਾ ਦਾ ਨਤੀਜਾ ਰਿਹਾ ਸ਼ਾਨਦਾਰ। ਜਿਸ ਵਿੱਚ ਦਸਵੀ ਕਲਾਸ ਸਕੂਲ ਦੀ ਵਿਦਿਆਰਥਣ ਜਸਨਪਰੀਤ ਕੌਰ ਨੇ 92% ਰੂਬਲਪਰੀਤ ਕੌਰ ਨੇ 85% , ਗੁਰਸੇਵਕ ਸਿੰਘ ਨੇ 82% ਨੰਬਰ ਪ੍ਰਾਪਤ ਕਰਕੇ ਪਹਿਲਾਂ, ਦੂਜਾ, ਤੀਸਰਾ ਅਸਥਾਨ ਪ੍ਰਾਪਤ ਕੀਤਾ। ਜਿਸ ਵਿੱਚ ਸਕੂਲ ਦੀ ਪ੍ਰਿੰਸੀਪਲ ਮੈਡਮ ਸ੍ਰੀ ਮਤੀ ਕਵਲਜੀਤ ਕੌਰ, ਕਲਰਕ ਮੈਡਮ ਗੁਰਪ੍ਰੀਤ ਕੌਰ, ਇੰਨਚਾਰਜ ਮੈਡਮ ਹਰਪ੍ਰੀਤ ਕੌਰ, ਮੈਡਮ ਸੀਮਾ ਸਰਮਾ ਨੇ ਚੰਗੇ ਨੰਬਰ ਪ੍ਰਾਪਤ ਕਰਨ ਵਾਲਿਆਂ ਵਿਦਿਆਰਥੀਆਂ ਨੂੰ ਸਕੂਲ ਵੱਲੋ ਮੂੰਹ ਮਿੱਠਾ ਕਰਕੇ ਸਨਮਾਨਿਤ ਕੀਤਾ ਗਿਆ ਅਤੇ ਉਨ੍ਹਾਂ ਦੇ ਚੰਗੇ ਭਵਿੱਖ ਲਈ ਸ਼ੁਭ ਕਾਮਨਾਵਾਂ ਕੀਤੀਆਂ ਗਈਆਂ।

ਸ੍ਰ ਜੰਡਬੀਰ ਸਿੰਘ ਤਖਤੂਵਾਲਾ ਦੇ ਪਰਿਵਾਰ ਵੱਲੋਂ ਸੰਗਤਾਂ ਨੂੰ

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਬੀੜ ਬਾਬਾ ਬੁੱਢਾ ਸਾਹਿਬ ਗੁਰਧਾਮਾਂ ਦੇ ਦਰਸ਼ਨ ਦੀਦਾਰੇ ਕਰਵਾਏ ਗਏ







**ਤਰਨਤਾਰਨ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)**- ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਸ੍ਰੀ ਅੰਮ੍ਰਿਤਸਰ ਸਾਹਿਬ ਅਤੇ ਬੀੜ ਬਾਬਾ ਬੁੱਢਾ ਸਾਹਿਬ ਜੀ ਦੇ ਦਰਸ਼ਨ ਦੀਦਾਰਿਆਂ ਲਈ ਭਾਈ ਜੰਡਬੀਰ ਸਿੰਘ ਤਖਤੂਵਾਲਾ ਦੇ ਪਰਿਵਾਰ ਵੱਲੋਂ ਸੰਗਤਾਂ ਨੂੰ ਫਰੀ ਗੁਰਧਾਮਾਂ ਦੇ ਦਰਸ਼ਨ ਦੀਦਾਰੇ ਕਰਵਾਏ ਗਏ। ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਨੇ ਬੋਲਦਿਆਂ ਦੱਸਿਆ ਕਿ ਸੰਗਰਾਂਦ ਦੇ ਪਹਿਲੇ ਬੁੱਧਵਾਰ ਹਲਕਾ ਖੇਮਕਰਨ ਜ਼ਿਲ੍ਹਾ ਤਰਨਤਾਰਨ ਤੋਂ 11 ਬੱਸਾਂ ਬੀੜ ਬਾਬਾ ਬੁੱਢਾ ਸਾਹਿਬ ਜੀ ਅਤੇ ਸੱਚਖੰਡ ਸ੍ਰੀ ਹਰਮਿੰਦਰ ਸਾਹਿਬ ਜੀ ਅਤੇ ਹੋਰ ਗੁਰਧਾਮਾਂ ਦੇ ਦਰਸ਼ਨ ਦੀਦਾਰਿਆਂ ਲਈ ਸੰਗਤਾਂ ਨਤਮਸਤਕ ਹੁੰਦੀਆਂ ਹਨ। ਅੱਜ ਸੰਗਤਾਂ ਬੀੜ ਬਾਬਾ ਬੁੱਢਾ ਸਾਹਿਬ ,ਸ੍ਰੀ ਹਰਿਮੰਦਰ ਸਾਹਿਬ ਅਤੇ ਨਗਰ ਸੁਰਸਿੰਘ ਵਿਖੇ ਸੰਗਤਾਂ ਨੇ ਹਾਜ਼ਰੀਆਂ ਭਰੀਆਂ ਅਤੇ ਦਰਸ਼ਨ ਦੀਦਾਰੇ ਕੀਤੇ। ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਗਈ ਬਾਬਾ ਸੱਜਣ ਸਿੰਘ ਜੀ ਨੇ ਭਾਈ ਜੰਡਬੀਰ ਸਿੰਘ ਜੀ ਦੇ ਪਰਿਵਾਰ ਦੀ ਚੜ੍ਹਦੀ ਕਲਾ ਅਤੇ ਤੰਦਰੁਸਤੀ ਦੀ ਅਰਦਾਸ ਬੇਨਤੀ ਕੀਤੀ। ਇਸੇ ਤਰ੍ਹਾਂ ਸੰਗਤਾਂ ਵੱਲੋਂ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਨਗਰ ਸੁਰ ਸਿੰਘ ਵਿਖੇ ਮੁਬਾਰਕ ਚਰਨ ਪਾਉਣ ਦੀ ਖੁਸ਼ੀ ਵਿੱਚ ਚੱਲ ਰਹੇ ਸਮਾਗਮ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ। ਸ਼੍ਰੀਮਾਨ ਸੰਤ ਬਾਬਾ ਅਵਤਾਰ ਸਿੰਘ ਜੀ ਸੁਰ ਸਿੰਘ ਵਾਲਿਆਂ ਵੱਲੋਂ ਸੰਗਤਾਂ ਨੂੰ ਜੀ ਆਇਆ ਕਿਹਾ ਅਤੇ ਸੰਗਤਾਂ ਦੀ ਠੰਡੇ ਮਿੱਠੇ ਜਲ ਦੀ ਸੇਵਾ ਕੀਤੀ ਗਈ। ਇਸ ਮੌਕੇ ਬੀੜ ਬਾਬਾ ਬੁੱਢਾ ਸਾਹਿਬ ਜੀ ਦੇ ਮੈਨੇਜਰ ਭਾਈ ਸਰਬਦਿਆਲ ਸਿੰਘ ਜੀ ਘਰਿਆਲਾ, ਭਾਈ ਜਸਪਾਲ ਸਿੰਘ ਜੀ ਨੌਸ਼ਹਿਰਾ ਰੀਕਾਰਡ ਕੀਪਰ ,ਭਾਈ ਸੁਰਿੰਦਰ ਸਿੰਘ ਜੀ ਚੂਸਲੇਵਾੜ ਵੀਸੀ ਵੱਲੋਂ ਸੰਗਤਾਂ ਨੂੰ ਬਾਬਾ ਬੁੱਢਾ ਸਾਹਿਬ ਪਹੁੰਚਣ ਤੇ ਜੀ ਆਇਆ ਕਿਹਾ। ਸੰਗਤਾਂ ਨੇ ਬੱਸ ਵਿੱਚ ਆਉਂਦਿਆਂ ਅਤੇ ਜਾਂਦਿਆਂ ਗੁਰੂ ਦਾ ਹਰਿ ਜਸ ਕੀਤਾ ਅਤੇ ਮੂਲ ਮੰਤਰ ਗੁਰਮੰਤਰ ਦੇ ਜਾਪ ਕੀਤੇ ਗਏ। ਇਸ ਮੌਕੇ ਸ੍ਰ ਸੁਖਦੇਵ ਸਿੰਘ ਮੈਂਬਰ, ਬਾਬਾ ਦਇਆ ਸਿੰਘ ਜੀ ਵਾੜਾ ਸ਼ੇਰ ਸਿੰਘ ਸਪੁੱਤਰ ਸ਼ਹੀਦ ਭਾਈ ਸਰਵਣ ਸਿੰਘ ਜੀ, ਸਰਬਜੀਤ ਸਿੰਘ ਵਾੜਾ ਤੇਲੀਆਂ, ਮਨਪ੍ਰੀਤ ਸਿੰਘ ਅਲਗੋਂ, ਬਾਬਾ ਹਰਦੇਵ ਸਿੰਘ ਜੀ ਇਕਾਈ ਪ੍ਰਧਾਨ ਭੈਣੀ ਮੱਸਾ ਸਿੰਘ, ਕੁਲਵੰਤ ਸਿੰਘ, ਜਰਨੈਲ ਸਿੰਘ, ਗੁਰਸ਼ਰਨ ਸਿੰਘ,ਹੀਰਾ ਸਿੰਘ ਲੀਲ ਅਤੇ ਹੋਰ ਬੇਅੰਤ ਸੰਗਤਾਂ ਹਾਜ਼ਰ ਸਨ।

# ਏਪੀਜੇ ਪਬਲਿਕ ਸਕੂਲ ’ਚ ਛੋਟੇ ਵਿਦਿਆਰਥੀਆਂ ਨੇ ‘ਮੈਂਗੋ ਡੇ’ ਉਤਸ਼ਾਹ ਨਾਲ ਮਨਾਇਆ

**ਖਰੜ, 21 ਮਈ (ਆਵਾਜ਼ਿ ਕੌਮ ਬਿਊਰੋ)**- ਏਪੀਜੇ ਪਬਲਿਕ ਸਕੂਲ ਮੁੰਡੀ ਖਰੜ ਵਿੱਚ ਕਿੰਡਰਗਾਰਟਨ ਦੇ ਵਿਦਿਆਰਥੀਆਂ ਦੁਆਰਾ ਮੈਂਗੋ ਗਤੀਵਿਧੀ ਦਾ ਆਯੋਜਨ ਕੀਤਾ ਗਿਆ।ਕਿੰਡਰਗਾਰਟਨ ਸੈਕਸ਼ਨ ਉਤਸ਼ਾਹ ਅਤੇ ਪੀਲੇ ਰੰਗ ਦੇ ਜੀਵੰਤ ਰੰਗਾਂ ਨਾਲ ਭਰਿਆ ਹੋਇਆ ਸੀ ਕਿਉਂਕਿ ਛੋਟੇ ਵਿਦਿਆਰਥੀਆਂ ਨੇ “ਮੈਂਗੋ ਡੇ” ਨੂੰ ਬਹੁਤ ਉਤਸ਼ਾਹ ਨਾਲ ਮਨਾਇਆ। ਇਹ ਪ੍ਰੋਗਰਾਮ ਜਿਸਦਾ ਉਦੇਸ਼ ਬੱਚਿਆਂ ਨੂੰ ਮੌਸਮੀ ਫਲਾਂ ਨਾਲ ਮਜ਼ੇਦਾਰ ਅਤੇ ਦਿਲਚਸਪ ਢੰਗ ਨਾਲ ਜਾਣੂ ਕਰਵਾਉਣਾ ਸੀ ਇੱਕ ਅਨੰਦਦਾਇਕ ਸਿੱਖਣ ਦੇ ਅਨੁਭਵ ਵਿੱਚ ਬਦਲ ਗਿਆ। ਵਿਦਿਆਰਥੀ ਪੀਲੇ ਰੰਗ ਦੇ ਪਹਿਰਾਵੇ ਵਿੱਚ ਸਜੇ ਹੋਏ ਸਨ, ਜੋ ਅੰਬਾਂ ਦੇ ਰੰਗ ਦਾ ਪ੍ਰਤੀਕ ਸੀ। ਇਸ ਮੌਕੇ ਵਿਦਿਆਰਥੀ ਅੰਬਾਂ ਦੇ ਸ਼ੇਕ, ਆਮ ਪੰਨਾ, ਅੰਬਾਂ ਦਾ ਪੁਡਿੰਗ ਅਤੇ ਕੱਟੇ ਹੋਏ ਅੰਬਾਂ ਵਰਗੇ ਅੰਬ ਅਧਾਰਤ ਪਕਵਾਨ ਲੈ ਕੇ ਆਏ ਸਨ।ਕਲਾਸਰੂਮਾਂ ਨੂੰ ਬੱਚਿਆਂ ਦੁਆਰਾ ਬਣਾਈ ਗਈ ਅੰਬ-ਥੀਮ ਵਾਲੀ ਕਲਾਕਾਰੀ ਨਾਲ ਸਜਾਇਆ ਗਿਆ ਸੀ ਜਿਵੇਂ ਕਿ ਅੰਬਾਂ ਦੇ ਕੱਟ-ਆਊਟ, ਡਰਾਇੰਗ ਅਤੇ ਸ਼ਿਲਪਕਾਰੀ। ਅਧਿਆਪਕਾਂ ਨੇ ਅੰਬਾਂ ਬਾਰੇ ਦਿਲਚਸਪ ਤੱਥ ਸਾਂਝੇ ਕੀਤੇ ਜਿਸ ਵਿੱਚ ਉਨ੍ਹਾਂ ਦੇ ਪੋਸ਼ਣ ਮੁੱਲ ਅਤੇ ਕਿਸਮਾਂ ਸ਼ਾਮਲ ਹਨ, ਜਿਸ ਨਾਲ ਗਤੀਵਿਧੀ ਮਜ਼ੇਦਾਰ ਅਤੇ ਵਿਦਿਅਕ ਦੋਵੇਂ ਤਰ੍ਹਾਂ ਦੀ ਬਣ ਗਈ। ਦਿਨ ਦਾ ਮੁੱਖ ਆਕਰਸ਼ਣ ਹੱਥੀਂ ਫਲਾਂ ਦਾ ਸੁਆਦ ਲੈਣ ਦਾ ਸੈਸ਼ਨ ਸੀ, ਜਿੱਥੇ ਬੱਚਿਆਂ ਨੇ ਆਪਣੀਆਂ ਪੰਜ ਇੰਦਰੀਆਂ ਦੀ ਵਰਤੋਂ ਕਰਕੇ ਫਲਾਂ ਦਾ ਵਰਣਨ ਕਰਨਾ ਸਿੱਖਿਆ। ਉਨ੍ਹਾਂ ਨੇ ਅੰਬਾਂ ਦੇ ਥੀਮ ਦੇ ਆਲੇ-ਦੁਆਲੇ ਕੇਂਦਰਿਤ ਤੁਕਾਂਤ ਕਹਾਣੀ ਸੁਣਾਉਣ ਦੇ ਸੈਸ਼ਨਾਂ ਅਤੇ ਖੇਡਾਂ ਵਿੱਚ ਵੀ ਹਿੱਸਾ ਲਿਆ, ਜਿਸ ਨੇ ਉਨ੍ਹਾਂ ਦੀ ਸ਼ਬਦਾਵਲੀ, ਸਮਾਜਿਕ ਹੁਨਰ ਅਤੇ ਸੰਵੇਦੀ ਜਾਗਰੂਕਤਾ ਨੂੰ ਬਿਹਤਰ ਬਣਾਉਣ ਵਿੱਚ ਮਦਦ ਕੀਤੀ। ਇਸ ਗਤੀਵਿਧੀ ਨੇ ਨਾ ਸਿਰਫ਼ ਸਿਹਤਮੰਦ ਖਾਣ-ਪੀਣ ਦੀਆਂ ਆਦਤਾਂ ਬਾਰੇ ਜਾਗਰੂਕਤਾ ਪੈਦਾ ਕੀਤੀ ਸਗੋਂ ਬੱਚਿਆਂ ਦੀ ਸਿਰਜਣਾਤਮਕਤਾ ਅਤੇ ਮੋਟਰ ਹੁਨਰਾਂ ਨੂੰ ਵੀ ਵਧਾਇਆ। ਬੱਚਿਆਂ ਦੇ ਹੱਸਮੁੱਖ ਚਿਹਰੇ ਅਤੇ ਚਮਕਦਾਰ ਅੰਬ-ਥੀਮ ਵਾਲਾ ਮਾਹੌਲ ਇਸ ਪ੍ਰੋਗਰਾਮ ਦੀ ਸਫਲਤਾ ਨੂੰ ਦਰਸਾਉਂਦਾ ਸੀ। ਕੁੱਲ ਮਿਲਾ ਕੇ ਏਪੀਜੇ ਪਬਲਿਕ ਸਕੂਲ ਵਿੱਚ ਮੈਂਗੋ ਗਤੀਵਿਧੀ ਮੌਜ-ਮਸਤੀ, ਭੋਜਨ ਅਤੇ ਫਲਦਾਇਕ ਸਿੱਖਿਆ ਦਾ ਇੱਕ ਸੰਪੂਰਨ ਮਿਸ਼ਰਣ ਸੀ।



# ਤੀਸਰੇ ਘੱਲੂਘਾਰੇ ਦੌਰਾਨ ਹੋਏ ਸ਼ਹੀਦਾਂ ਸਿੰਘਾ ਦੀ ਯਾਦ ਵਿੱਚ ਦਮਦਮੀ ਟਕਸਾਲ ਵੱਲੋਂ ਪਿੰਡ ਭੁੱਸੇ ਵਿੱਖੇ ਦੀਵਾਨ ਸਜਾਇਆ ਗਿਆ











**ਚੌਕ ਮਹਿਤਾ, 21 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਮਦਮੀ ਟਕਸਾਲ ਦੇ ਮੁਖੀ ਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਰਹਿਨੁਮਾਈ ਹੇਠ ਜੂਨ ’84 ਦੇ ਤੀਸਰਾ ਘੱਲੂਘਾਰਾ ਦੌਰਾਨ ਸ਼ਹੀਦ ਹੋਏ ਸਿੰਘਾਂ-ਸਿੰਘਣੀਆਂ ਤੇ ਭੁਚੰਗੀਆਂ ਦੀ ਯਾਦ ਨੂੰ ਸਮਰਪਿਤ ਵੱਖ ਵੱਖ ਨਗਰਾਂ ਵਿਚ ਕਥਾ-ਕੀਰਤਨ ਸਮਾਗਮ ਕੀਤੇ ਜਾ ਰਹੇ ਹਨ। ਜਿਸ ਦੇ ਚਲਦਿਆਂ ਅੱਜ ਪਿੰਡ ਭੁੱਸੇ ਤਰਨ ਤਾਰਨ ਦੇ ਗੁਰਦੁਆਰਾ ਸਾਹਿਬ ਵਿੱਖੇ ਸ਼ਾਮ ਵੇਲੇ ਦਾ ਧਾਰਮਿਕ ਦੀਵਾਨ ਸਜਾਇਆ ਗਿਆ। ਜਿਸ ਵਿਚ ਦਮਦਮੀ ਟਕਸਾਲ ਦੇ ਹਜ਼ੂਰੀ ਰਾਗੀ ਭਾਈ ਲਵਪਰੀਤ ਸਿੰਘ ਜਥੇ ਨੇ ਇਲਾਹੀ ਬਾਣੀ ਦਾ ਕੀਰਤਨ ਸਰਵਣ ਕਰਵਾਇਆ।ਉਪਰੰਤ ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਨੇ ਵੱਡੀ ਗਿਣਤੀ ਵਿਚ ਜੁੜ ਬੈਠੀਆ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਉਪਰੰਤ ਛੇਵੇ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਦਾ ਇਤਹਾਸ 52 ਰਾਜਿਆ ਨੂੰ ਆਪਣੇ ਚੋਲੇ ਦੀਆਂ ਗਲੀਆਂ ਫੜਕੇ ਆ÷ਾਦ ਕਰ ਵਾਇਆ ਪਵਿੱਤਰ ਪਾਵਨ ਗ੍ਰੰਥ ਸੂਰਜ ਪਰਕਾਸ਼ ਵਿੱਚੋਂ ਸੰਗਤਾਂ ਨੂੰ ਸਰਵਨ ਕਰਾਇਆ। ਪੋਥੀ ਸਾਹਿਬ ਜੀ ਦਾ ਜਾਪੁ ਭਾਈ ਸਤਨਾਮ ਸਿੰਘ ਖਾਲਸਾ ਨੇ ਕੀਤਾ,ਦੀਵਾਨ ਦੀ ਸਮਾਪਤੀ ਮੌਕੇ ਪ੍ਰਬੰਧਕਾਂ ਦੇ ਵੱਲੋਂ ਵਿਸ਼ੇਸ਼ ਰੂਪ ਵਿਚ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦਾ ਸਨਮਾਨ ਕੀਤਾ ਗਿਆ। ਇਸ ਸਮੇਂ ਗਿਆਨੀ ਖਾਲਸਾ ਨੇ ਸੰਗਤ ਨੂੰ ਖਾਸ ਕਰਕੇ ਨੌਜਵਾਨਾਂ ਨੂੰ ਦਾੜ੍ਹੀ ਕੇਸ ਰੱਖਣ, ਅੰਮ੍ਰਿਤ ਛੱਕਣ ਤੇ ਸਿੰਘ ਸੱਜਣ ਲਈ ਪ੍ਰੇਰਿਤ ਕੀਤਾ। ਜਿਕਰਯੋਗ ਹੈ ਕਿ ਹਰ ਸਾਲ ਦੀ ਤਰਾਂ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਯੋਗ ਅਗਵਾਈ ਵਿਚ ਜੂਨ 1984 ਦਾ ਤੀਸਰੇ ਘੱਲੂਘਾਰੇ ਦੇ ਸ਼ਹੀਦਾਂ ਦੀ ਮਿੱਠੀ ਯਾਦ ਨੂੰ ਸਮਰਪਿਤ 41ਵਾਂ ਮਹਾਨ ਸ਼ਹੀਦੀ ਸਮਾਗਮ ਦਮਦਮੀ ਟਕਸਾਲ ਦੇ ਹੈਡਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਅੰਤਰਰਾਸ਼ਟਰੀ ਪੱਧਰ ਤੇ ਮਨਾਇਆ ਜਾ ਰਿਹਾ ਹੈ। ਜਿਸ ਤਹਿਤ 1 ਮਈ ਤੋਂ 31 ਮਈ ਤਕ ਰੋਜਾਨਾ ਵੱਖ ਵੱਖ ਨਗਰਾਂ ਵਿਚ ਸ਼ਹੀਦੀ ਦੀਵਾਨ ਸਜਾਏ ਜਾ ਰਹੇ ਹਨ। ਇਸ ਸਮੇਂ ਮੰਚ ਸੰਚਾਲਨ ਦੀ ਸੇਵਾ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਵੱਲੋਂ ਨਿਭਾਈ ਗਈ। ਇਸ ਦੌਰਾਨ ਬਹੁਤ ਗਿਣਤੀ ਵਿੱਚ ਸੰਗਤਾਂ ਨੇ ਹਾਜਰੀਆ ਭਰੀਆਂ, ਇਸ ਮੌਕੇ ਤੇ ਪਿੰਡ ਭੁੱਸੇ ਦੀ ਪੰਚਾਇਤ, ਗੁਰਦੁਆਰਾ ਸਾਹਿਬ ਦੀ ਪ੍ਰਬੰਦਕ ਕਮੇਟੀ ਹੈਡ ਗਰੰਥੀ, ਗੁਰਦੁਆਰਾ ਸਾਹਿਬ ਦੇ ਪ੍ਰਧਾਨ ਅਤੇ ਸਮੂਹ ਮੈਂਬਰ ਅਤੇ ਸੰਗਤਾਂ ਨੇ ਹਾਜਰੀਆ ਭਰੀਆਂ। ਇਸ ਮੌਕੇ ਤੇ ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਡਾ. ਅਵਤਾਰ ਸਿੰਘ ਬੁੱਟਰ (ਦੋਵੇਂ ਮੈਂਬਰ ਚੀਫ ਖਾਲਸਾ ਦੀਵਾਨ) ਗੁਰਪ੍ਰੀਤ ਸਿੰਘ ਵੈਦ ਗੁਰਦੁਆਰਾ ਰਾਮ ਥੰਮਨ ਖੁਜਾਲਾ, ਜਥੇਦਾਰ ਬਾਬਾ ਬੋਹੜ ਸਿੰਘ, ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਗਿਆਨੀ ਸੁਖਦੇਵ ਸਿੰਘ, ਜਥੇਦਾਰ ਬਾਬਾ ਬੋਹੜ ਸਿੰਘ, ਪਰੋਫੈਸਰ ਜੋਬਨਜੀਤ ਸਿੰਘ ਦਮਦਮੀ ਟਕਸਾਲ, ਭਾਈ ਭਾਗ ਸਿੰਘ ਦਮਦਮੀ ਟਕਸਾਲ, ਤਰਨਾ ਦੱਲ ਮਹਿਤਾ ਦੇ ਮੁੱਖੀ ਜਥੇਦਾਰ ਅਜੀਤ ਸਿੰਘ, ਹੈਡ ਗਰੰਥੀ ਗਿਆਨੀ ਗੁਰਦੀਪ ਸਿੰਘ ਦਮਦਮੀ ਟਕਸਾਲ, ਭਾਈ ਨਿਰਮਲ ਸਿੰਘ ਦਮਦਮੀ ਟਕਸਾਲ,ਸਰਪੰਚ ਕਸ਼ਮੀਰ ਸਿੰਘ ਕਾਲ਼ਾ, ਭਾਈ ਨਰਿੰਦਰ ਸਿੰਘ ਦਮਦਮੀ ਟਕਸਾਲ, ਸਰਪੰਚ ਹਰਜਿੰਦਰ ਸਿੰਘ ਜੱਜ,ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜਰ ਸਨ।